ਖੂਨਦਾਨ ਮਹਾਂਦਾਨ
ਸ਼੍ਰੀ ਹਰਿਕ੍ਰਿਸ਼ਨ ਚੈਰੀਟੇਬਲ ਸੁਸਾਇਟੀ
SHKCSP
ਮਨੁੱਖਤਾ ਦੀ ਸੇਵਾ ਲਈ
ਹਰ ਪਲ, ਹਰ ਘੜੀ, ਹਰ ਕਦਮ
ਆਪ ਜੀ ਦੀ ਸੇਵਾ ਵਿੱਚ
ਲੋੜਵੰਦ ਪਰਿਵਾਰਾਂ ਲਈ ਮਹੀਨਾਵਾਰ ਰਾਸ਼ਨ
Email : shkcsp@gmail.com www.shkcsp.com
M. : 98761-36031, 98552-21430, 98143-28141, 98557-32101

# ਦੇਸੀ ਪੰਜਾਬ

ਪੰਜਾਬੀਅਤ ਦਾ ਪਹਿਰੇਦਾਰ
Desi Punjab Patiala Approved By : DAVP / D.E.PAPER ਪਟਿਆਲਾ ਤੋਂ ਪ੍ਰਕਾਸ਼ਿਤ



ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ

RNI : PUNPUN/2021/80887 www.desipunjab.in DESI PUNJAB JANUARY Email : desipunjabchannel@gmail.com
ਮੁੱਖ ਸੰਪਾਦਕ : ਨਵਤੇਜ ਸਿੰਘ ਮੋ. : 97800-66060 ਸੰਪਾਦਕ : ਹਰਪ੍ਰੀਤ ਸਿੰਘ ਮਾਹੀ 9876297268 ਫੋਨ : 0175-7962519

## ਆਊਟਸੋਰਸ ਮੀਟਰ ਰੀਡਰਾਂ ਦਾ ਪਟਿਆਲਾ ਵਿਖੇ ਭਾਰੀ ਬਰਸਾਤ ਵਿੱਚ ਵੀ ਰਿਹਾ ਧਰਨਾ ਜਾਰੀ

### ਮੈਨੇਜਮੈਂਟ ਸੁੱਤਾ ਕੁੰਭਕਰਨੀ ਨੀਂਦ, ਆਉਟਸੋਰਸ ਮੁਲਾਜਮਾ ਦਾ ਮਨੁੱਖੀ ਘਾਣ ਜਾਰੀ



ਸ੍ਰੀ ਚਮਕੌਰ ਸਾਹਿਬ 27 ਜਨਵਰੀ (ਹਰਦਿਆਲ ਸਿੰਘ ਸੰਧੂ) ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਪਟਿਆਲਾ ਦੇ ਹੈੱਡ ਆਫਿਸ ਅੱਗੇ ਆਪਣੀਆਂ ਹੱਕੀ ਮੰਗਾ ਨੂੰ ਲੈਕੇ ਕੜਾਕੇ ਦੀ ਠੰਡ ਵਿੱਚ ਪਿਛਲੇ 42 ਦਿਨਾਂ ਤੋ ਆਊਟਸੋਰਸ ਮੀਟਰ ਰੀਡਰ ਧਰਨਾ ਲਗਾ ਕੇ ਬੈਠੇ ਹਨ।ਮੀਟਰ ਰੀਡਰਾਂ ਦੀ ਹੜਤਾਲ ਪਿਛਲੇ 72 ਦਿਨਾ ਤੋ ਚੱਲ ਰਹੀ ਹੈ। ਕੜਾਕੇ ਦੀ ਠੰਡ ਅਤੇ ਅੱਜ ਦੀ ਭਾਰੀ ਬਰਸਾਤ ਵਿੱਚ ਵੀ ਮੀਟਰ ਰੀਡਰਾਂ ਦਾ ਧਰਨਾ ਲਗਾਤਾਰ ਜਾਰੀ ਹੈ, ਜਿੱਥੇ ਮੀਹ ਦਾ ਪਾਣੀ ਤੰਬੂਆਂ ਵਿੱਚ ਵੜਨ ਨਾਲ ਸਾਰਾ ਕੀਮਤੀ ਸਮਾਨ ਮੀਹ ਦੇ ਪਾਣੀ ਦੀ ਲਪੇਟ ਵਿੱਚ ਆ ਕੇ ਖਰਾਬ ਹੋ ਚੁੱਕਾ ਹੈ, ਇੱਥੋ ਤੱਕ ਕਿ ਖਾਣਾ ਬਣਾਉਣ ਦੀ ਜੋ ਵਿਵਸਥਾ ਕੀਤੀ ਹੋਈ ਸੀ ਉਹ ਵੀ ਭਾਰੀ ਬਰਸਾਤ ਕਾਰਣ ਠੱਪ ਅਤੇ ਤਹਿਸ ਨਹਿਸ ਹੋ ਚੁੱਕੀ ਹੈ।ਅੱਜ ਸਾਰਾ ਦਿਨ ਧਰਨੇ ਤੇ ਹਾਜਰ ਮੀਟਰ ਰੀਡਰਾਂ ਨੂੰ ਭੁੱਖੇ ਭਾਣੇ ਰਹਿ ਕੇ ਠੰਡ ਅਤੇ ਮੀਹ ਵਿੱਚ ਗੁਜਾਰਨਾ ਪਿਆ।

ਜਥੇਬੰਦੀ ਦੇ ਸੂਬਾ ਪ੍ਰਧਾਨ ਜਤਿੰਦਰ ਸਿੰਘ ਭੰਗੂ ਵੱਲੋਂ ਦੱਸਿਆ ਗਿਆ ਕਿ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਵਾਰ ਵਾਰ ਮੀਟਿੰਗਾਂ ਕਰਨ ਉਪਰੰਤ ਵੀ ਮੀਟਰ ਰੀਡਰਾਂ ਦੀਆਂ ਮੰਗਾ ਦਾ ਕੋਈ ਠੋਸ ਅਤੇ ਪੁਖਤਾ ਹੱਲ ਨਹੀਂ ਕੀਤਾ ਜਾ ਰਿਹਾ।ਪਿਛਲੇ ਲੰਮੇ ਸਮੇਂ ਤੋਂ ਲਿਖਤੀ ਅਤੇ ਜੁਬਾਨੀ ਤੌਰ ਤੇ ਮੰਗਾ ਦਾ ਹੱਲ ਕਰਨ ਲਈ ਮੀਟਿੰਗਾਂ ਕੀਤੀਆਂ ਜਾ ਰਹੀਆਂ ਨੇ, ਪਰ ਪਰਨਾਲਾ ਓਥੇ ਦਾ ਓਥੇ।

ਜਥੇਬੰਦੀ ਵੱਲੋਂ ਸਮੂਹ ਵਿਭਾਗਾਂ ਦੇ ਆਊਟਸੋਰਸ/ਕੱਚੇ ਮੁਲਾਜਮ ਪੱਕੇ ਕਰਨ ਦੀ ਵੀ ਮੰਗ ਕੀਤੀ ਜਾ ਰਹੀ ਹੈ, ਪ੍ਰੰਤੂ ਕਾਰਪੋਰੇਟ ਕੰਪਨੀਆ ਵੱਲੋਂ ਮੁਲਾਜਮਾਂ ਦਾ ਆਰਥਿਕ ਤੇ ਮਾਨਸਿਕ ਸ਼ੋਸ਼ਣ ਕਰਨਾ ਜਾਰੀ ਹੈ, ਇਸ ਨੂੰ ਬੰਦ ਕਰਨ ਦੀ ਮੰਗ ਕੀਤੀ ਜਾ ਰਹੀ ਹੈ। ਮੈਨੇਜਮੈਂਟ ਵੱਲੋਂ ਮੰਗਾ ਦਾ ਹੱਲ ਕਰਨ ਦੀ ਬਜਾਏ ਮੰਗਾ ਦਾ ਹੱਲ ਕਰਵਾਉਣ ਵਾਲੇ ਮੁਲਾਜਮਾਂ ਨੂੰ ਕੰਪਨੀਆਂ ਨਾਲ ਮਿਲਕੇ ਨੌਕਰੀਆਂ ਤੋ ਕੱਢ ਦਿੱਤਾ ਜਾਂਦਾ ਹੈ ਜਿਸ ਨਾਲ ਮਨੁੱਖੀ ਅਧਿਕਾਰਾਂ ਦਾ ਸ਼ਰੇਆਮ ਘਾਣ ਹੋ ਰਿਹਾ ਹੈ।ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਜੇਕਰ ਮੰਗਾ ਦਾ ਕੋਈ ਹੱਲ ਜਲਦੀ ਨਹੀਂ ਕੀਤਾ ਜਾਂਦਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਉਗਰਾਹਾ ਦੇ ਕਿਸਾਨ ਆਗੂ ਬਲਰਾਜ ਜੋਸ਼ੀ, ਰਣਜੀਤ ਸਿੰਘ,ਅਵਤਾਰ ਸਿੰਘ,ਲਖਵਿੰਦਰ ਸਿੰਘ,ਹਰਜੀਤ ਸਿੰਘ,ਸੂਬਾ ਪ੍ਰਧਾਨ ਜਤਿੰਦਰ ਸਿੰਘ ਭੰਗੂ ,ਉਪ ਪ੍ਰਧਾਨ ਗੁਰਵਿੰਦਰ ਸਿੰਘ ਕਾਹਲੋਂ ਉਪ ਪ੍ਰਧਾਨ ਜਗਸੀਰ ਸਿੰਘ, ਸਕੱਤਰ ਗੁਰਦੀਪ ਸਿੰਘ ,ਮੁੱਖ ਸਲਾਹਕਾਰ ਜਸਵਿਦਰ ਸਿੰਘ, ਖਜਾਨਚੀ ਮਨਜਿੰਦਰ ਸਿੰਘ,ਖਜਾਨਚੀ ਕ੍ਰਿਸ਼ਨ ਕੁਮਾਰ, ਸਮੂਹ ਡਵੀਜ਼ਨ ਪ੍ਰਧਾਨ, ਅਤੇ ਮੀਟਰ ਰੀਡਰ ਵੱਡੀ ਗਿਣਤੀ ਵਿੱਚ ਹਾਜਿਰ

## ਸੱਜਣ ਕੁਮਾਰ ਨੂੰ ਬਰੀ ਕਰਣਾ ਇਨਸਾਫ਼ ਨਹੀਂ, ਸਗੋਂ ਇਨਸਾਫ਼ ਨਾਲ ਕੀਤਾ ਗਿਆ ਮਜ਼ਾਕ: ਭਾਈ ਸ਼ੁਭਦੀਪ ਸਿੰਘ

### ਇਹ ਕਿਸੇ ਇੱਕ ਵਿਅਕਤੀ ਦਾ ਮਾਮਲਾ ਨਹੀਂ ਇਹ ਹਜ਼ਾਰਾਂ ਨਿਰਦੋਸ਼ ਸਿੱਖਾਂ ਦੀਆਂ ਰੂਹਾਂ ਦਾ ਹੈ ਸਵਾਲ

Desi Punjab YouTube www.desipunjab.in



ਨਵੀਂ ਦਿੱਲੀ 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਇਹਨਾ ਅਦਾਲਤਾਂ ਵਿੱਚ ਖੜ੍ਹੇ ਤੇ ਬੰਦੇ ਵੀ ਰੁੱਖ ਹੋ ਗਏ, ਕੋਈ ਕਹਿ ਦਿਉ ਇਹਨਾ ਨੂੰ ਆਪਣੇ ਘਰੀਂ ਜਾਣ ਹੁਣ, ਇਹ ਕਿਨਾ ਕੁ ਚਿਰ ਇੱਥੇ ਖੜ੍ਹੇ ਰਹਿਣਗੇ, ਕੀ ਇਹ ਇਨਸਾਫ ਹਉਮੇ ਦੇ ਪੁੱਤ ਕਰਨਗੇ.? ਕੀ ਇਹ ਪੱਥਰ ਦੇ ਬੁੱਤ ਕਰਨਗੇ.? ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਸ਼ੁਭਦੀਪ ਸਿੰਘ ਜੀ ਨੇ ਕਿਹਾ ਕਿ ਦਿੱਲੀ ਵਿਖ਼ੇ ਹੋਏ ਨਵੰਬਰ 1984 ਦੇ ਸਿੱਖ ਕਤਲੇਆਮ ਦੇ ਮੁੱਖ ਦੋਸ਼ੀ ਸੱਜਣ ਕੁਮਾਰ ਨੂੰ ਬਰੀ ਕਰਣਾ ਇਨਸਾਫ਼ ਨਹੀਂ, ਸਗੋਂ ਇਨਸਾਫ਼ ਦਾ ਮਜ਼ਾਕ ਹੈ। ਕਿਉਕਿ 1984 ਦੇ ਸਿੱਖ ਕਤਲੇਆਮ ਵਰਗੇ ਘਿਨਾਉਣੇ ਅਪਰਾਧ ਵਿੱਚ, ਉਸ ਨੂੰ ਬਰੀ ਕਰਣ ਦਾ ਹੁਕਮ ਪੀੜਤਾਂ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਵਾਂਗ ਹੈ। ਸਿੱਖ ਕਤਲੇਆਮ ਨਾਲ ਸੰਬੰਧਿਤ ਸਮੂਹ ਮਾਮਲਿਆਂ ਅੰਦਰ ਗਵਾਹਾਂ ਨੂੰ ਡਰਾਇਆ-ਧਮਕਾਇਆ ਗਿਆ, ਸਬੂਤ ਨਸ਼ਟ ਕੀਤੇ ਗਏ ਅਤੇ ਫਿਰ ਕਹਿ ਦਿੱਤਾ ਗਿਆ "ਸਬੂਤ ਕਾਫ਼ੀ ਨਹੀਂ ਹਨ।" ਜੇਕਰ ਕਾਨੂੰਨੀ ਤਕਨੀਕੀ ਗੱਲਾਂ ਨਾਲ ਸੰਗਠਿਤ ਕਤਲੇਆਮ ਨੂੰ ਵੀ ਦਬਾ ਦਿੱਤਾ ਜਾਂਦਾ ਹੈ, ਤਾਂ ਫਿਰ ਇਨਸਾਫ਼ ਕਿਸਨੂੰ ਮਿਲੇਗਾ.? ਉਨ੍ਹਾਂ ਕਿਹਾ ਇਹ ਕਿਸੇ ਇੱਕ ਵਿਅਕਤੀ ਦਾ ਮਾਮਲਾ ਨਹੀਂ ਹੈ ਇਹ 1984 ਦੇ ਹਜ਼ਾਰਾਂ ਨਿਰਦੋਸ਼ ਸਿੱਖਾਂ ਦੀਆਂ ਰੂਹਾਂ ਦਾ ਸਵਾਲ ਹੈ। ਨਿਆਂਪਾਲਿਕਾ ਤੋਂ ਇੰਨਸਾਫ ਦੀ ਉੱਮੀਦ ਕੀਤੀ ਜਾਂਦੀ ਹੈ ਪਰ ਸੱਜਣ ਕੁਮਾਰ ਦੇ ਬਰੀ ਹੋਣ ਤੇ ਸਿੱਖ ਨਸਲਕੁਸ਼ੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਮਿਲਣ ਦੀ ਆਸ ਨਹੀਂ ਲੱਗਦੀ। ਗੁਰੂ ਖਾਲਸਾ ਪੰਥ ਦੇ ਪਹਿਰੇਦਾਰ ਸਿੰਘ ਸੂਰਮੇ ਹੁਣ ਫੈਸਲੇ ਲਈ ਕਿਸੇ ਵੀ ਵਿਕੀਆਂ ਹੋਈਆਂ ਅਦਾਲਤਾਂ ਪਾਸੋਂ ਨਿਆਂ ਦੀ ਉਮੀਦ ਨਾ ਰੱਖਣ ਅਤੇ ਆਪਣੇ ਫ਼ੈਸਲੇ ਆਪ ਕਰਣ ਦੀ ਸਿੱਖ ਵਿਰਾਸਤ ਨੂੰ ਮੁੜ ਸੁਰਜੀਤ ਕਰਣ ਲਈ ਅੱਗੇ ਆਉਣ ਕਿਉਕਿ ਸਿੱਖ ਇਤਿਹਾਸ ਲਹੂਭਿੱਜਿਆ ਹੋਇਆ ਹੈ । ਇਸ ਲਈ ਗੁਰੂ ਪੰਥ ਤੋਂ ਕੁਰਬਾਨ ਹੋ ਕੇ ਜੀਵਨ ਨੂੰ ਸਫਲਾ ਕਰੋ । ਉਨ੍ਹਾਂ ਦਸਿਆ ਕਿ ਆਉਣ ਵਾਲੇ ਸਮਿਆਂ ਵਿੱਚ ਸਿੱਖੀ ਉੱਤੇ ਅਨੇਕਾਂ ਮਾਰੂ ਹਮਲੇ ਹੋਣਗੇ। ਕਿਸੇ ਵੇਲੇ ਸਭ ਕੁਝ ਰੁੜ੍ਹ ਗਿਆ ਜਾਪੇਗਾ। ਅਸੁਰੀ ਸ਼ਕਤੀਆਂ ਸਭ ਕੁਝ ਨਿਗ਼ਲ ਜਾਣਗੀਆਂ। ਉਸ ਵੇਲੇ ਸਿੱਖਾਂ ਨੇ ਵਿਚਲਿਤ ਨਹੀਂ ਹੋਣਾ। ਅਡੋਲ ਰਹਿੰਦਿਆਂ ਗੁਰੂ ਭਰੋਸੇ ਚੰਗੇ ਦਿਨਾਂ ਦੀ ਆਮਦ ਦੀ ਆਸ ਟੁੱਟਣ ਨਹੀਂ ਦੇਣੀ। ਅਸਲ ਸਿੱਖੀ ਦੇ ਬੀਅ ਨੂੰ ਘੁੱਟ ਕੇ ਗਲ਼ ਨਾਲ ਲਾਈ ਰੱਖਣਾ। ਕਿਉਕਿ ਸਿੱਖੀ ਨਾਮ ਦੇ ਬੀਅ ਵਿੱਚ ਬੜੀ ਸ਼ਕਤੀ ਹੈ। ਇਸ ਲਈ ਸੰਕਟ ਸਮੇਂ ਸਭ ਤੋਂ ਵੱਧ ਸਾਂਭਣ ਵਾਲੀ ਵਸਤੂ ਬੀਅ (ਸਿੱਖੀ) ਹੀ ਹੁੰਦਾ ਹੈ।

## ਵਿਦੇਸ਼ਾਂ ਵਿਚ ਸਿੱਖਾਂ ਵਲੋਂ 26 ਜਨਵਰੀ ਮੌਕੇ ਹਿੰਦੁਸਤਾਨੀ ਐਂਬੈਸਿਆ ਦੇ ਬਾਹਰ ਭਾਰੀ ਵਿਰੋਧ ਪ੍ਰਦਰਸ਼ਨ


### ਹਿੰਦੁਸਤਾਨ ਦੀ ਮੌਜੂਦਾ ਸਰਕਾਰ 'ਤੇ ਸਿੱਖ ਆਵਾਜ਼ਾਂ ਨੂੰ ਦਬਾਉਣ ਦਾ ਦੋਸ਼ ਅਤੇ ਅੰਤਰਰਾਸ਼ਟਰੀ ਦਖਲ ਦੀ ਕੀਤੀ ਗਈ ਮੰਗ

Desi Punjab YouTube www.desipunjab.in




ਨਵੀਂ ਦਿੱਲੀ 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਲੰਡਨ, ਇਟਲੀ, ਕੈਨੇਡਾ ਦੇ ਸਰੀ, ਓਟਾਵਾ, ਅਮਰੀਕਾ, ਨਿਊਜ਼ੀਲੈਂਡ, ਆਸਟ੍ਰੇਲੀਆ, ਜਰਮਨੀ ਸਮੇਤ ਹੋਰ ਕਈ ਦੇਸ਼ਾਂ ਵਿਚ ਆਜ਼ਾਦੀਪਸੰਦ ਸਿੱਖ/ਪੰਜਾਬੀ ਖਾਲਿਸਤਾਨ ਪੱਖੀ ਨਾਅਰੇ ਲਗਾਉਂਦੇ ਹੋਏ, ਹਿੰਦੁਸਤਾਨ ਦੇ ਸ਼ਰਾਫ਼ਤ ਘਰ ਦੇ ਬਾਹਰ ਵਡੀ ਗਿਣਤੀ ਵਿਚ ਇਕੱਠੇ ਹੋਏ ਅਤੇ ਹਿੰਦੁਸਤਾਨੀ ਹਾਈ ਕਮਿਸ਼ਨ ਦੇ ਬਾਹਰ 26 ਜਨਵਰੀ ਨੂੰ 'ਕਾਲਾ ਦਿਵਸ' ਮਨਾਉਂਦੇ ਹੋਏ ਇਸ ਦਾ ਵੱਡੇ ਪੱਧਰ ਤੇ ਵਿਰੋਧ ਪ੍ਰਦਰਸ਼ਨ ਕੀਤਾ। ਖਾਲਿਸਤਾਨੀ ਪ੍ਰਦਰਸ਼ਨਕਾਰੀ ਹਿੰਦੁਸਤਾਨੀ ਸਰਕਾਰ ਵਿਰੁੱਧ ਵਿਰੋਧ ਪ੍ਰਦਰਸ਼ਨ ਕਰਨ ਲਈ ਇਕੱਠੇ ਹੋਏ, ਨਾਅਰੇਬਾਜ਼ੀ ਕਰਦੇ ਹੋਏ ਅਤੇ ਵੱਖਰੇ ਸਿੱਖ ਰਾਜ ਦੀ ਸਥਾਪਨਾ ਦੀ ਮੰਗ ਕਰਦੇ ਬੈਨਰ ਫੜ ਕੇ ਨਜਰੀ ਪੈ ਰਹੇ ਸਨ ।ਭਾਈ ਪਰਮਜੀਤ ਸਿੰਘ ਪੰਮਾ ਨੇ ਹਿੰਦੁਸਤਾਨ ਦੀਆਂ ਨੀਤੀਆਂ ਦੀ ਆਲੋਚਨਾ ਕੀਤੀ, ਖਾਸ ਕਰਕੇ ਪੰਜਾਬ ਵਿੱਚ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਅਤੇ ਘੱਟ ਗਿਣਤੀ ਸਮੂਹਾਂ ਨਾਲ ਵਿਵਹਾਰ ਦੇ ਦੋਸ਼ਾਂ ਦੀ। ਖਾਲਿਸਤਾਨੀ ਪ੍ਰਦਰਸ਼ਨਕਾਰੀਆਂ ਨੇ ਹਿੰਦੁਸਤਾਨ ਦੀ ਮੌਜੂਦਾ ਸਰਕਾਰ 'ਤੇ ਸਿੱਖ ਆਵਾਜ਼ਾਂ ਨੂੰ ਦਬਾਉਣ ਦਾ ਦੋਸ਼ ਲਗਾਇਆ ਅਤੇ ਅੰਤਰਰਾਸ਼ਟਰੀ ਦਖਲ ਦੀ ਮੰਗ ਕੀਤੀ। ਰੈਲੀ ਵਿੱਚ ਬੋਲਣ ਵਾਲਿਆਂ ਵਿੱਚ ਪ੍ਰਮੁੱਖ ਖਾਲਿਸਤਾਨ ਸਮਰਥਕ ਪਰਮਜੀਤ ਸਿੰਘ ਪੰਮਾ ਵੀ ਸ਼ਾਮਲ ਸਨ। ਭਾਈ ਪੰਮਾ, ਜੋ ਕਿ ਐਸਐਫਜੇ ਦੇ ਮੈਂਬਰ ਹਨ । ਉਨ੍ਹਾਂ ਨੇ ਕਿਹਾ ਕਿ ਸਿੱਖ ਪੰਥ ਅਜੇ ਵੀ 1984 ਦੇ ਸਿੱਖ ਕਤਲੇਆਮ ਦੀਆਂ ਘਟਨਾਵਾਂ ਤੋਂ ਗੁੱਸੇ ਵਿੱਚ ਹਨ ਦੋਸ਼ੀਆਂ ਨੂੰ ਬਰੀ ਕੀਤਾ ਜਾ ਰਿਹਾ ਹੈ ਅਤੇ ਇਸਦਾ ਇੱਕੋ ਇੱਕ ਤਰੀਕਾ "ਇੱਕ ਸੁਤੰਤਰ ਸਿੱਖ ਰਾਜ" ਦੀ ਸਿਰਜਣਾ ਹੈ। ਕੈਨੇਡਾ ਵਿਚ ਹੋਏ ਪ੍ਰਦਰਸ਼ਨ ਵਿਚ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ ਨੇ ਕਿਹਾ ਹਿੰਦੁਸਤਾਨੀ ਸਰਕਾਰ ਲੋਕਤੰਤਰ ਦੇ ਨਾਮ ਹੇਠ ਤਾਨਾਸ਼ਾਹੀ ਸਥਾਪਤ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਸਿੱਖ ਕਿੱਥੇ ਵੀ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰ ਰਹੇ ਹਨ ਅਤੇ ਅਸੀਂ ਆਪਣੇ ਹੱਕ ਚਾਹੁੰਦੇ ਹਾਂ। ਉਨ੍ਹਾਂ ਕਿਹਾ ਹਿੰਦੁਸਤਾਨੀ ਸੰਵਿਧਾਨ ਨੂੰ ਅਪਣਾਉਣ ਨਾਲ, ਸਿੱਖਾਂ ਨੇ ਆਪਣੀ ਵੱਖਰੀ ਪਛਾਣ ਗੁਆ ਦਿੱਤੀ ਅਤੇ ਉਦੋਂ ਤੋਂ ਹੀ ਸੰਵਿਧਾਨਕ ਗਲਤੀਆਂ ਨੂੰ "ਦਰੁਸਤ" ਕਰਵਾਉਣ ਲਈ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਸਿੱਖਾਂ ਦੀ ਵੱਖਰੀ ਪਛਾਣ ਨੂੰ ਧਾਰਾ 25(ਬੀ)(2) ਅਧੀਨ ਸ਼ਾਮਲ ਕੀਤਾ ਜਾ ਰਿਹਾ ਹੈ ਅਤੇ ਸਿੱਖਾਂ 'ਤੇ ਹਿੰਦੂ ਨਿੱਜੀ ਕਾਨੂੰਨ ਥੋਪੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼ "ਸੰਵਿਧਾਨ ਨੂੰ ਉਲਟਾ ਕੇ ਪੰਜਾਬ ਦੇ ਦਰਿਆਈ ਪਾਣੀਆਂ ਦੀ ਲੁੱਟ", ਸੁਰੱਖਿਆ ਬਲਾਂ ਅਤੇ ਪੁਲਿਸ ਦੀਆਂ ਗੋਲੀਆਂ ਦਾ ਸ਼ਿਕਾਰ ਹੋਏ ਸਿੱਖਾਂ ਨੂੰ ਇਨਸਾਫ਼ ਤੋਂ ਇਨਕਾਰ ਕਰਨ ਅਤੇ ਸਿੱਖ ਨਜ਼ਰਬੰਦਾਂ ਲਈ ਅਸਮਾਨ ਕਾਨੂੰਨਾਂ ਅਤੇ ਨਿਯਮਾਂ ਦਾ ਵਿਰੋਧ ਕਰਨਾ ਵੀ ਹੈ। ਰੋਸ ਮੁਜਾਹਰੇ ਵਿੱਚ ਆਜ਼ਾਦ ਸਿੱਖ ਰਾਜ ਖਾਲਿਸਤਾਨ ਦੇ ਨਿਸ਼ਾਨੇ ਨੂੰ ਸਮਰਪਿਤ ਅਤੇ ਯਤਨਸ਼ੀਲ ਸਿੱਖ ਜਥੇਬੰਦੀਆਂ ਦੇ ਸੰਗਠਨ ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ,ਕੇ ਦੇ ਕੋਆਰਡੀਨੇਟਰ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਅਤੇ ਭਾਈ ਜੋਗਾ ਸਿੰਘ, ਸਿੱਖ ਫੈਡਰੇਸ਼ਨ ਯੂ,ਕੇ ਦੇ ਆਗੂ ਭਾਈ ਨਰਿੰਦਰਜੀਤ ਸਿੰਘ ਥਾਂਦੀ,ਯੂਨਾਈਟਿਡ ਖਾਲਸਾ ਦਲ ਯੂ,ਕੇ ਦੇ ਭਾਈ ਨਿਰਮਲ ਸਿੰਘ ਸੰਧੂ, ਕੌਂਸਲ ਆਫ ਖਾਲਿਸਤਾਨ ਦੇ ਮੁਖੀ ਭਾਈ ਅਮਰੀਕ ਸਿੰਘ ਸਹੋਤਾ, ਸਿੱਖਸ ਫਾਰ ਜਸਟਿਸ ਦੇ ਆਗੂ ਭਾਈ ਦੁਪਿੰਦਰਜੀਤ ਸਿੰਘ, ਭਾਈ ਪਰਮਜੀਤ ਸਿੰਘ ਪੰਮਾ, ਭਾਈ ਰਣਜੀਤ ਸਿੰਘ ਸਰਾਏ, ਭਾਈ ਗੁਰਚਰਨ ਸਿੰਘ ਦਲ ਖਾਲਸਾ, ਭਾਈ ਬਲਵਿੰਦਰ ਸਿੰਘ ਢਿਲੋਂ, ਜਥੇਦਾਰ ਬਲਬੀਰ ਸਿੰਘ, ਗੁਰੂ ਨਾਨਕ ਸਿੰਘ ਗੁਰਦੁਆਰਾ ਤੇ ਭਾਈ ਗੁਰਮੀਤ ਸਿੰਘ ਤੂਰ, ਗੁਰਮੀਤ ਸਿੰਘ ਗਿੱਲ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਮੰਜਿੰਦਰ ਸਿੰਘ ਖਾਲਸਾ, ਭਾਈ ਅਜੇਪਾਲ ਸਿੰਘ ਸਿੱਧੂ, ਭਾਈ ਅਜੇਪਾਲ ਸਿੰਘ, ਭਾਈ ਚਰਨਜੀਤ ਸਿੰਘ, ਭਾਈ ਦਲਜੀਤ ਸਿੰਘ, ਭਾਈ ਰਜਿੰਦਰ ਸਿੰਘ ਨੱਤ, ਗੁਰਦੁਆਰਾ ਦਸ਼ਮੇਸ਼ ਦਰਬਾਰ ਸਰੀ ਦੇ ਪ੍ਰਬੰਧਕ, ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਐਬਸਫੋਰਡ ਤੋਂ ਕਰਨੈਲ ਸਿੰਘ ਟੁਟ, ਭਾਈ ਜਰਨੈਲ ਸਿੰਘ, ਭਾਈ ਰਣਜੀਤ ਸਿੰਘ, ਜਲਾਵਤਨੀ ਬਾਬਾ ਸੰਤੋਖ ਸਿੰਘ ਸਮੇਤ ਵਡੀ ਗਿਣਤੀ ਅੰਦਰ ਸਿੱਖ ਆਗੂ ਅਤੇ ਸੰਗਤਾਂ ਪਹੁੰਚੀਆਂ ਹੋਈਆ ਸਨ ।

## ਗਣਤੰਤਰ ਦਿਵਸ ਮੌਕੇ ਅਧਿਆਪਕ ਡਾ ਪਰਮਜੀਤ ਕੌਰ ਨੂੰ ਕੀਤਾ ਗਿਆ ਸਨਮਾਨਿਤ



Desi Punjab YouTube www.desipunjab.in

ਸਮਾਣਾ 27 ਜਨਵਰੀ (ਦੀਵਾਨ ਥਰੇਜਾ)ਸ਼ਹੀਦ ਫਲਾਇਟ ਲੈਫਟੀਨੈਂਟ ਮੋਹਿਤ ਕੁਮਾਰ ਗਰਗ ਸਕੂਲ ਆਫ਼ ਅਮਿਨੇਂਸ ਸਮਾਣਾ ਦੀ ਮਿਹਨਤੀ ਅਧਿਆਪਕ ਡਾ. ਪਰਮਜੀਤ ਕੌਰ ਨੂੰ ਉਹਨਾਂ ਦੀਆਂ ਸਿੱਖਿਆ ਦੇ ਖੇਤਰ ਵਿੱਚ ਪਾਏ ਗਏ ਸ਼ਲਾਘਾਯੋਗ ਯੋਗਦਾਨ ਲਈ ਗਣਤੰਤਰ ਦਿਵਸ ਉੱਪਰ ਸੂਬੇ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਜਿਲ੍ਹੇ ਦੇ ਡਿਪਟੀ ਕਮਿਸ਼ਨਰ ਵਰਜੀਤ ਸਿੰਘ ਵਾਲਿਆ ਵੱਲੋਂ ਉਚੇਚੇ ਤੌਰ ਤੇ ਸਨਮਾਨਿਤ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਡਾ. ਪਰਮਜੀਤ ਕੌਰ ਇੱਕ ਅਰਸੇ ਤੋਂ ਅਧਿਆਪਨ ਅਤੇ ਖੋਜ ਨਾਲ ਜੁੜੇ ਹੋਏ ਹਨ। ਉਹਨਾਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਪੀ-ਐੱਚ. ਡੀ. ਦੀ ਡਿਗਰੀ ਹਾਸਿਲ ਕੀਤੀ ਹੈ। ਡਾ. ਪਰਮਜੀਤ ਕੌਰ ਨੇ ਦੱਸਿਆ ਕਿ ਇਸ ਸਨਮਾਨ ਦਾ ਸਿਹਰਾ ਉਹਨਾਂ ਦੇ ਅਧਿਆਪਕਾਂ, ਅਧਿਆਪਕ ਸਾਥੀਆਂ, ਪਰਿਵਾਰ, ਅਤੇ ਵਿਦਿਆਰਥੀਆਂ ਨੂ ਜਾਂਦਾ ਹੈ। ਇਸ ਮੌਕੇ ਜਿਲ੍ਹਾ ਸਿੱਖਿਆ ਅਫਸਰ ਸੰਜੀਵ ਕੁਮਾਰ ਸ਼ਰਮਾ, ਡਿਪਟੀ ਜਿਲ੍ਹਾ ਸਿੱਖਿਆ ਅਫਸਰ ਡਾ. ਰਵਿੰਦਰ, ਅਤੇ ਅਧਿਆਪਕ ਸਾਥੀਆਂ ਵੱਲੋਂ ਉਹਨਾਂ ਨੂ ਵਧਾਈ ਦਿੱਤੀ ਗਈ।

## ਜਰਨਲਿਜ਼ਮ ਐਸੋਸੀਏਸ਼ਨ ਧੂਰੀ ਵੱਲੋ ਜਸਵਿੰਦਰ ਸਿੰਘ ਰਿਖੀ ਵੱਲੋ ਕੀਤੀ ਜਾ ਰਹੀ ਭੁੱਖ ਹੜਤਾਲ ਦਾ ਸਮਰਥਨ



Desi Punjab YouTube www.desipunjab.in

ਧੂਰੀ 27 ਜਨਵਰੀ ( ਸੁਰਿੰਦਰ ਸਿੰਘ ) ਭਾਜਪਾ ਆਗੂ ਜਸਵਿੰਦਰ ਸਿੰਘ ਰਿਖੀ ਵੱਲੋ ਪਿਛਲੀ 25 ਜਨਵਰੀ ਤੋ ਧੂਰੀ ਓਵਰਬ੍ਰਿਜ ਨੂੰ ਲੈਕੇ ਕੀਤੀ ਜਾ ਰਹੀ ਭੁੱਖ ਹੜਤਾਲ ਨੂੰ ਪੰਜਾਬ ਜਰਨਲਿਜ਼ਮ ਐਸੋਸੀਏਸ਼ਨ ਵੱਲੋ ਪ੍ਰਧਾਨ ਲਖਵੀਰ ਸਿੰਘ ਧਾਂਦਰਾ ਦੀ ਅਗਵਾਈ ਵਿੱਚ ਸਮਰਥਨ ਦਿੱਤਾ ਗਿਆ। ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਲਖਵੀਰ ਸਿੰਘ ਧਾਂਦਰਾ ਨੇ ਕਿਹਾ ਕਿ ਧੂਰੀ ਸ਼ਹਿਰ ਦੀ ਵੱਡੀ ਸਮੱਸਿਆ ਧੂਰੀ ਦੇ ਫਾਟਕ ਜਿਸ ਨਾਲ ਸ਼ਹਿਰ ਦੋ ਭਾਗਾ ਵਿੱਚ ਵੰਡਿਆ ਹੋਇਆ ਹੈ ਤੇ ਮੌਜੂਦਾ ਸਰਕਾਰ ਵਲੋ ਪਾਸ ਕੀਤਾ ਓਵਰਬ੍ਰਿਜ ਰਾਜਨੀਤੀ ਦੀ ਭੇਟ ਚੜ੍ਹਿਆ ਹੋਇਆ ਮਹਿਸੂਸ ਹੋ ਰਿਹਾ ਹੈ। ਭਾਜਪਾ ਆਗੂ ਜਸਵਿੰਦਰ ਸਿੰਘ ਰਿਖੀ ਨੇ ਵੱਲੋ ਪਾਰਟੀਬਾਜੀ ਤੋ ਉਪਰ ਉਠ ਕੇ ਸ਼ਹਿਰ ਦੀ ਮੰਗ ਨੂੰ ਚੁਕਦੇ ਹੋਏ ਭੁੱਖ ਹੜਤਾਲ ਦਾ ਐਲਾਨ ਕੀਤਾ ਤੇ ਪਿਛਲੀ 25 ਜਨਵਰੀ ਤੋ ਭੁੱਖ ਹੜਤਾਲ ਤੇ ਹੈ। ਉਹਨਾ ਕਿਹਾ ਕਿ ਸਰਕਾਰਾ ਨੂੰ ਆਪਸੀ ਤਕਰਾਰ ਨਾਲ ਸ਼ਹਿਰ ਦਾ ਨੁਕਸਾਨ ਹੋ ਰਿਹਾ ਹੈ। ਇਸ ਲਈ ਕੇਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਓਵਰਬ੍ਰਿਜ ਦੀ ਐਨ ਓ ਸੀ ਜਾਰੀ ਕਰਨੀ ਚਾਹੀਦੀ ਹੈ ਤਾਂ ਜੋ ਸ਼ਹਿਰ ਦੀ ਸਭ ਤੋ ਵੱਡੀ ਸਮੱਸਿਆ ਦਾ ਹੱਲ ਹੋ ਸਕੇ। ਇਸ ਮੌਕੇ ਮਲਕੀਤ ਸਿੰਘ ਚਾਂਗਲੀ, ਸੁਖਵਿੰਦਰ ਸਿੰਘ ਪਲਾਹਾ, ਮਹੇਸ਼ ਜਿੰਦਲ, ਸਰਬਜੀਤ ਸਿੰਘ ਨਹਿਲ , ਵਾਸੂ ਗਰਗ, ਰਾਕੇਸ਼ ਕੁਮਾਰ, ਨਰੇਸ਼ ਕੁਮਾਰ ਅੱਤਰੀ, ਹਰਨੇਕ ਸਿੰਘ ਪੇਧਨੀ, ਵਰਿੰਦਰ ਕੁਮਾਰ ਹਾਜਰ ਸਨ।

## ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਵੱਡੀ ਗਿਣਤੀ 'ਚ ਸੰਗਤਾਂ ਹੋਈਆਂ ਨਤਮਸਤਕ

Desi Punjab YouTube www.desipunjab.in

### ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖਸੀਅਤਾਂ ਨੇ ਵੀ ਭਰੀ ਹਾਜ਼ਰੀ



ਨਵੀਂ ਦਿੱਲੀ, 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਕੌਮ ਦੇ ਮਹਾਨ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਨਤਮਸਤਕ ਹੋ ਕੇ ਬਾਬਾ ਜੀ ਨੂੰ ਸਤਿਕਾਰ ਭੇਟ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਸਮੇਤ ਪ੍ਰਮੁੱਖ ਸਖਸ਼ੀਅਤਾਂ ਨੇ ਵੀ ਹਾਜ਼ਰੀ ਭਰੀ। ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਅੰਮ੍ਰਿਤ ਵੇਲੇ ਆਏ ਹੁਕਮਨਾਮੇ ਦੀ ਕਥਾ ਕੀਤੀ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੇ ਸਰਵਣ ਕਰਵਾਇਆ ਅਤੇ ਸੰਗਤ ਨਾਲ ਸ਼ਹੀਦ ਬਾਬਾ ਦੀਪ ਸਿੰਘ ਦੇ ਜੀਵਨ ਇਤਿਹਾਸ ਬਾਰੇ ਵਿਚਾਰਾਂ ਕੀਤੀਆਂ।ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਬਾਬਾ ਜੀ ਦਾ ਜੀਵਨ ਗੁਰੂ ਭਰੋਸੇ ਦੀ ਮਿਸਾਲ ਹੈ। ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਆਪਣੇ ਹੱਥ ਨਾਲ ਲਿੱਖ ਕੇ ਤਖ਼ਤ ਸਾਹਿਬਾਨ 'ਤੇ ਪ੍ਰਕਾਸ਼ ਕਰਵਾਉਣ ਦੀ ਸੇਵਾ ਕੀਤੀ। ਬਾਬਾ ਦੀਪ ਸਿੰਘ ਜੀ ਨੂੰ ਦਮਦਮੀ ਟਕਸਾਲ ਦੇ ਪਹਿਲੇ ਮੁਖੀ ਹੋਣ ਦਾ ਵੀ ਮਾਣ ਪ੍ਰਾਪਤ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬਾਬਾ ਜੀ ਨੇ ਗੁਰੂ ਆਸ਼ੇ ਅਨੁਸਾਰ ਜੀਵਨ ਬਤੀਤ ਕਰਦਿਆਂ ਗੁਰੂਧਾਮਾਂ ਦੀ ਹੋ ਰਹੀ ਬੇਹੁਰਮਤੀ ਨੂੰ ਰੋਕਣ ਲਈ ਆਪਣੀ ਸ਼ਹਾਦਤ ਦਿੱਤੀ। ਉਨ੍ਹਾਂ ਸੰਗਤ ਨੂੰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਣ ਦੀ ਅਪੀਲ ਕਰਦਿਆਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਅਤੇ ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਨ ਲਈ ਪ੍ਰੇਰਿਆ। ਇਸੇ ਦੌਰਾਨ ਸਜੇ ਧਾਰਮਿਕ ਦੀਵਾਨਾਂ ਮੌਕੇ ਸਿੱਖ ਕੌਮ ਦੇ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਨਾਲ ਜੋੜਿਆ। ਵੱਡੀ ਗਿਣਤੀ ਵਿਚ ਸੰਗਤ ਨੇ ਹਾਜ਼ਰੀ ਭਰ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ ਤੇ ਅੰਮ੍ਰਿਤ ਸੰਚਾਰ ਵੀ ਕਰਵਾਇਆ ਗਿਆ, ਜਿਸ ਵਿਚ 181 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਸਮਾਗਮਾਂ ਮੌਕੇ ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਸ. ਚਰਨਜੀਤ ਸਿੰਘ ਕਾਲੇਵਾਲ, ਭਾਈ ਅਜਾਇਬ ਸਿੰਘ ਅਭਿਆਸੀ, ਓਐਸਡੀ ਸ ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਮੈਨੇਜਰ ਸ. ਜਤਿੰਦਰਪਾਲ ਸਿੰਘ, ਮੁੱਖ ਗ੍ਰੰਥੀ ਭਾਈ ਸੁਰਜੀਤ ਸਿੰਘ ਸਭਰਾ, ਸ. ਅਮਰਬੀਰ ਸਿੰਘ ਢੋਟ, ਮੈਨੇਜਰ ਸ. ਨਰਿੰਦਰ ਸਿੰਘ, ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ ਨੇ ਵੀ ਹਾਜ਼ਰੀ ਭਰੀ।

# ਸ਼ਹਿਰ ਦੇ ਅੰਦਰ ਵੱਖ ਵੱਖ ਥਾਵਾਂ ਤੇ ਲੱਗੇ ਕੂੜੇ ਦੇ ਢੇਰ ਵੱਡੀ ਬਿਮਾਰੀ ਨੂੰ ਦਿੰਦੇ ਨੇ ਸੱਦਾ



ਗਿੱਦੜਬਾਹਾ (ਨਰਿੰਦਰ ਵਧਵਾ ) ਸ਼ਹਿਰ ਦੇ ਅੰਦਰ ਵੱਖ ਵੱਖ ਗਲੀਆਂ ਮੁਹੱਲਿਆਂ ਅਤੇ ਸ਼ਹਿਰ ਦੇ ਮੇਨ ਬਜ਼ਾਰ ਅਤੇ ਗਿੱਦੜਬਾਹਾ ਦੇ ਮੁਹੱਲਾ ਬੈਟਾਬਾਦ ਗੁਰਦਾਸ ਮਾਨ ਗਾਇਕ ਵਾਲੀ ਮੇਨ ਗਲੀ ਦੇ ਲੱਗੇ ਵੱਡੇ ਕੂੜੇ ਦੇ ਢੇਰ ਦੇ ਕਾਰਨ ਆਵਾਰਾ ਪਸ਼ੂਆਂ ਵੱਲੋਂ ਗਲੀ ਦੇ ਵਿੱਚ ਮੂੰਹ ਨਾਲ ਪਾਇਆ ਜਾਂਦਾ ਹੈ ਕੂੜੇ ਦੇ ਖਿਲਾਰਾ ਅਤੇ ਆਉਣ ਜਾਣ ਵਾਲੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦੇ ਕਰਨਾ ਪੈਂਦਾ ਹੈ ਸਾਮਣਾ ਅਤੇ ਕੂੜੇ ਦੇ ਨਾਲ ਭਿਆਂਨਕ ਬੀਮਾਰੀ ਫੈਲਣ ਦੇ ਵੀ ਡਰ ਜਿਹਾ ਬਣਿਆ ਰਹਿੰਦਾ ਹੈ ਇਸ ਸਬੰਧੀ ਮੁਹੱਲਾ ਬੈਟਾਬਾਦ ਦੇ ਨਿਵਾਸੀ ਵੱਲੋਂ ਪ੍ਰਸ਼ਾਸਨ ਅਤੇ ਨਗਰ ਕੌਂਸਲ ਦੇ ਉੱਚ ਅਧਿਕਾਰੀਆਂ ਤੋਂ ਪੂਰ ਜੋਰ ਮੰਗ ਕੀਤੀ ਜਾ ਰਹੀ ਹੈ ਕਿ ਇਸ ਵੱਲ ਜਲਦ ਤੋ ਜਲਦ ਧਿਆਨ ਦਿੱਤਾ ਜਾਵੇ ਤਾਂ ਕਿ ਕੋਈ ਭਿਆਨਕ ਬਿਮਾਰੀ ਨਾ ਫੈਲ ਜਾਵੇ

# ਲਾਭਪਾਤਰੀਆਂ ਨੂੰ ਵੰਡੇ ਗਏ ਪੈਨਸ਼ਨਾਂ ਦੇ ਮਨਜ਼ੂਰੀ ਪੱਤਰ




ਬੱਸੀ ਪਠਾਣਾਂ 27 ਜਨਵਰੀ (ਚੰਨਪ੍ਰੀਤ ਪਨੇਸਰ)ਸ਼੍ਰੋਮਣੀ ਅਕਾਲੀ ਦਲ ਵਾਰਡ ਨੰਬਰ.13 ਦੇ ਕੌਂਸਲਰ ਤੇ ਉੱਘੇ ਸਮਾਜ ਸੇਵੀ ਮਨਪ੍ਰੀਤ ਸਿੰਘ ਹੈਪੀ ਨੇ ਸਮਾਜ ਸੇਵਾ ਦੇ ਕਾਰਜਾਂ ਨੂੰ ਜਾਰੀ ਰੱਖਦੇ ਹੋਏ ਪੈਨਸ਼ਨਰਾਂ ਦੀਆਂ ਲਗਵਾਈਆਂ ਪੈਨਸ਼ਨਾਂ ਦੇ ਮਨਜ਼ੂਰੀ ਪੱਤਰ ਲਾਭਪਾਤਰੀਆਂ ਨੂੰ ਵੰਡੇ। ਇਸ ਮੌਕੇ ਮਨਪ੍ਰੀਤ ਸਿੰਘ ਹੈਪੀ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਅੱਜ ਕੁਲ 35 ਪੈਨਸ਼ਨਰਾਂ ਦੇ ਲਾਭਪਾਤਰੀਆਂ ਨੂੰ ਪੈਨਸ਼ਨ ਮਨਜ਼ੂਰੀ ਪੱਤਰ ਦਿੱਤੇ ਗਏ। ਜਿਸ ਨਾਲ ਇਹ ਲਾਭਪਾਤਰੀ ਇਸ ਪਹਿਲਕਦਮੀ ਸਦਕਾ ਜਲਦੀ ਹੀ ਮਹੀਨਾਵਾਰ ਵਿੱਤੀ ਸਹਾਇਤਾ ਪ੍ਰਾਪਤ ਕਰ ਸਕਣਗੇ। ਪੈਨਸ਼ਨਾਂ ਦੇ ਮਨਜ਼ੂਰੀ ਪੱਤਰ ਮਿਲਣ ਤੇ ਬਜ਼ੁਰਗਾਂ, ਵਿਧਵਾਵਾਂ ਅਤੇ ਅੰਗਹੀਣ ਵਿਅਕਤੀਆਂ ਦੇ ਚੇਹਰਿਆਂ ਤੇ ਆਈ ਖੁਸ਼ੀ ਬਿਆਨ ਕਰਦੀ ਸੀ ਕਿ ਉਨ੍ਹਾਂ ਲਈ ਇਹ ਪੈਨਸ਼ਨ ਕਿੰਨੀ ਵੱਡੀ ਰਾਹਤ ਲੈ ਕੇ ਆਈ ਹੈ। ਇੱਕ ਬਜੁਰਗ ਔਰਤ ਨੇ ਮਨਜ਼ੂਰੀ ਪੱਤਰ ਲੈਣ ਪਿੱਛੋਂ ਮਨਪ੍ਰੀਤ ਸਿੰਘ ਹੈਪੀ ਨੂੰ ਆਪਣੇ ਬੇਟੇ ਦੀ ਤਰ੍ਹਾਂ ਗਲੇ ਲਗਾਇਆ ਅਤੇ ਉਨ੍ਹਾਂ ਨੂੰ ਅਸ਼ੀਰਵਾਦ ਦਿੱਤਾ । ਇਸ ਮੌਕੇ ਤੇ ਮਨਪ੍ਰੀਤ ਸਿੰਘ ਹੈਪੀ ਨੇ ਕਿਹਾ ਕਿ ਸੇਵਾ ਦੇ ਮਨੋਰਥ ਨਾਲ ਹੀ ਰਾਜਨੀਤੀ ਵਿੱਚ ਆਇਆ ਹਾਂ। ਮੇਰਾ ਪੂਰਾ ਸਟਾਫ਼ ਲੋਕਾਂ ਦੀ ਮਦਦ ਲਈ ਹਮੇਸ਼ਾ ਹਾਜ਼ਰ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜਰੂਰਤਮੰਦ ਲੋਕਾਂ ਦੇ ਕੰਮ ਆ ਕੇ ਜੋ ਖੁਸ਼ੀ ਮਿਲਦੀ ਹੈ ਅਤੇ ਉਦਾਸ ਚੇਹਰੇ ਜਦੋਂ ਖੁਸ਼ੀ ਨਾਲ ਖਿਲ ਜਾਂਦੇ ਹਨ ਤਾਂ ਇਹੀ ਚੀਜ ਉਨ੍ਹਾਂ ਨੂੰ ਲਗਾਤਾਰ ਕੁਝ ਚੰਗਾ ਕਰਨ ਲਈ ਪ੍ਰੇਰਿਤ ਕਰਦੀ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਹਮੇਸ਼ਾ ਦੀ ਤਰ੍ਹਾਂ ਦਫ਼ਤਰ ਜਰੂਰਤਮੰਦ ਲੋਕਾਂ ਦੀ ਸੇਵਾ ਲਈ ਖੁੱਲ੍ਹਾ ਰਹੇਗਾ ਅਤੇ ਜੇਕਰ ਕੋਈ ਵੀ ਸਰਕਾਰੀ ਸੁਵਿਧਾ ਦਾ ਲਾਭ ਲੈਣ ਤੋਂ ਵਾਂਝਾ ਰਹਿ ਗਿਆ ਹੈ ਤਾਂ ਦਫ਼ਤਰ ਜਰੂਰ ਪਹੁੰਚਣ ਜਾ ਮੇਰੇ ਸਟਾਫ਼ ਮੈਬਰ ਨਾਲ ਸੰਪਰਕ ਕਰਨ। ਇਸ ਮੌਕੇ ਤੇ ਉਨ੍ਹਾਂ ਦੇ ਨਾਲ ਦੀਵਲ ਕੁਮਾਰ ਹੈਰੀ,ਰਾਜਨ ਮਲਹੋਤਰਾ,ਡਾ.ਦਿਵੇਸ਼ ਕੁਮਾਰ, ਪ੍ਰੀਤਿਸ਼ ਸਹੋਤਰਾ,ਸਾਹਿਲ ਕੁਮਾਰ ਵਿੱਕੀ,ਮਨੀ ਮਹਿਰਾ,ਚੇਤਨ ਰਾਜਪੂਤ ਆਸ਼ੂ, ਲਖਵਿੰਦਰ ਸਿੰਘ ਲੱਖੀ,ਚਰਨ ਦਾਸ, ਸ਼ਿੰਦਰ ਕੌਰ,ਕਮਲ ਕੁਮਾਰ, ਕਮਲਜੀਤ ਕੌਰ,ਨੀਨਾ ਰਾਣੀ,ਮੇਵਾ ਸਿੰਘ,ਬਿੰਦਰ ਕੌਰ,ਸੁਨੀਤਾ,ਹੰਸ ਰਾਜ,ਰਣਜੀਤ ਸਿੰਘ,ਦਰਸ਼ਨ ਲਾਲ,ਕੇਸ਼ੋ ਪਾਸਵਾਨ,ਚਰਨਜੀਤ ਕੌਰ ,ਸੁਸ਼ਮਾ ਰਾਣੀ ਆਦਿ ਹਾਜ਼ਰ

# ਕਨੌਜੀਆ ਮਹਾਸਭਾ ਨੇ ਵਿਧਾਇਕ ਅਜੇ ਗੁਪਤਾ ਨੂੰ ਸੌਂਪਿਆ ਮੰਗ ਪੱਤਰ; ਕਮਿਊਨਿਟੀ ਹਾਲ ਬਣਾਉਣ ਦੀ ਕੀਤੀ ਮੰਗ।

## ਵਿਧਾਇਕ ਅਜੇ ਗੁਪਤਾ ਦਾ ਭਰੋਸਾ: ਕਨੌਜੀਆ ਸਮਾਜ ਦੀਆਂ ਮੰਗਾਂ ਨੂੰ ਮੁੱਖ ਮੰਤਰੀ ਕੋਲ ਉਠਾ ਕੇ ਜਲਦ ਕਰਵਾਇਆ ਜਾਵੇਗਾ ਹੱਲ।



ਅੰਮ੍ਰਿਤਸਰ:27 ਜਨਵਰੀ ( ਗੁਰਪ੍ਰੀਤ ਸਿੰਘ ਡੱਬ)ਅੰਮ੍ਰਿਤਸਰ ਦੇ ਹਲਕਾ ਸੈਂਟਰ ਤੋਂ ਵਿਧਾਇਕ ਡਾਕਟਰ ਅਜੇ ਗੁਪਤਾ ਨਾਲ ਅੱਜ ਕਨੌਜੀਆ ਮਹਾਸਭਾ ਦੇ ਜ਼ਿਲ੍ਹਾ ਪ੍ਰਧਾਨ ਸ਼ਿਵ ਕੁਮਾਰ ਦੀ ਅਗਵਾਈ ਵਿੱਚ ਇੱਕ ਵਿਸ਼ੇਸ਼ ਵਫ਼ਦ ਨੇ ਮੁਲਾਕਾਤ ਕੀਤੀ। ਇਸ ਦੌਰਾਨ ਸਮਾਜ ਦੇ ਨੁਮਾਇੰਦਿਆਂ ਨੇ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦੇ ਸਬੰਧ ਵਿੱਚ ਮੁੱਖ ਮੰਤਰੀ ਦੇ ਨਾਂ ਇੱਕ ਮੰਗ ਪੱਤਰ ਵਿਧਾਇਕ ਗੁਪਤਾ ਨੂੰ ਸੌਂਪਿਆ।

ਮਹਾਸਭਾ ਦੇ ਪ੍ਰਧਾਨ ਸ਼ਿਵ ਕੁਮਾਰ ਨੇ ਦੱਸਿਆ ਕਿ ਕਨੌਜੀਆ (ਧੋਬੀ) ਸਮਾਜ ਪਿਛਲੇ ਲੰਬੇ ਸਮੇਂ ਤੋਂ ਸਰਕਾਰਾਂ ਦੀ ਅਣਦੇਖੀ ਦਾ ਸ਼ਿਕਾਰ ਰਿਹਾ ਹੈ। ਉਨ੍ਹਾਂ ਕਿਹਾ ਕਿ ਰੂਪਨਗਰ ਸਥਿਤ ਇਤਿਹਾਸਕ ਧੋਬੀ ਘਾਟ, ਜੋ ਅੰਗਰੇਜ਼ਾਂ ਦੇ ਸਮੇਂ ਤੋਂ ਚੱਲ ਰਿਹਾ ਹੈ, ਉੱਥੇ ਸਮਾਜਿਕ ਸਮਾਗਮਾਂ ਅਤੇ ਰੀਤੀ-ਰਿਵਾਜਾਂ ਨੂੰ ਨਿਭਾਉਣ ਲਈ ਇੱਕ ਕਮਿਊਨਿਟੀ ਹਾਲ ਦੀ ਸਖ਼ਤ ਜ਼ਰੂਰਤ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਉੱਥੇ ਨਵੇਂ ਬਾਥਰੂਮ ਬਣਾਉਣ ਦੀ ਵੀ ਮੰਗ ਰੱਖੀ। ਸ਼ਿਵ ਕੁਮਾਰ ਨੇ ਵਿਧਾਇਕ ਅਜੇ ਗੁਪਤਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਇੱਕ ਫੋਨ ਕਾਲ 'ਤੇ ਸਮਾਜ ਦੀ ਮਦਦ ਲਈ ਤਿਆਰ ਰਹਿੰਦੇ ਹਨ ਅਤੇ ਪਹਿਲਾਂ ਵੀ ਉਨ੍ਹਾਂ ਨੇ ਇਲਾਕੇ ਵਿੱਚ ਸਟਰੀਟ ਲਾਈਟਾਂ ਅਤੇ ਫਰਸ਼ ਲਗਵਾ ਕੇ ਵਿਕਾਸ ਕਾਰਜ ਕਰਵਾਏ ਹਨ।ਵਿਧਾਇਕ ਡਾਕਟਰ ਅਜੇ ਗੁਪਤਾ ਨੇ ਕਨੌਜੀਆ ਸਮਾਜ ਦੇ ਵਫ਼ਦ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣਿਆ ਅਤੇ ਉਨ੍ਹਾਂ ਨੂੰ ਪੂਰਨ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਮੰਗਾਂ ਜਾਇਜ਼ ਹਨ। ਡਾਕਟਰ ਗੁਪਤਾ ਨੇ ਕਿਹਾ, "ਕਨੌਜੀਆ ਸਮਾਜ ਹਮੇਸ਼ਾ ਹੀ ਆਮ ਆਦਮੀ ਪਾਰਟੀ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਚੱਲਿਆ ਹੈ।

ਮੈਂ ਨਿੱਜੀ ਤੌਰ 'ਤੇ ਮੁੱਖ ਮੰਤਰੀ ਭਗਵੰਤ ਮਾਨ ਜੀ ਨਾਲ ਰਾਬਤਾ ਕਾਇਮ ਕਰਕੇ ਰੂਪਨਗਰ ਧੋਬੀ ਘਾਟ ਵਿੱਚ ਕਮਿਊਨਿਟੀ ਹਾਲ ਅਤੇ ਹੋਰ ਸਹੂਲਤਾਂ ਪ੍ਰਦਾਨ ਕਰਵਾਉਣ ਲਈ ਯਤਨ ਕਰਾਂਗਾ।"ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਹਰ ਵਰਗ ਦੇ ਵਿਕਾਸ ਲਈ ਵਚਨਬੱਧ ਹੈ ਅਤੇ ਸਮਾਜ ਦੀਆਂ ਇਨ੍ਹਾਂ ਪੁਰਾਣੀਆਂ ਮੰਗਾਂ ਨੂੰ ਜਲਦ ਤੋਂ ਜਲਦ ਅਮਲੀ ਜਾਮਾ ਪਹਿਨਾਇਆ ਜਾਵੇਗਾ। ਇਸ ਮੌਕੇ ਸਮੂਹ ਕਨੌਜੀਆ ਸਮਾਜ ਨੇ ਵਿਧਾਇਕ ਅਜੇ ਗੁਪਤਾ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਵੀ ਉਨ੍ਹਾਂ ਦਾ ਸਾਥ ਦੇਣ ਦਾ ਅਹਿਦ ਲਿਆ।

ਇਸ ਮੌਕੇ ਤੇ ਪ੍ਰਧਾਨ ਸ਼ਿਵ ਕੁਮਾਰ ਬਲਰਾਜ ਓਮ ਪ੍ਰਕਾਸ਼ ਕਾਕਾ ਤਰਨ ਕਨੌਜੀਆ ਪੱਪੂ ਸਕੂਟਰਾਂ ਵਾਲੇ ਮੇਸ਼ੀ ਤਰਲੋਕ ਰਾਜ ਬਿੱਟੂ ਮੋਹਨ ਲਾਲ ਬਨਾਰਸੀ ਦਾਸ ਬਿੱਲੂ ਪਵਨ ਅਤੇ ਹੋਰ ਵੀ ਮੈਂਬਰ ਮੌਜੂਦ ਸਨ।

# ਸੀ ਐਚ ਉ ਯੂਨੀਅਨ ਸਿਵਲ ਹਸਪਤਾਲ ਵਿਖ਼ੇ ਕਰੇਗੀ ਲਗਾਤਾਰ ਰੋਸ ਪ੍ਰਦਰਸ਼ਨ -ਜੈਸਮੀਨ ਕੌਰ, ਜੁਗਰਾਜ ਕੌਰ

## ਸਿਵਲ ਸਰਜਨ ਦਫਤਰ ਵੱਲੋ ਗਣਤੰਤਰ ਦਿਵਸ 'ਤੇ ਲਵਲੀਨ ਕੌਰ ਨੂੰ ਵਿਸ਼ੇਸ ਸਨਮਾਨ ਦੇਣ ਦਾ ਕੀਤਾ ਵਿਰੋਧ







ਗੁਰਪ੍ਰੀਤ ਸਿੰਘ ਕੱਦ ਗਿੱਲਤਰਨਤਾਰਨ, 27 ਜਨਵਰੀ ਜ਼ਿਲ੍ਹੇ ਦੀਆਂ ਸਮੂਹ ਸੀ ਐਚ ਉ ਵੱਲੋ ਬੀਤੇ ਦਿਨੀ ਤਰਨਤਾਰਨ ਦੇ ਸਿਵਲ ਹਸਪਤਾਲ ਵਿਖੇ ਵੱਡੀ ਪੱਧਰ ਤੇ ਇਕੱਤਰ ਹੋ ਕੇ ਇਥੇ ਪਿਛਲੇ 15 ਸਾਲ ਤੋਂ ਤੈਨਾਤ ਡੀ ਐਮ ਈ ਉ ਲਵਲੀਨ ਕੌਰ ਵੱਲੋ ਮੀਟਿੰਗਾ ਦੌਰਾਨ ਮਾੜੀ ਸ਼ਬਦਾਵਲੀ ਬੋਲਣ ਅਤੇ ਡਿਊਟੀ ਦੌਰਾਨ ਸਸਤੇ ਸੂਟਾ ਨੂੰ ਲਿਆ ਕੇ ਮਹਿੰਗੇ ਭਾਅ ਜਬਰਦਸਤੀ ਮਹਿਲਾ ਸਟਾਫ਼ ਨੂੰ ਵੇਚਣ ਖ਼ਿਲਾਫ਼ ਰੋਸ ਧਰਨਾ ਦੇ ਕੇ ਉੱਚ ਅਧਿਕਾਰੀਆ ਪਾਸੋ ਬਣਦੀ ਕਾਰਵਾਈ ਕਰਨ ਅਤੇ ਇਥੋਂ ਇਸ ਦੀ ਤਰੁੰਤ ਬਦਲੀ ਕਰਨ ਦੀ ਮੰਗ ਕੀਤੀ ਗਈ ਸੀ।

ਜਿਸ ਦਾ ਅਜੇ ਕੋਈ ਇਨਸਾਫ਼ ਨਾ ਮਿਲਣ ਤੇ ਅਜੇ ਉਸ ਵਿਰੁੱਧ ਸੰਘਰਸ਼ ਦੀਆਂ ਤਿਆਰੀਆਂ ਚੱਲ ਹੀ ਰਹੀਆਂ ਤੇ ਸਿਵਲ ਸਰਜਨ ਵੱਲੋ ਤਰਨਤਾਰਨ ਵਿਖੇ ਗਣਤੰਤਰ ਦਿਵਸ ਤੇ ਕਰਵਾਏ ਗਏ ਇੱਕ ਸਮਾਗਮ ਦੌਰਾਨ ਡੀ ਐਮ ਈ ਉ ਲਵਲੀਨ ਕੌਰ ਨੂੰ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਵੱਲੋ ਵਧੀਆ ਸੇਵਾਵਾ ਦੇਣ ਦੇ ਨਾਂ ਤੇ ਮੁੜ ਪ੍ਰਸੰਸਾ ਪੱਤਰ ਦੇ ਸਨਮਾਨਿਤ ਕੀਤਾ ਗਿਆ ਜਿਸ ਤੇ ਭਾਰੀ ਰੋਸ ਜਿਤਾਉਦੀਆ ਕਮਿਉਨਿਟੀ ਹੈਲਥ ਅਫਸਰ ਐਸੋਸੀਏਸ਼ਨ ਵੱਲੋ ਸਖਤ ਵਿਰੋਧ ਕਰਦਿਆਂ ਉਕਤ ਮਾਮਲੇ ਦਾ ਜਲਦ ਹੱਲ ਕਰਕੇ ਉਕਤ ਮਹਿਲਾ ਖਿਲਾਫ਼ ਜਲਦ ਇਥੋਂ ਤਬਦੀਲ ਕਰਨ ਦੀ ਮੰਗ ਕੀਤੀ ਗਈ।

ਇਸ ਸਬੰਧੀ ਗੱਲਬਾਤ ਕਰਦਿਆਂ ਕੰਮਿਊਨਟੀ ਹੈਲਥ ਅਫ਼ਸਰ ਐਸੋਸੀਏਸਨ ਤਰਨਤਾਰਨ ਦੇ ਜਿਲ੍ਹਾ ਪ੍ਰਧਾਨ ਜੈਸਮੀਨ ਕੌਰ ਅਤੇ ਜੁਗਰਾਜ ਕੌਰ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਪਿਛਲੇ 6 ਸਾਲਾਂ ਤੋਂ ਪਿੰਡਾਂ ਦੇ ਵਿੱਚ ਕੰਮਿਊਨਟੀ ਹੈਲਥ ਅਫ਼ਸਰਾ ਵਲੋਂ ਸਿਹਤ ਸੇਵਾਵਾਂ ਦਿੱਤੀਆ ਜਾ ਰਹੀਆਂ ਹਨ। ਜਿਸ ਵਿੱਚ ਮੁੱਖ ਰੂਪ ਤੇ ਨਾਨ ਕੰਮਿਊਨਟੀ ਬਿਮਾਰੀਆਂ ਦੀ ਰੋਕਥਾਮ ਅਤੇ ਇਲਾਜ, ਬੱਚਾ - ਬੱਚਾ ਸਿਹਤ ਸੇਵਾਵਾਂ, ਲਗਭਗ ਸਾਰੇ ਨੈਸ਼ਨਲ ਹੈਲਥ ਪ੍ਰੋਗਰਾਮ ਆਦਿ ਆਉਂਦੇ ਹਨ। ਇਸੇ ਕਰਕੇ ਹੀ ਜਦੋਂ ਦੀ ਕੰਮਿਊਨਟੀ ਹੈਲਥ ਅਫਸਰਾਂ, ਦੀ ਭਰਤੀ ਕੀਤੀ ਗਈ ਹੈ, ਉਦੋਂ ਤੋਂ ਪਿੰਡਾਂ ਵਿੱਚ ਸਿਹਤ ਦੇ ਪਿਆਰ ਵਿੱਚ ਕਾਫੀ ਸੁਧਾਰ ਹੋਇਆ ਹੈ ਤੇ ਸਮੂਹ ਕੰਪਿਊਨਟੀ ਹੈਲਥ ਅਫਸਰ ਆਪਣੀ ਇਮਾਨਦਾਰੀ ਅਤੇ ਮਿਹਨਤ ਦੇ ਨਾਲ ਇਹ ਸੇਵਾਵਾਂ ਪਿੰਡਾਂ ਦੇ ਲੋਕਾਂ ਨੂੰ ਦੇ ਰਹੇ ਹਨ। ਪਰ ਪਰ ਉੱਚ ਅਧਿਕਾਰੀਆ ਵੱਲੋ ਇਨ੍ਹਾਂ ਦੇ ਕੰਮ ਦੀ ਹੌਂਸਲਾ ਅਫ਼ਜਾਈ ਕਰਨ ਦੀ ਬਜਾਏ ਉਲਟ ਮਾਨਸਿਕ ਤੌਰ ' ਤੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ । ਉਨ੍ਹਾਂ ਕਿਹਾ ਤਰਨਤਾਰਨ ਸਿਵਲ ਹਸਪਤਾਲ ਵਿਖੇ ਤੈਨਾਤ ਲਵਲੀਨ ਕੌਰ (ਡੀ ਐਮ ਈ ਓ.) ਵੱਲੋ ਜਿਲ੍ਹਾ ਤਰਨ ਤਾਰਨ ਵਲੋਂ ਇੱਕ ਦਫ਼ਤਰੀ ਮੀਟਿੰਗ ਦੌਰਾਨ ਕੰਮਿਊਨਟੀ ਹੈਲਥ ਅਫਸਰਾਂ ਨੂੰ ਬਹੁਤ ਹੀ ਨਿੰਦਣਯੋਗ ਭਾਸ਼ਾ ਵਿੱਚ ਸੰਬੋਧਿਤ ਕੀਤਾ ਜਾਂਦਾ ਹੈ, ਇਥੋਂ ਤੱਕ ਕੇ ਨੌਕਰੀ ਵਿੱਚ ਕਢਵਾ ਦੇਣ ਦੀਆਂ ਧਮਕੀਆਂ ਤੱਕ ਦਿੱਤੀਆਂ ਗਈਆ । ਸਾਡੇ ਮਾਪਿਆਂ ਪ੍ਰਤੀ ਵੀ ਮਾੜੀ ਸ਼ਬਦਾਵਲੀ ਬੋਲੀ ਗਈ ਜਿਸ ਨਾਲ ਕੰਮਿਊਨਟੀ ਹੈਲਥ ਅਫਸਰਾਂ ਦੇ ਵਿੱਚ ਡਰ ਤੇ ਰੋਸ ਦਾ ਸਹਿਮ ਦਾ ਮਾਹੌਲ ਹੈ ਬਣਿਆ ਪਿਆ ਹੈ। ਉਨ੍ਹਾਂ ਦੱਸਿਆ ਕਿ ਲਵਲੀਨ ਕੌਰ ਸਥਾਨਕ ਸਿਵਲ ਹਸਪਤਾਲ ਵਿਖੇ ਪਿਛਲੇ 15 ਸਾਲ ਤੋਂ ਲਗਾਤਾਰ ਆਪਣੀਆਂ ਸੇਵਾਵਾਂ ਨਿਭਾ ਰਹੇ ਡੀ ਐਮ ਈ ਉ ਲਵਲੀਨ ਕੌਰ ਖਿਲਾਫ ਧਰਨਾ ਦੇ ਰਹੇ ਸਟਾਫ਼ ਨੇ ਉਨ੍ਹਾਂ ਵੱਲੋ ਆਨਲਾਈਨ ਵੇਚੇ ਜਾ ਰਹੇ ਸੂਟਾ ਬਾਰੇ ਜਾਣਕਾਰੀ ਦਿੰਦੇ ਦੱਸਿਆ ਕਿ ਇਸ ਮੈਡਮ ਵੱਲੋ ਜ਼ਿਲ੍ਹੇ ਵਿੱਚ ਤੈਨਾਤ ਔਰਤ ਸਟਾਫ ਨੂੰ ਵੇਚੇ ਜਾਂਦੇ ਹਨ ਸੂਟ ਅਤੇ ਜੇਕਰ ਕੋਈ ਕੋਈ ਲੜਕੀ ਇਹਨਾਂ ਪਾਸੋਂ ਸੂਟ ਨਾ ਖਰੀਦੀ ਤਾਂ ਉਸ ਨੂੰ ਮੀਟਿੰਗ ਵਿੱਚ ਬੁਰੀ ਤਰ੍ਹਾਂ ਹਿਰਾਸ ਕੀਤਾ ਜਾਂਦਾ ਅਤੇ ਮੀਟਿੰਗ ਦੌਰਾਨ ਉਸ ਨਾਲ ਮੰਦੀ ਸ਼ਬਦਾਵਲੀ ਬੋਲੀ ਜਾਂਦੀ ਤੇ ਉਸ ਨੂੰ ਬੁਰੀ ਤਰਾਂ ਸਾਰਿਆਂ ਦੇ ਸਾਹਮਣੇ ਜਲੀਲ ਕੀਤਾ ਜਾਂਦਾ। ਜਿਸ ਦਾ ਯੂਨੀਅਨ ਵੱਲੋਂ ਡੱਟ ਕੇ ਵਿਰੋਧ ਵਿਰੋਧ ਹੋਣ ਦੇ ਬਾਵਜੂਦ ਵੀ ਗਣਤੰਤਰ ਦਿਵਸ ਤੇ ਡੀ ਐਮ ਈ ਉ ਲਵਲੀਨ ਕੌਰ ਨੂੰ ਵਧੀਆ ਸੇਵਾਵਾਂ ਬਦਲੇ ਸਨਮਾਨਿਤ ਕੀਤਾ ਗਿਆ ਜੋ ਕਿ ਸਾਡੇ ਨਾਲ ਬੇਇਨਸਾਫੀ ਹੈ। ਉੱਚ ਅਧਿਕਾਰੀ ਉਸ ਨੂੰ ਜਾਣ ਬੁਜ ਕੇ ਬਚਾ ਰਹੇ ਹਨ ਉਨ੍ਹਾਂ ਕਿਹਾ ਕਿ ਅਸੀਂ ਆਉਣ ਵਾਲੇ ਦਿਨਾਂ ਵਿੱਚ ਇਸ ਖਿਲਾਫ ਵੱਡਾ ਉਲੀਕ ਕੇ ਆਪਣਾ ਆਪਣਾ ਸੰਘਰਸ਼ ਉਦੋਂ ਤੱਕ ਜਾਰੀ ਰੱਖਾਂਗੇ ਜਦੋਂ ਤੱਕ ਸਾਨੂੰ ਇਨਸਾਫ ਨਹੀਂ ਮਿਲ ਜਾਂਦਾ।

*ਕੀ ਕਹਿੰਦੇ ਹਨ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ* ਇਸ ਸਬੰਧੀ ਜਦ ਸਿਵਲ ਸਰਜਨ ਡਾਕਟਰ ਗੁਰਪ੍ਰੀਤ ਸਿੰਘ ਰਾਏ ਨਾਲ ਫੋਨ ਰਾਹੀਂ ਗੱਲਬਾਤ ਕੀਤੀ ਗਈ ਤਾਂ ਉਨਾਂ ਕਿਹਾ ਕਿ ਲਵਲੀਨ ਕੌਰ ਵੱਲੋ ਪਿਛਲੇ ਸਮੇਂ ਦੌਰਾਨ ਨਿਭਾਈਆਂ ਚੰਗੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਹੋਇਆਂ ਤਰਨਤਾਰਨ ਤੇ ਸਿਵਲ ਹਸਪਤਾਲ ਵਿਖੇ ਮਨਾਏ ਗਏ ਗਣਤੰਤਰ ਦਿਵਸ ਮੌਕੇ ਸਨਮਾਨਿਤ ਕੀਤਾ ਗਿਆ।

# ਨੈਸ਼ਨਲ ਹਾਈਵੇ ਤੇ ਮੀਂਹ ਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਲੋਕਾਂ ਵਿੱਚ ਹਾਦਸੇ ਹੋਣ ਦਾ ਡਰ

## ਨੈਸ਼ਨਲ ਹਾਈਵੇ ਅਥਾਰਟੀ ਨਿਕਾਸੀ ਦਾ ਹੱਲ ਨਾ ਕਰਨ 'ਚ ਬੁਰੀ ਤਰ੍ਹਾਂ ਨਾਲ ਫੇਲ੍ਹ

## ਆਉਣ ਜਾਣ ਵਾਲੇ ਵਾਹਨ ਚਾਲਕਾਂ ਤੇ ਰਾਹਗੀਰਾਂ ਨੂੰ ਝੱਲਣੀ ਪੈ ਰਹੀ ਵੱਡੀ ਦਿੱਕਤ



ਨਵਾਂਸ਼ਹਿਰ /ਕਾਠਗੜ੍ਹ 27 ਜਨਵਰੀ ( ਜਤਿੰਦਰ ਪਾਲ ਸਿੰਘ ਕਲੇਰ ) ਨੈਸ਼ਨਲ ਹਾਈਵੇ ਤੇ ਮੀਂਹ ਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਲੋਕ ਖਾਸੇ ਹੀ ਪਰੇਸ਼ਾਨ ਹਨ | ਜਦਕਿ ਨੈਸ਼ਨਲ ਹਾਈਵੇ ਅਥਾਰਟੀ ਇਸ ਪਾਣੀ ਦੀ ਨਿਕਾਸੀ ਕਰਨ ਵਿੱਚ ਬੁਰੀ ਤਰ੍ਹਾਂ ਨਾਲ ਫੇਲ੍ਹ ਸਾਬਤ ਹੋ ਰਹੀ ਹੈ | ਜਦਕਿ ਇਸ ਨਿਕਾਸੀ ਦਾ ਹੱਲ ਨਾ ਹੋਣ ਦਾ ਖਮਿਆਜ਼ਾ ਰੋਜ਼ਾਨਾ ਸੈਂਕੜੇ ਦੀ ਤਦਾਂਦ ਵਿੱਚ ਇਹਨਾਂ ਸੜਕਾਂ ਤੋਂ ਲੰਘਣ ਵਾਲੇ ਵਾਹਨ ਚਾਲਕਾਂ ਨੂੰ ਭੁਗਤਣਾ ਪੈ ਰਿਹਾ ਹੈ | ਜਦ ਗੱਡੀਆਂ ਪੂਰੀ ਸਪੀਡ ਨਾਲ ਸੜਕ ਤੋਂ ਲੰਘਦੀਆਂ ਹਨ ਤੇ ਸੜਕ ਤੇ ਖੜ੍ਹਾ ਮੀਂਹ ਦਾ ਪਾਣੀ ਸਿੱਧਾ ਗੱਡੀਆਂ ਦੇ ਸ਼ੀਸ਼ੀਆਂ ਤੇ ਵੱਜਦਾ ਹੈ।ਵਰਨਣਯੋਗ ਇਹ ਹੈ ਕਿ ਇਹ ਪ੍ਰੇਸ਼ਾਨੀ ਉਦੋਂ ਹੀ ਆਉਂਦੀ ਹੈ। ਜਦੋਂ ਮੀਂਹ ਪਹਿੰਦਾ ਹੈ ਤਾਂ ਦੇਖਣ ਨੂੰ ਮਿਲਦਾ ਹੈ ਇਹ ਸੜਕ ਤੇ ਖੜ੍ਹਾ ਪਾਣੀ ਅਚਾਨਕ ਸ਼ੀਸੇ ਵਿੱਚ ਵੱਜਣ ਨਾਲ ਡਰਾਈਵਰ ਕੋਲੋਂ ਇੱਕ ਦਮ ਵਾਹਨ ਬੈਕਾਬੂ ਹੋ ਕੇ ਸੜਕ ਤੇ ਲੱਗੀ ਰੇਲਿੰਗ ਨਾਲ ਟਕਰਾ ਜਾਂਦਾ ਜਾਂ ਕਈ ਵਾਰ ਦੂਸਰੀਆਂ ਗੱਡੀਆਂ ਨਾਲ ਟਰਕਾ ਜਾਂਦੀਆਂ ਹਨ।ਜਿਸ ਨਾਲ ਕਈ ਹਾਦਸੇ ਵੀ ਹੋ ਚੁੱਕੇ ਅਤੇ ਗੱਡੀਆਂ ਬੁਰੀ ਤਰ੍ਹਾਂ ਨਾਲ ਨੁਕਸਾਨੀਆ ਜਾਦੀਆਂ ਹਨ । ਲੇਕਿਨ ਨੈਸ਼ਨਲ ਹਾਈਵੇ ਅਥਾਰਟੀ ਨੇ ਕੋਈ ਸਬਕ ਨਹੀਂ ਲਿਆ | ਜਦਕਿ ਨੈਸ਼ਨਲ ਹਾਈਵੇ ਰੋਜ਼ਾਨਾ ਲੋਕਾਂ ਤੋਂ ਐਨੇ ਮੋਟੇ ਟੋਲ ਵਸੂਲਦੇ ਹਨ ।ਪਰ ਇਸਨੂੰ ਪੂਰੀ ਤਰ੍ਹਾਂ ਨਾਲ ਮੇਨਟੇਨ ਰੱਖਣ ਨੈਸ਼ਨਲ ਹਾਈਵੇ ਅਥਾਰਟੀ ਦੇ ਅਧਿਕਾਰੀਆ ਦੀ ਜਿੰਮੇਦਾਰੀ ਹੁੰਦੀ ਹੈ ਲੇਕਿਨ ਇਥੇ ਸਮੱਸਿਆ ਜਿਵੇਂ ਦੀ ਤਿਵੇ ਬਰਕਰਾਰ ਹੈ | ਇਲਾਕੇ ਦੇ ਲੋਕਾਂ ਨੇ ਜਿਲ੍ਹਾਂ ਪ੍ਰਸ਼ਾਸਨ ਤੋ ਮੰਗ ਕੀਤੀ ਹੈ ਨੈਸ਼ਨਲ ਹਾਈਵੇ ਤੇ ਖੜ੍ਹੇ ਇਸ ਪਾਣੀ ਦੀ ਨਿਕਾਸੀ ਦਾ ਤੁਰੰਤ ਹੱਲ ਕੀਤਾ ਜਾਵੇ|

ਜਦੋਂ ਇਸ ਸਬੰਧ ਵਿੱਚ ਨੈਸ਼ਨਲ ਹਾਈਵੇ ਅਥਾਰਟੀ ਦੇ ਅਧਿਕਾਰੀ ਅਭਿਸ਼ੇਕ ਗੋਇਲ ਨਾਲ ਫੋਨ ਦੇ ਗੱਲਬਾਤ ਕੀਤੀ ਤਾਂ ਉਨ੍ਹਾਂ ਨੇ ਕਿਹਾ ਕਿ ਤੁਸੀਂ ਜਗ੍ਹਾ ਦੱਸੋ ਕਿ ਪਾਣੀ ਕਿੱਥੇ ਖੜ੍ਹਾ ਹੈ। ਪਰ ਉਹਨਾਂ ਤਾਂ ਹੀ ਦੱਸਿਆਂ ਜਾਵੇ ਜੇਕਰ ਆਸਰੋਂ ਤੋਂ ਲੈ ਕੇ ਕਾਠਗੜ੍ਹ ਮੋੜ ਤੱਕ ਨੈਸ਼ਨਲ ਹਾਈਵੇ ਤੇ ਹਰ ਪਾਸੇ ਪਾਣੀ ਦੀ ਨਿਕਾਸੀ ਨਾ ਹੋਣ ਕਰਕੇ ਪਾਣੀ ਖੜ੍ਹਾ ਹਾਦਸਿਆਂ ਨੂੰ ਸੱਦਾ ਦੇ ਰਿਹਾ ਹੈ ।ਪਰ ਫਿਰ ਉਨ੍ਹਾਂ ਨੇ ਇਹ ਕਹਿ ਕੇ ਫੋਨ ਕੱਟ ਦਿੱਤਾ ਕਿ ਅਸੀਂ ਉਸ ਨੂੰ ਚੈਕ ਕਰਵਾਉਂਦੇ ਹਾਂ। ਜਦੋਂ ਲੋਕਾਂ ਦੀ ਇਸ ਤਕਲੀਫ਼ ਸਬੰਧੀ ਐਸ ਡੀ ਐਮ ਮੈਡਮ ਕ੍ਰਿਤਿਕਾ ਗੋਇਲ ਬਲਾਚੌਰ ਨਾਲ ਗੱਲਬਾਤ ਕੀਤੀ ਤਾ ਉਨ੍ਹਾਂ ਕਿਹਾ ਕੇ ਇਸ ਸਬੰਧ ਵਿੱਚ ਮੈ ਹੁਣੇ ਹੀ ਨੈਸ਼ਨਲ ਹਾਈਵੇ ਅਥਾਰਟੀ ਦੇ ਉੱਚ ਅਧਿਕਾਰੀਆਂ ਨਾਲ ਗੱਲ ਕਰਕੇ ਉਨ੍ਹਾਂ ਨੂੰ ਕਹਿੰਦੀ ਹਾਂ ਕੇ ਰੋਪੜ੍ਹ ਬਲਾਚੌਰ ਨੈਸ਼ਨਲ ਹਾਈਵੇ ਰੋਡ ਤੇ ਜਿੱਥੇ ਵੀ ਕਿਤੇ ਮੀਂਹ ਦਾ ਪਾਣੀ ਖੜ੍ਹਦਾ ਹੋਵੇ ਉਸ ਦੀ ਤਰੁੰਤ ਨਿਕਾਸੀ ਯਕੀਨੀ ਬਣਾਈ ਜਾਵੇ। ਤਾਂ ਲੋਕ ਮੀਂਹ ਦੌਰਾਨ ਭਿਆਨਕ ਹਾਦਸਿਆਂ ਤੋਂ ਬਚ ਸਕਣ ਦਾ ਹੈ

# ਕਾਨਪੁਰ ਦੇਹਾਤ ਵਿੱਚ ਹੁਣ ਤੱਕ ਠੰਢ ਕਾਰਨ ਆਜ਼ਾਦੀ ਘੁਲਾਟੀਆਂ ਅਤੇ ਬਜ਼ੁਰਗਾਂ ਸਮੇਤ 34 ਲੋਕਾਂ ਦੀ ਮੌਤ ਹੋ ਚੁੱਕੀ ਹੈ।

ਸੁਨੀਲ ਬਾਜਪਾਈਕਾਨਪੁਰ: ਸੀਤ ਲਹਿਰ ਜਾਰੀ ਹੈ।ਸਾਹ ਦੇ ਮਰੀਜ਼ਾਂ, ਕਿਸਾਨਾਂ, ਬੱਚਿਆਂ ਅਤੇ ਬਜ਼ੁਰਗਾਂ ਲਈਬਹੁਤ ਜ਼ਿਆਦਾ ਠੰਢ ਘਾਤਕ ਸਾਬਤ ਹੋ ਰਹੀ ਹੈ, ਅਤੇ ਇਸ ਸਮੇਂ ਦੌਰਾਨ ਇੱਕ ਆਜ਼ਾਦੀ ਘੁਲਾਟੀਏ ਅਤੇ ਇੱਕ ਬਜ਼ੁਰਗ ਵਿਅਕਤੀ ਦੀ ਵੀ ਮੌਤ ਹੋ ਗਈ ਹੈ। ਕਾਨਪੁਰ ਦਿਹਾਤੀ ਵਿੱਚ ਠੰਢ ਕਾਰਨ ਕੁੱਲ 34 ਲੋਕਾਂ ਦੀ ਮੌਤ ਹੋ ਗਈ ਹੈ। ਪੁਲਿਸ ਨੇ ਕਿਹਾ ਕਿ ਆਜ਼ਾਦੀ ਘੁਲਾਟੀਏ ਦੀ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ।

ਘਟਨਾ ਬਾਰੇ ਮਿਲੀ ਜਾਣਕਾਰੀ ਦੇ ਅਨੁਸਾਰ, ਸ਼ਿਵਲੀ ਥਾਣਾ ਖੇਤਰ ਦੇ ਲਾਲਪੁਰ ਸ਼ਿਵਰਾਜਪੁਰ ਦੇ ਰਹਿਣ ਵਾਲੇ ਇੱਕ ਸਿਪਾਹੀ ਦੇ ਪੁੱਤਰ ਅਤੇ ਰਸੂਲਾਬਾਦ ਥਾਣਾ ਖੇਤਰ ਦੇ ਉਸਰੀ ਪਿੰਡ ਵਿੱਚ ਰਹਿਣ ਵਾਲੇ ਇੱਕ ਬਜ਼ੁਰਗ ਵਿਅਕਤੀ ਦੀ ਛਾਤੀ ਵਿੱਚ ਅਚਾਨਕ ਤੇਜ਼ ਦਰਦ ਕਾਰਨ ਮੌਤ ਹੋ ਗਈ। ਇਨ੍ਹਾਂ ਦੋ ਮੌਤਾਂ ਦੇ ਨਾਲ, ਕਾਨਪੁਰ ਦੇਹਾਤ ਜ਼ਿਲ੍ਹੇ ਵਿੱਚ ਜ਼ੁਕਾਮ ਅਤੇ ਛਾਤੀ ਵਿੱਚ ਦਰਦ ਕਾਰਨ ਹੋਈਆਂ ਮੌਤਾਂ ਦੀ ਗਿਣਤੀ 34 ਹੋ ਗਈ ਹੈ।ਪੁਲਿਸ ਨੇ ਦੱਸਿਆ ਕਿ ਰਸੂਲਾਬਾਦ ਥਾਣਾ ਖੇਤਰ ਦੇ ਉਸਰੀ ਪਿੰਡ ਦੇ ਰਹਿਣ ਵਾਲੇ ਵੇਦ ਪ੍ਰਕਾਸ਼ ਗੌਤਮ ਨੂੰ ਅਚਾਨਕ ਛਾਤੀ ਵਿੱਚ ਤੇਜ਼ ਦਰਦ ਹੋਇਆ, ਜਿਸ ਕਾਰਨ ਉਸਦੀ ਹਾਲਤ ਵਿਗੜ ਗਈ। ਉਸਦੇ ਪਰਿਵਾਰ ਵਾਲੇ ਉਸਨੂੰ ਗੰਭੀਰ ਹਾਲਤ ਵਿੱਚ ਰਸੂਲਾਬਾਦ ਸੀਐਚਸੀ ਲੈ ਗਏ। ਉੱਥੇ ਡਾਕਟਰ ਨੇ ਜਾਂਚ ਤੋਂ ਬਾਅਦ ਉਸਨੂੰ ਮ੍ਰਿਤਕ ਐਲਾਨ ਦਿੱਤਾ। ਰਸੂਲਾਬਾਦ ਇੰਸਪੈਕਟਰ ਸਤੀਸ਼ ਕੁਮਾਰ ਸਿੰਘ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਚੱਲਦਾ ਹੈ ਕਿ ਘਟਨਾ ਦਾ ਕਾਰਨ ਦਿਲ ਦਾ ਦੌਰਾ ਸੀ। ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਅੱਗੇ ਦੀ ਕਾਰਵਾਈ ਕੀਤੀ ਜਾਵੇਗੀ।

ਇਸੇ ਤਰ੍ਹਾਂ ਸ਼ਿਵਲੀ ਕੋਤਵਾਲੀ ਇਲਾਕੇ ਦੇ ਲਾਲਪੁਰ ਸ਼ਿਵਰਾਜਪੁਰ ਪਿੰਡ ਦੇ ਗਾਂਧੀ ਪਲੇਟਫਾਰਮ 'ਤੇ ਆਯੋਜਿਤ ਗਣਤੰਤਰ ਦਿਵਸ ਸਮਾਗਮ ਵਿੱਚ ਆਪਣੇ ਸੰਬੋਧਨ ਤੋਂ ਬਾਅਦ, ਆਪਣੇ ਆਜ਼ਾਦੀ ਘੁਲਾਟੀਏ ਪਿਤਾ ਸਵਰਗੀ ਗੋਕੁਲ ਪ੍ਰਸਾਦ ਚੌਰਸੀਆ ਨੂੰ ਸ਼ਰਧਾਂਜਲੀ ਦਿੰਦੇ ਸਮੇਂ, ਉਨ੍ਹਾਂ ਦਾ ਪੁੱਤਰ ਰਾਮਸੇਵਕ ਚੌਰਸੀਆ ਅਚਾਨਕ ਬੇਹੋਸ਼ ਹੋ ਗਿਆ ਅਤੇ ਡਿੱਗ ਪਿਆ। ਜਦੋਂ ਉਨ੍ਹਾਂ ਦਾ ਪਰਿਵਾਰ ਉਨ੍ਹਾਂ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲੈ ਜਾ ਰਿਹਾ ਸੀ, ਤਾਂ ਰਸਤੇ ਵਿੱਚ ਹੀ ਉਨ੍ਹਾਂ ਦੀ ਮੌਤ ਹੋ ਗਈ। ਜਿਵੇਂ ਹੀ ਲਾਸ਼ ਵਾਪਸ ਆਈ, ਉਨ੍ਹਾਂ ਦੇ ਘਰ ਵਿੱਚ ਹਫੜਾ-ਦਫੜੀ ਮੱਚ ਗਈ। ਐਸਡੀਐਮ ਰਾਜ ਕੁਮਾਰ ਪਾਂਡੇ ਅਤੇ ਚੌਕੀ ਇੰਚਾਰਜ ਮਠ ਨਰਿੰਦਰ ਸਿੰਘ ਮੌਕੇ 'ਤੇ ਪਹੁੰਚੇ ਅਤੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਤੋਂ ਬਾਅਦ ਪਰਿਵਾਰਕ ਮੈਂਬਰਾਂ ਨੇ ਬਿਠੂਰ ਵਿੱਚ ਉਨ੍ਹਾਂ ਦੀ ਲਾਸ਼ ਦਾ ਅੰਤਿਮ ਸੰਸਕਾਰ ਕੀਤਾ।

# ਗਊਸ਼ਾਲਾ ਬੱਸੀ ਪਠਾਣਾਂ 'ਚ ਲਗਾਇਆ ਗਿਆ ਗਊ ਭਲਾਈ ਕੈਂਪ




ਬਸੀ ਪਠਾਣਾਂ, 27 ਜਨਵਰੀ (ਚੰਨਪ੍ਰੀਤ ਪਨੇਸਰ) ਗਊਸ਼ਾਲਾ ਬੱਸੀ ਪਠਾਣਾਂ ਵਿਖੇ ਸੀਨੀਅਰ ਵੈਟਰਨਰੀ ਅਫਸਰ ਡਾ.ਸਤਨਾਮ ਸਿੰਘ ਦੀ ਅਗਵਾਈ ਹੇਠ ਪਸ਼ੂ ਪਾਲਣ ਵਿਭਾਗ ਵੱਲੋਂ ਗਊ ਭਲਾਈ ਕੈਂਪ ਲਗਾਇਆ ਗਿਆ। ਇਸ ਵਿੱਚ ਬਿਮਾਰ ਅਤੇ ਜ਼ਖਮੀ ਗਊਆਂ ਦਾ ਇਲਾਜ ਕੀਤਾ ਗਿਆ ਅਤੇ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ।

ਇਸ ਮੌਕੇ ਗੱਲਬਾਤ ਕਰਦਿਆਂ ਸੀਨੀਅਰ ਵੈਟਰਨਰੀ ਅਫਸਰ ਡਾ.ਸਤਨਾਮ ਸਿੰਘ ਨੇ ਕਿਹਾ ਕਿ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡਾਇਰੀ ਵਿਕਾਸ ਮੰਤਰੀ ਗੁਰਮੀਤ ਸਿੰਘ ਖੁਡੀਆਂ, ਪਸ਼ੂ ਪਾਲਨ ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਅਤੇ ਪਰਮਦੀਪ ਸਿੰਘ ਵਾਲੀਆ ਡਾਇਰੈਕਟਰ ਪਸ਼ੂ ਪਾਲਨ ਵਿਭਾਗ ਦੇ ਨਿਰਦੇਸ਼ਾਂ ਹੇਠ ਲਗਾਏ ਗਏ ਇਸ ਕੈਂਪ ਵਿੱਚ ਵੈਟਰਨਰੀ ਡਾ.ਪੰਕਜ ਚਾਵਲਾ, ਡਾ.ਹਿਮਾਂਸ਼ੂ ਭੱਟੀ, ਡਾ.ਸੁਮਿਤ ਸ਼ਰਮਾ ਤੇ ਸੰਦੀਪ ਵੱਲੋਂ 90 ਦੇ ਕਰੀਬ ਗਾਵਾਂ ਦਾ ਇਲਾਜ ਕੀਤਾ ਗਿਆ ਅਤੇ 25 ਹਜ਼ਾਰ ਰੁਪਏ ਦੀਆਂ ਮੁਫਤ ਦਵਾਈਆਂ ਦਿੱਤੀਆਂ ਗਈਆਂ । ਇਸ ਮੌਕੇ ਡਾਕਟਰਾਂ ਦੀ ਟੀਮ ਨੇ ਗਊਸ਼ਾਲਾ ਕਮੇਟੀ ਨੂੰ ਆਗਾਮੀਂ ਦੋ ਫਰਵਰੀ ਤੋਂ ਪਸ਼ੂਆਂ ਨੂੰ ਵੈਕਸੀਨ ਲਗਵਾਉਣ ਲਈ ਪ੍ਰੇਰਿਤ ਵੀ ਕੀਤਾ ਅਤੇ ਨਾਲ ਹੀ ਵਿਸਥਾਰ ਪੂਰਵਕ ਗਊਆਂ ਦੀ ਸਾਂਭ ਸੰਭਾਲ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਗਊਸ਼ਾਲਾ ਕਮੇਟੀ ਪ੍ਰਧਾਨ ਮੋਹਣ ਲਾਲ ਗੋਗਨਾ ਨੇ ਅਤੇ ਸਮੂਹ ਕਮੇਟੀ ਮੈਂਬਰਾਂ ਨੇ ਪੰਜਾਬ ਗਊ ਸੇਵਾ ਕਮਿਸ਼ਨ ਅਤੇ ਪਸ਼ੂ ਪਾਲਣ ਵਿਭਾਗ ਦੀ ਟੀਮ ਦਾ ਸਨਮਾਨ ਕੀਤਾ ਅਤੇ ਇਸ ਨੇਕ ਉਪਰਾਲੇ ਲਈ ਧੰਨਵਾਦ ਕੀਤਾ।

ਇਸ ਮੌਕੇ ਪੰਡਿਤ ਵਿਨੇ ਸ਼ਾਸ਼ਤਰੀ,ਰਾਜਨ ਭੱਲਾ, ਹਰਨੀਤ ਗਾਬਾ,ਪਵਨ ਸ਼ਰਮਾ,ਖੁਸ਼ਦੀਪ ਮਲਹੌਤਰਾ,ਸੰਦੀਪ ਧੀਰ ਬਿੱਲਾ,ਕੌਂਸਲਰ ਮਨਪ੍ਰੀਤ ਸਿੰਘ ਹੈਪੀ,ਯਤਿੰਦਰ ਮੌਦਗਿਲ,ਅਜੇ ਸਿੰਗਲਾ,ਗੁਰਪ੍ਰੀਤ ਸਿੰਘ,ਜਗਤਾਰ ਸਿੰਘ ਆਦਿ ਮੌਜੂਦ ਸਨ।

# ਖੰਨਾਂ ਦੇ ਨਿਤਨ ਨੇ ਪੈਰਾ ਪਾਵਰ ਲਿਫਟਿੰਗ ਮੁਕਾਬਲਿਆਂ ਚ ਜਿੱਤਿਆ ਗੋਲਡ ਹੈਡਮਾਸਟਰ ਬਲਵਿੰਦਰ ਸਿੰਘ ਨੇ ਕੀਤਾ ਸਨਮਾਨਿਤ




ਖੰਨਾਂ ,27 ਜਨਵਰੀ (ਅਰਵਿੰਦਰ ਸਿੰਘ ਸਵੈਚ, ਗੀਤਾ ਰਾਣੀ)ਰਘਵੀਰ ਸਿੰਘ ਫਰੀਡਮ ਫਾਈਟਰ ਪੀਐਮ ਸ੍ਰੀ ਸਰਕਾਰੀ ਹਾਈ ਸਕੂਲ ਅਮਲੋਹ ਰੋਡ ਖੰਨਾਂ ਵਿਖੇ ਖੇਡ ਵਿਭਾਗ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਪਾਵਰ ਲਿਫਟਿੰਗ ਸੈਂਟਰ ਖੰਨਾਂ ਦੇ ਖਿਡਾਰੀ ਨਿਤਿਨ ਨੇ ਉੱਤਰਾਖੰਡ ਵਿਖੇ ਪਾਵਰ ਲਿਫਟਿੰਗ ਦੇ ਕੋਚ ਸੰਜੀਵ ਸ਼ਰਮਾ ਦੀ ਅਗਵਾਈ ਹੇਠ ਨੈਸ਼ਨਲ ਪੈਰਾ ਪਾਵਰ ਲਿਫਟਿੰਗ ਖੇਡ ਮੁਕਾਬਲਿਆਂ ਵਿੱਚ ਭਾਗ ਲਿਆ। ਨਿਤਿਨ ਨੇ 65 ਕਿਲੋਗ੍ਰਾਮ ਭਾਰ ਕੈਟਾਗਰੀ ਵਿੱਚ ਖੇਡਦੇ ਹੋਏ ਗੋਲਡ ਮੈਡਲ ਹਾਸਲ ਕੀਤਾ ਅਤੇ ਸਟਰਾਂਗ ਮੈਨ ਦਾ ਖਿਤਾਬ ਵੀ ਹਾਸਲ ਕੀਤਾ। ਸਕੂਲ ਪਹੁੰਚਣ ਤੇ ਖਿਡਾਰੀ ਨਿਤਨ ਅਤੇ ਕੋਚ ਸੰਜੀਵ ਸ਼ਰਮਾ ਨੂੰ ਸਕੂਲ ਦੇ ਹੈਡਮਾਸਟਰ ਬਲਵਿੰਦਰ ਸਿੰਘ ਨੇ ਸਨਮਾਨਿਤ ਕੀਤਾ। ਇਸ ਮੌਕੇ ਪਾਵਰ ਲਿਫਟਿੰਗ ਸੈਂਟਰ ਦੇ ਸਮੂਹ ਖਿਡਾਰੀ ਅਤੇ ਅਧਿਆਪਕ ਸਾਹਿਬਾਨ ਮੌਜੂਦ ਸਨ। ਸਕੂਲ ਦੇ ਐਸਐਮਸੀ ਚੇਅਰਪਰਸਨ ਟੀਨੂੰ ਰਾਣੀ ਵਾਰਡ ਇੰਚਾਰਜ ਗੁਰਬਚਨ ਸਿੰਘ, ਐਮਸੀ ਗੁਰਮੀਤ ਨਾਗਪਾਲ ਆਦਿ ਹਾਜ਼ਰ ਸਨ।

# ਮਰਹਾਣਾ ਪੰਜਾਬ ਰਾਜ ਫਾਰਮੇਸੀ ਅਫ਼ਸਰ ਐਸੋਸੀਏਸ਼ਨ ਦੂਜੀ ਵਾਰ ਪ੍ਰਧਾਨ ਚੁਣੇ ਗਏ ਫਾਰਮੇਸੀ ਵਰਗ ਦੀ ਬੇਹਤਰੀ ਲਈ ਕੰਮ ਕਰਨ ਦਾ ਦਵਾਇਆ ਵਿਸ਼ਵਾਸ

Desi Punjab YouTube www.desipunjab.in



ਗੁਰਪ੍ਰੀਤ ਸਿੰਘ ਕੱਦ ਗਿੱਲ
ਤਰਨਤਾਰਨ, 27 ਜਨਵਰੀ

ਪੰਜਾਬ ਰਾਜ ਫਾਰਮੇਸੀ ਅਫ਼ਸਰ ਐਸੋਸੀਏਸ਼ਨ ਦੀ ਸੂਬਾ ਕਮੇਟੀ ਦੇ ਫੈਸਲੇ ਨੂੰ ਲਾਗੂ ਕਰਦਿਆਂ ਜ਼ਿਲ੍ਹਾ ਤਰਨ ਤਾਰਨ ਦੀ ਜ਼ਿਲ੍ਹਾ ਬਾਡੀ ਦੀ ਚੋਣ ਸਮੂਹ ਫਾਰਮੇਸੀ ਅਫਸਰਾਂ, ਸੀਨੀਅਰ ਫਾਰਮੇਸੀ ਅਫਸਰਾਂ ਦੀ ਹਾਜ਼ਰੀ ਵਿੱਚ ਹੋਈ,ਜਿਸ ਵਿੱਚ ਅਸ਼ੋਕ ਕੁਮਾਰ ਸ਼ਰਮਾ ਸਾਬਕਾ ਪ੍ਰਧਾਨ ਜਿਲਾ ਅੰਮ੍ਰਿਤਸਰ ਅਤੇ ਅਮਰਿੰਦਰ ਜੀਤ ਸਿੰਘ ਜਨ ਸਕੱਤਰ ਜ਼ਿਲ੍ਹਾ ਕਪੂਰਥਲਾ ਬਤੌਰ ਸੂਬਾ ਨਿਗਰਾਨ ਸ਼ਾਮਿਲ ਹੋਏ ,ਉਨ੍ਹਾਂ ਦੀ ਨਿਗਰਾਨੀ ਹੇਠ ਤਰਨ ਤਾਰਨ ਜ਼ਿਲ੍ਹੇ ਦੇ ਸਮੂਹ ਫਾਰਮੇਸੀ ਅਫਸਰਾਂ ਨੇ ਸਰਬ ਸੰਮਤੀ ਨਾਲ ਭੁਪਿੰਦਰ ਸਿੰਘ ਸੰਧੂ ਮਰਹਾਣਾ ਨੂੰ ਲਗਾਤਾਰ ਦੂਜੀ ਵਾਰ ਪ੍ਰਧਾਨ, ਨਵਕਿਰਨ ਸਿੰਘ ਘਰਿਆਲਾ ਜਨ ਸਕੱਤਰ, ਬਲਵਿੰਦਰ ਸਿੰਘ ਨੁਸ਼ਹਿਰਾ ਪੰਨੂਆ ਵਿੱਤ ਸਕੱਤਰ, ਮਨਜੀਤ ਰਾਏ ਕੈਰੋ ਆਡੀਟਰ, ਪ੍ਰਭਜੋਤ ਕੌਰ ਸਰਹਾਲੀ ਮੁੱਖ ਸਲਾਹਕਾਰ, ਰਣਜੀਤ ਸਿੰਘ ਬਾਠ ਮੀਤ ਪ੍ਰਧਾਨ, ਅਰਵਿੰਦਰ ਸਿੰਘ ਖਡੂਰ ਸਾਹਿਬ ਸੀਨੀਅਰ ਮੀਤ ਪ੍ਰਧਾਨ, ਵਰਿੰਦਰ ਪਾਲ ਸਿੰਘ ਭਾਟੀਆ ਜਾਇੰਟ ਸਕੱਤਰ,ਟਵਿੰਕਲ ਮੀਆਂ ਵਿੰਡ ਪ੍ਰੈਸ ਸਕੱਤਰ, ਨਵਦੀਪ ਸਿੰਘ ਕਸੇਲ ਪਰਾਪੇਗੰਡਾ ਸਕੱਤਰ, ਅਤੇ ਨਵਦੀਪ ਸਿੰਘ ਸੁਰ ਸਿੰਘ ਜਥੇਬੰਦਕ ਸਕੱਤਰ ਚੁਣੇ ਗਏ ਇਸ ਤੋਂ ਪਹਿਲਾਂ ਨਵਕਿਰਨ ਸਿੰਘ ਸੰਧੂ ਨੇ ਜਥੇਬੰਦੀ ਦੀ ਕਾਰਗੁਜ਼ਾਰੀ ਸਬੰਧੀ ਰਿਪੋਰਟ ਪੇਸ਼ ਕੀਤੀ ਅਤੇ ਉਸ ਰਿਪੋਰਟ ਤੇ ਕਾਫੀ ਗੰਭੀਰ ਵਿਚਾਰ ਵਟਾਂਦਰਾ ਕੀਤਾ ਗਿਆ ਉਪਰੰਤ ਜਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਸੰਧੂ ਨੇ ਪਿਛਲੀ ਜਥੇਬੰਦੀ ਨੂੰ ਭੰਗ ਕਰਦਿਆਂ ਨਵੀਂ ਕਮੇਟੀ ਚੁਣਨ ਦਾ ਸੱਦਾ ਸਮੂਹ ਹਾਜ਼ਰ ਫਾਰਮੇਸੀ ਅਫਸਰਾਂ ਨੂੰ ਦਿੱਤਾ ਉਪਰੰਤ ਸਰਬਸੰਮਤੀ ਨਾਲ ਚੋਣ ਹੋਈ, ਉਕਤ ਅਹੁਦੇਦਾਰਾਂ ਨੂੰ ਵਧਾਈ ਦੇਣ ਲਈ ਵਿਸ਼ੇਸ਼ ਤੌਰ ਤੇ ਸਾਬਕਾ ਸੂਬਾ ਪ੍ਰਧਾਨ ਬਾਬਾ ਸ਼ਮਸ਼ੇਰ ਸਿੰਘ ਕੋਹਰੀ ,ਸਾਬਕਾ ਪ੍ਰਧਾਨ ਤਰਨ ਤਾਰਨ ਵਿਜੇ ਨਾਇਕ ਪੱਟੀ ,ਸਾਬਕਾ ਜਿਲਾ ਕਮੇਟੀ ਮੈਂਬਰ ਪਰਮਜੀਤ ਸਿੰਘ ਸੰਧੂ ,ਰਾਜਵਿੰਦਰਸਿੰਘ ਪੱਟੀ,ਅਰਮਿੰਦਰ ਕੌਰ, ਨਵਦੀਪ ਕੌਰ ,ਜਸਕੀਰਤ ਸਿੰਘ, ਪ੍ਰਬਜੋਤ ਕੋਰ ਸਰਹਾਲੀ ਚਾਰੂ ਝਬਾਲ,ਇਦਰਜੀਤ ਘਰਿਆਲਾ,ਜੁਲਕਾ ਖੇਮਕਰਨ ਅਮਰਿੰਦਰ ਕਸੇਲ,ਜੈਸਮੀਨ ਕੌਰ ਨਵਜੋਤ ਕੌਰ,ਰਹੁਲ ਕਸੇਲ ਅਤੇ ਹੋਰ ਵੱਖ ਵੱਖ ਬਲਾਕਾਂ ਵਿਚੋ ਫਾਰਮੇਸੀ ਅਫ਼ਸਰ ਹਾਜ਼ਰ ਹੋਏ ।ਇਸ ਸਮੇਂ ਹਾਜ਼ਰ ਫਾਰਮੇਸੀ ਅਫਸਰਾਂ ਨੂੰ ਸੰਬੋਧਨ ਕਰਦਿਆਂ ਸਾਰਿਆਂ ਹੀ ਬੁਲਾਰਿਆਂ ਨੇ ਜਿੱਥੇ ਇਸ ਜਮਹੂਰੀ ਤਰੀਕੇ ਨਾਲ ਚੁਣੀ ਜਾਣ ਵਾਲੀ ਜਥੇਬੰਦੀ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ, ਓਥੇ ਪਿਛਲੇ ਸਮੇਂ ਵਿੱਚ ਸੰਘਰਸ਼ ਵਿੱਚ ਆਈ ਖੜ੍ਹੋਤ ਬਾਰੇ ਵੀ ਖੁੱਲ੍ਹ ਕੇ ਗੱਲਬਾਤ ਕੀਤੀ। ਅਖੀਰ ਵਿੱਚ ਭੁਪਿੰਦਰ ਸਿੰਘ ਸੰਧੂ ਪ੍ਰਧਾਨ ਅਤੇ ਨਵਕਿਰਨ ਸਿੰਘ ਘਰਿਆਲਾ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਤਨਦੇਹੀ ਨਾਲ ਕੰਮ ਕਰਨਗੇ ਅਤੇ ਫਾਰਮੇਸੀ ਵਰਗ ਦੀ ਬੇਹਤਰੀ ਲਈ ਹਮੇਸ਼ਾ ਤੱਤਪਰ ਰਹਿਣਗੇ।

# 77ਵੇ ਗਣਤੰਤਰ ਦਿਵਸ ਮੌਕੇ ਡਾ ਸਿਮਰਦੀਪ ਕੋਰ ਦਾ ਹੋਇਆ ਸਨਮਾਨ

Desi Punjab YouTube www.desipunjab.in



ਫਗਵਾੜਾ ਜਨਵਰੀ (ਸ਼ਿਵ ਕੌੜਾ) ਸਿਵਲ ਹਸਪਤਾਲ ਫਗਵਾੜਾ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ ਸਿਮਰਦੀਪ ਕੋਰ ਵਲੋਂ ਸਿਹਤ ਵਿਭਾਗ ਦੀ ਬੇਹਤਰੀ ਲਈ ਕੀਤੇ ਗਏ ਬੇਹਤਰੀਨ ਕਾਰਜਾਂ ਨੂੰ ਵੇਖਦੇ ਹੋਏ 77ਵੇ ਗਣਤੰਤਰ ਦਿਵਸ ਮੌਕੇ ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਕੁਮਾਰ ਪੰਚਾਲ ਵਲੋਂ ਐਸ ਐਸ ਪੀ ਕਪੂਰਥਲਾ ਗੋਰਵ ਟੂਰਾ, ਐਡਵੋਕੇਟ ਕਰਮਨਵੀਰ ਸਿੰਘ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਕਪੂਰਥਲਾ ਕਮਰਇੱਕਬਾਲ ਸਿੰਘ ਚੈਅਰਮੈਨ ਮਾਰਕੀਟ ਕਮੇਟੀ ਕਪੂਰਥਲਾ, ਜਗਜੀਤ ਸਿੰਘ ਬਿੱਟੂ ਤੋਂ ਇਲਾਵਾ ਹੋਰ ਪੱਤਵੰਤਿਆ ਦੀ ਮੋਜੂਦਗੀ ਚ ਸਨਮਾਨਿਤ ਕੀਤਾ ਗਿਆ ਇੱਥੇ ਇਹ ਗੋਰ ਤਲਬ ਹੈ ਕਿ ਡਾ ਸਿਮਰਦੀਪ ਕੋਰ (ਗਾਇਨਾਕੋਲੋਜਿਸਟ) ਸਿਵਲ ਹਸਪਤਾਲ ਫਗਵਾੜਾ ਵਿਖੇ ਆਉਣ ਵਾਲੇ ਮਰੀਜ਼ਾਂ ਦੀ ਬੇਹਤਰੀ ਲਈ ਹਰ ਸੰਭਵ ਕੋਸ਼ਿਸ਼ ਕਰ ਉਨ੍ਹਾਂ ਦਾ ਬੇਹਤਰ ਇਲਾਜ਼ ਹੋਵੇ ਇਸ ਕੋਸ਼ਿਸ਼ ਚ ਹਮੇਸ਼ਾ ਲੱਗੇ ਰਹਿੰਦੇ ਹਨ ਉਨ੍ਹਾਂ ਦੀ ਕੋਸ਼ਿਸ਼ ਹੁੰਦੀ ਹੈ ਕਿ ਜੋ ਵੀ ਮਰੀਜ ਆਵੇ ਸੋ ਜੀ ਰਾਜੀ ਜਾਵੇ ਉਨ੍ਹਾਂ ਅਪਣੇ ਡਾਕਟਰਾ ਨੂੰ ਵੀ ਮਰੀਜਾ ਦੀ ਸੇਵਾ ਚ ਜੀ ਜਾਨ ਨਾਲ ਕੰਮ ਕਰਨ ਲਈ ਹਮੇਸ਼ਾ ਪ੍ਰੇਰਿਆ ਹੈ ਉਨ੍ਹਾਂ ਆਮ ਸ਼ਹਿਰ ਵਾਸੀਆ ਨੂੰ ਅਪੀਲ ਕੀਤੀ ਕਿ ਸਿਵਲ ਹਸਪਤਾਲ ਫਗਵਾੜਾ ਵਿਖੇ ਵੈਲ ਕੁਆਲੀਫਾਈ ਡਾਕਟਰ ਮਰੀਜ਼ਾਂ ਦੇ ਇਲਾਜ ਲਈ 24 ਘੰਟੇ ਸੇਵਾਵਾਂ ਦੇਣ ਲਈ ਹਰ ਸਮੇ ਤਿਆਰ ਬਰ ਤਿਆਰ ਰਹਿੰਦੇ ਹਨ ਜਿੱਥੇ ਉਨ੍ਹਾਂ ਦਾ ਇਲਾਜ ਬੇਹਤਰ ਤਰੀਕੇ ਨਾਲ

# ਟਿਕਟ ਸਟਾਫ ਨੇ ਇਮਾਨਦਾਰੀ ਦਿਖਾਉਂਦੇ ਹੋਏ ਰੇਲਗੱਡੀ ਵਿੱਚ ਯਾਤਰੀ ਦਾ ਛੁੱਟਿਆ ਲੈਪਟਾਪ ਵਾਪਸ ਕੀਤਾ

Desi Punjab YouTube www.desipunjab.in

ਜੈਤੋ, 27 ਜਨਵਰੀ (ਰਘੂਨੰਦਨ ਪਰਾਸ਼ਰ ):ਉੱਤਰੀ ਰੇਲਵੇ ਦੇ ਫਿਰੋਜ਼ਪੁਰ ਰੇਲਵੇ ਡਿਵੀਜ਼ਨ ਵੱਲੋਂ ਮੰਗਲਵਾਰ ਨੂੰ ਜਾਰੀ ਇੱਕ ਪ੍ਰੈਸ ਰਿਲੀਜ਼ ਵਿੱਚ ਕਿਹਾ ਗਿਆ ਹੈ ਕਿ 26 ਜਨਵਰੀ, 2026 ਨੂੰ, ਵੰਦੇ ਭਾਰਤ ਐਕਸਪ੍ਰੈਸ 26462 (ਫਿਰੋਜ਼ਪੁਰ ਛਾਉਣੀ-ਦਿੱਲੀ) 'ਤੇ ਟਿਕਟ ਚੈਕਿੰਗ ਸਟਾਫ ਮੈਂਬਰ ਸ੍ਰੀ ਸੰਜੇ ਸਾਹ ਅਤੇ ਸ੍ਰੀ ਬੀ.ਐਲ. ਮੀਣਾ ਨੂੰ ਕੋਚ ਸੀ-1 ਦੀ ਸੀਟ ਨੰਬਰ 71 'ਤੇ ਇੱਕ ਕੀਮਤੀ ਲੈਪਟਾਪ ਮਿਲਿਆ। ਲੈਪਟਾਪ ਦਾ ਮਾਲਕ ਮੌਜੂਦ ਨਹੀਂ ਸੀ। ਸ੍ਰੀ ਸੰਜੇ ਸਾਹ ਨੇ ਲੈਪਟਾਪ ਨੂੰ ਸੁਰੱਖਿਅਤ ਢੰਗ ਨਾਲ ਆਪਣੇ ਕੋਲ ਰੱਖਿਆ ਅਤੇ ਐਚ.ਐਚ.ਟੀ. (ਹੈਂਡਹੈਲਡ ਟਰਮੀਨਲ) ਰਾਹੀਂ ਉਸਦਾ ਮੋਬਾਈਲ ਨੰਬਰ ਪ੍ਰਾਪਤ ਕਰਕੇ ਯਾਤਰੀ ਨਾਲ ਸੰਪਰਕ ਕੀਤਾ। ਯਾਤਰੀ ਸ੍ਰੀ ਅਮਨ ਨੇ ਫਿਰ ਉਨ੍ਹਾਂ ਨੂੰ ਦੱਸਿਆ ਕਿ ਉਹ ਬਠਿੰਡਾ ਤੋਂ ਪਟਿਆਲਾ ਗਿਆ ਸੀ ਪਰ ਅਣਜਾਣੇ ਵਿੱਚ ਆਪਣੀ ਜਲਦਬਾਜ਼ੀ ਵਿੱਚ ਆਪਣਾ ਕੀਮਤੀ ਲੈਪਟਾਪ ਰੇਲਗੱਡੀ ਵਿੱਚ ਛੱਡ ਗਿਆ ਸੀ। ਲੈਪਟਾਪ ਵਿੱਚ ਮਹੱਤਵਪੂਰਨ ਡੇਟਾ ਸੀ। ਰੇਲਗੱਡੀ ਦੀ ਵਾਪਸੀ ਯਾਤਰਾ 'ਤੇ, ਯਾਤਰੀ ਨੂੰ ਪਟਿਆਲਾ ਸਟੇਸ਼ਨ 'ਤੇ ਬੁਲਾਇਆ ਗਿਆ, ਜਿੱਥੇ ਤਸਦੀਕ ਤੋਂ ਬਾਅਦ, ਲੈਪਟਾਪ ਉਸਨੂੰ ਸੁਰੱਖਿਅਤ ਢੰਗ ਨਾਲ ਸੌਂਪ ਦਿੱਤਾ ਗਿਆ। ਯਾਤਰੀ ਆਪਣਾ ਲੈਪਟਾਪ ਪ੍ਰਾਪਤ ਕਰਕੇ ਬਹੁਤ ਖੁਸ਼ ਸੀ। ਉਸਨੇ ਭਾਰਤੀ ਰੇਲਵੇ ਅਤੇ ਟਿਕਟ ਜਾਂਚ ਸਟਾਫ ਦਾ ਧੰਨਵਾਦ ਕੀਤਾ। ਸੀਨੀਅਰ



ਡਿਵੀਜ਼ਨਲ ਕਮਰਸ਼ੀਅਲ ਮੈਨੇਜਰ ਸ੍ਰੀ ਪਰਮਦੀਪ ਸਿੰਘ ਸੈਣੀ ਨੇ ਕਿਹਾ ਕਿ ਇਹ ਘਟਨਾ ਯਾਤਰੀਆਂ ਪ੍ਰਤੀ ਰੇਲਵੇ ਕਰਮਚਾਰੀਆਂ ਦੇ ਸਮਰਪਣ, ਇਮਾਨਦਾਰੀ ਅਤੇ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਸਨੇ ਐਲਾਨ ਕੀਤਾ ਕਿ ਇਸ ਸ਼ਲਾਘਾਯੋਗ ਕੰਮ ਲਈ ਟਿਕਟ ਜਾਂਚ ਸਟਾਫ ਨੂੰ ਪ੍ਰਸ਼ੰਸਾ ਪੱਤਰ ਦਿੱਤਾ ਜਾਵੇਗਾ, ਤਾਂ ਜੋ ਹੋਰ ਟਿਕਟ ਜਾਂਚ ਸਟਾਫ ਮੈਂਬਰ ਵੀ ਇਸੇ ਤਰ੍ਹਾਂ ਦੇ ਸ਼ਲਾਘਾਯੋਗ ਕੰਮ ਕਰਨ ਲਈ ਪ੍ਰੇਰਿਤ ਹੋਣ।

# ਪਟੇਲ ਕਾਲਜ ਵਿੱਚ ਸ਼ਾਨੋ ਸ਼ੋਕਤ ਨਾਲ ਮਨਾਇਆ ਗਿਆ ਗਣਤੰਤਰ ਦਿਵਸ



Desi Punjab YouTube www.desipunjab.in

ਰਾਜਪੁਰਾ,27 ਜਨਵਰੀ(ਹਿਮਾਂਸ਼ੂ ਹੈਰੀ):ਸਥਾਨਕ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਰਾਜਪੁਰਾ ਵਿਖੇ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਦੀ ਅਗਵਾਈ ਵਿੱਚ ਅਤੇ ਐਨ.ਐਸ.ਐਸ ਦੇ ਪ੍ਰੋਗਰਾਮ ਅਫਸਰ ਡਾ.ਮਨਦੀਪ ਸਿੰਘ, ਡਾ.ਵੰਦਨਾ ਗੁੱਪਤਾ,ਪ੍ਰੋ.ਅਵਤਾਰ ਸਿੰਘ, ਡਾ. ਗਗਨਦੀਪ ਕੌਰ,ਪ੍ਰੋ.ਨੰਦਿਤਾ ਅਤੇ ਪ੍ਰੋ.ਦਲਜੀਤ ਸਿੰਘ ਦੀ ਦੇਖ ਰੇਖ ਹੇਠ ਚਲ ਰਹੇ ਸੱਤ ਰੋਜਾ ਐਨ.ਐਸ.ਐਸ ਕੈਂਪ ਵਿੱਚ 77 ਵਾਂ ਗਣਤੰਤਰ ਦਿਵਸ ਸ਼ਾਨੋ ਸ਼ੋਕਤ ਨਾਲ ਮਨਾਇਆ ਗਿਆ। ਜਿਸ ਦੌਰਾਨ ਕਾਲਜ ਦੇ ਪ੍ਰਿੰਸੀਪਲ ਨੇ ਕਾਲਜ ਕੈਂਪਸ ਵਿੱਚ ਤਿਰੰਗਾ ਝੰਡਾ ਲਹਿਰਾਇਆ ਅਤੇ ਰਾਸ਼ਟਰੀ ਗਾਣ ਕੀਤਾ ਗਿਆ। ਇਸ ਉਪਰੰਤ ਪਟੇਲ ਸਕੂਲ ਦੇ ਬੱਚਿਆ ਨੇ ਦੇਸ਼ ਭਗਤੀ ਵਿਸ਼ੇ ਉੱਤੇ ਸ਼ਾਸ਼ਤਰੀ ਕਲਾਵਾਂ ਦੀ ਪੇਸ਼ਕਾਰੀ ਕੀਤੀ। ਇਸ ਉਪਰੰਤ ਐਨ.ਐਸ.ਐਸ ਦੇ ਵਲੰਟੀਅਰਾਂ ਵਲੋਂ ਸਭਿਆਚਾਰਕ ਗੀਤ, ਕਵਿਤਾਵਾਂ ਅਤੇ ਭਾਸ਼ਣ ਦੀ ਪੇਸ਼ਕਾਰੀ ਕੀਤੀ ਗਈ।ਇਸ ਮੌਕੇ ਐਨ.ਐਸ.ਐਸ ਵਿਭਾਗ ਦੇ ਪੁਰਾਣੇ ਵਲੰਟੀਅਰ ਰਜਿੰਦਰ ਸਿੰਘ, ਹਰਜੀਤ ਸਿੰਘ, ਓਮ ਪ੍ਰਕਾਸ਼ ਅਤੇ ਨੰਦਨ ਸਿੰਘ ਨੇ ਵੀ ਕੈਂਪ ਵਿੱਚ ਪਹੁੰਚ ਕੇ ਆਪਣੇ ਅਨੁਭਵਾਂ ਨੂੰ ਸਾਂਝਾ ਕੀਤਾ ਗਿਆ।ਕੈਂਪ ਪ੍ਰਬੰਧਕਾਂ ਵਲੋਂ ਐਨ.ਐਸ.ਐਸ ਅਲੂਮਨੀਆਂ ਨੂੰ ਯਾਦ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

# ਫਗਵਾੜਾ ਨਗਰ ਨਿਗਮ ਦੀ ਅਸਫਲਤਾ ਨੇ ਸ਼ਹਿਰ ਨੂੰ ਗੰਦਗੀ ਵਿੱਚ ਡੁਬੋ ਦਿੱਤਾ ਹੈ: ਬੁੱਗਾ

Desi Punjab YouTube www.desipunjab.in



ਫਗਵਾੜਾ, 27 ਜਨਵਰੀ (ਸ਼ਿਵ ਕੌੜਾ) ਕਾਂਗਰਸ ਕੌਂਸਲਰ ਸੰਜੀਵ ਬੁੱਗਾ ਨੇ ਫਗਵਾੜਾ ਨਗਰ ਨਿਗਮ, ਖਾਸ ਕਰਕੇ ਮੇਅਰ ਰਾਮਪਾਲ ਉੱਪਲ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਸ਼ਹਿਰ ਦੀ ਜੀਟੀ ਰੋਡ ਨੂੰ ਜਿਉਂਦਾ ਨਰਕ ਬਣਾਉਣ ਵਿੱਚ ਨਿਗਮ ਦੀ ਅਸਫਲਤਾ ਹੁਣ ਲੁਕੀ ਨਹੀਂ ਹੈ। ਬੁੱਗਾ ਨੇ ਕਿਹਾ ਕਿ ਬੱਸ ਸਟੈਂਡ ਦੇ ਸਾਹਮਣੇ ਜੀਟੀ ਰੋਡ 'ਤੇ ਫਲਾਈਓਵਰ ਦੇ ਹੇਠਾਂ ਸਰਵਿਸ ਲੇਨ ਦੀ ਮਹੀਨਿਆਂ ਤੋਂ ਚੱਲੀ ਆ ਰਹੀ ਖੁਦਾਈ ਨਗਰ ਨਿਗਮ ਦੇ ਕੁਪ੍ਰਬੰਧਨ ਅਤੇ ਲਾਪਰਵਾਹੀ ਦਾ ਜਿਉਂਦਾ ਜਾਗਦਾ ਸਬੂਤ ਹੈ। ਕੁਝ ਦਿਨ ਪਹਿਲਾਂ, ਮੇਅਰ ਰਾਮਪਾਲ ਉੱਪਲ ਨੇ ਮੌਕੇ ਦਾ ਦੌਰਾ ਕੀਤਾ ਅਤੇ ਵੱਡੇ-ਵੱਡੇ ਵਾਅਦੇ ਕੀਤੇ ਸਨ ਕਿ 31 ਜਨਵਰੀ ਨੂੰ ਸ੍ਰੀ ਗੁਰੂ ਰਵਿਦਾਸ ਜੈਅੰਤੀ ਮਨਾਉਣ ਲਈ ਕੱਢੀ ਜਾਣ ਵਾਲੀ ਜਲੂਸ ਤੋਂ ਪਹਿਲਾਂ ਸੀਵਰੇਜ ਦਾ ਕੰਮ ਪੂਰਾ ਕਰ ਲਿਆ ਜਾਵੇਗਾ। ਹਾਲਾਂਕਿ, ਅੱਜ ਦਿਨ ਭਰ ਹੋਈ ਭਾਰੀ ਬਾਰਿਸ਼ ਨੇ ਉਹ ਸਾਰੇ ਦਾਅਵੇ ਧੋਤੇ ਹਨ। ਉਨ੍ਹਾਂ ਕਿਹਾ ਕਿ ਅੱਜ ਦੀ ਬਾਰਿਸ਼ ਨੇ ਸਥਿਤੀ ਨੂੰ ਹੋਰ ਵੀ ਬਦਤਰ ਬਣਾ ਦਿੱਤਾ ਹੈ। ਜਿੱਥੇ ਦੂਰ-ਦੁਰਾਡੇ ਤੋਂ ਹਜ਼ਾਰਾਂ ਸ਼ਰਧਾਲੂ ਗੁਰੂਪੁਰਬ ਦੇ ਮੌਕੇ 'ਤੇ ਸ੍ਰੀ ਗੁਰੂ ਰਵਿਦਾਸ ਜੀ ਦੀ ਜਲੂਸ ਵਿੱਚ ਸ਼ਾਮਲ ਹੁੰਦੇ ਹਨ, ਉੱਥੇ ਹੀ 1 ਫਰਵਰੀ ਨੂੰ ਵੱਡੀ ਗਿਣਤੀ ਵਿੱਚ ਸ਼ਰਧਾਲੂ ਜੀਟੀ ਰੋਡ 'ਤੇ ਇਸੇ ਸਰਵਿਸ ਲੇਨ ਵਿੱਚੋਂ ਲੰਘ ਕੇ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਮੰਦਿਰ, ਚੱਕ ਹਕੀਮ, ਜਿੱਥੇ ਗੁਰੂ ਸਾਹਿਬ ਦੇ ਚਰਨ ਦਫ਼ਨ ਹਨ, ਪਹੁੰਚਣਗੇ। ਸਰਵਿਸ ਲੇਨ ਦੀ ਖੁਦਾਈ ਕਾਰਨ ਸੜਕਾਂ ਚਿੱਕੜ, ਟੋਇਆਂ ਅਤੇ ਪਾਣੀ ਨਾਲ ਭਰ ਗਈਆਂ ਹਨ, ਜਿਸ ਕਾਰਨ ਜਨਤਾ ਲਈ ਆਉਣਾ-ਜਾਣਾ ਮੁਸ਼ਕਲ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਧਾਰਮਿਕ ਜਲੂਸ ਦਾ ਮਾਮਲਾ ਨਹੀਂ ਹੈ, ਸਗੋਂ ਪੂਰੇ ਸ਼ਹਿਰ ਦੀ ਸੁਰੱਖਿਆ ਅਤੇ ਸਹੂਲਤ ਨਾਲ ਸਬੰਧਤ ਇੱਕ ਗੰਭੀਰ ਮੁੱਦਾ ਹੈ। ਕਾਂਗਰਸ ਕੌਂਸਲਰ ਨੇ ਦੋਸ਼ ਲਗਾਇਆ ਕਿ ਨਗਰ ਨਿਗਮ ਨੇ ਖੁਦਾਈ ਤੋਂ ਬਾਅਦ ਨਾ ਤਾਂ ਕੋਈ ਟ੍ਰੈਫਿਕ ਡਾਇਵਰਸ਼ਨ ਸਾਈਨ ਲਗਾਏ ਅਤੇ ਨਾ ਹੀ ਕੋਈ ਵਿਕਲਪਿਕ ਪ੍ਰਬੰਧ ਕੀਤੇ, ਜਿਸ ਕਾਰਨ ਰੋਜ਼ਾਨਾ ਹਾਦਸੇ ਹੁੰਦੇ ਹਨ ਅਤੇ ਵਾਹਨ ਚਿੱਕੜ ਅਤੇ ਟੋਇਆਂ ਵਿੱਚ ਫਸ ਜਾਂਦੇ ਹਨ। ਸਕੂਲੀ ਬੱਚੇ, ਬਜ਼ੁਰਗ ਅਤੇ ਦੋਪਹੀਆ ਵਾਹਨ ਸਵਾਰ ਸਭ ਤੋਂ ਵੱਧ ਪ੍ਰਭਾਵਿਤ ਹੁੰਦੇ ਹਨ, ਪਰ ਮੇਅਰ ਰਾਮਪਾਲ ਉੱਪਲ ਅੰਨ੍ਹੇ ਦਰਸ਼ਕ ਬਣੇ ਰਹਿੰਦੇ ਹਨ। ਕਾਂਗਰਸ ਕੌਂਸਲਰ ਨੇ ਕਿਹਾ ਕਿ ਮੇਅਰ ਰਾਮਪਾਲ ਉੱਪਲ ਨੇ ਸ਼ਹਿਰ ਵਾਸੀਆਂ ਨੂੰ ਨਰਕ ਭੋਗਣ ਲਈ ਮਜਬੂਰ ਕੀਤਾ ਹੈ। ਜਨਤਾ ਹੁਣ ਦੇਖ ਰਹੀ ਹੈ। ਉਹ ਇਸ ਅਯੋਗਤਾ ਅਤੇ ਝੂਠੇ ਵਾਅਦਿਆਂ ਦਾ ਹਿਸਾਬ ਲੈਣਗੇ। ਉਨ੍ਹਾਂ ਇਹ ਵੀ ਚੇਤਾਵਨੀ ਦਿੱਤੀ ਹੈ ਕਿ ਜੇਕਰ ਸੀਵਰੇਜ ਦਾ ਕੰਮ ਤੁਰੰਤ ਪੂਰਾ ਨਹੀਂ ਕੀਤਾ ਜਾਂਦਾ, ਸੜਕਾਂ ਦੀ ਮੁਰੰਮਤ ਨਹੀਂ ਕੀਤੀ ਜਾਂਦੀ ਅਤੇ ਆਵਾਜਾਈ ਬਹਾਲ ਨਹੀਂ ਕੀਤੀ ਜਾਂਦੀ, ਤਾਂ ਕਾਂਗਰਸ ਪਾਰਟੀ ਸੜਕਾਂ ਤੋਂ ਨਿਗਮ ਹਾਊਸ ਤੱਕ ਵਿਰੋਧ ਪ੍ਰਦਰਸ਼ਨ ਕਰਨ ਤੋਂ ਨਹੀਂ ਝਿਜਕੇਗੀ।

# ਪ੍ਰੋਫੈਸ਼ਨੇਲਸ ਸਕੂਲ ਆਫ ਬਿਊਟੀ ਐਂਡ ਬਾਰਬਰਿੰਗ ਵਿਖੇ ਨੇ 77ਵਾਂ ਗਣਤੰਤਰ ਦਿਵਸ ਮਨਾਇਆ



Desi Punjab YouTube www.desipunjab.in

ਫਗਵਾੜਾ 27 ਜਨਵਰੀ (ਸ਼ਿਵ ਕੌੜਾ) ਪ੍ਰੋਫੈਸ਼ਨੇਲਸ ਸਕੂਲ ਆਫ ਬਿਊਟੀ ਐਂਡ ਬਾਰਬਰਿੰਗ ਹਰਗੋਬਿੰਦ ਨਗਰ ਫਗਵਾੜਾ ਵਿਖੇ ਅਕੈਡਮੀ ਹੈਂਡ ਮੈਡਮ ਵੰਦਨਾ ਗੋਇਲ ਦੀ ਯੋਗ ਰਹਿਨੁਮਾਈ ਹੇਠ ਵਿਦਿਆਰਥੀਆਂ ਵਲੋਂ 77ਵਾਂ ਗਣਤੰਤਰ ਦਿਵਸ ਮਨਾਇਆ ਗਿਆ ਇਸ ਮੌਕੇ ਬੋਲਦਿਆਂ ਮੈਡਮ ਵੰਦਨਾ ਗੋਇਲ ਨੇ ਸਮੂਹ ਸਟਾਫ ਅਤੇ ਵਿਦਿਆਰਥੀ ਨੂੰ ਵਧਾਈ ਦਿੱਤੀ ਅਤੇ ਦੇਸ਼ ਦੇ ਆਜਾਦੀ ਘੁਲਾਟੀਆਂ ਤੇ ਸ਼ਹੀਦਾਂ ਨੂੰ ਯਾਦ ਕੀਤਾ ਅਤੇ ਉਹਨਾਂ ਦੇ ਪਾਏ ਹੋਏ ਪੂਰਨਿਆਂ ਤੇ ਚੱਲਣ ਦੀ ਪ੍ਰੇਰਨਾ ਦਿੱਤੀ ਮੈਨੇਜਰ ਪੂਨਮ, ਨੈਲ ਟੀਚਰ ਅਨੀਸ਼ਾ,ਹੈਅਰ ਟੀਚਰ ਪ੍ਰਵੇਸ਼,ਸਕਿਨ ਟੀਚਰ ਖੁਸ਼ਬੂ ਤੋਂ ਇਲਾਵਾ ਵਿਦਿਆਰਥੀਆਂ ਮੌਜੂਦ

# ਹਰਮਨਜੋਤ ਸਿੰਘ ਨੇ ਫੈਂਸਿੰਗ 'ਚ ਸੋਨ ਤਗਮਾ ਜਿੱਤਿਆ, ਗਣਤੰਤਰ ਦਿਵਸ ਸਮਾਰੋਹ ਤੇ ਕੀਤਾ ਸਨਮਾਨਿਤ

Desi Punjab YouTube www.desipunjab.in

ਸਰਦੂਲਗੜ੍ਹ, 26 ਜਨਵਰੀ —(ਕੁਲਵਿੰਦਰ ਕੜਵਲ) ਸਵੀਟ ਬਲੌਸਮਜ਼ ਸਕੂਲ ਸਰਦੂਲਗੜ੍ਹ ਦੇ ਕਲਾਸ 12ਵੀਂ (ਨਾਨ-ਮੈਡੀਕਲ) ਦੇ ਵਿਦਿਆਰਥੀ ਹਰਮਨਜੋਤ ਸਿੰਘ ਨੇ ਫੈਂਸਿੰਗ ਖੇਡ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੀਬੀਐਸਈ ਨੈਸ਼ਨਲ ਗੇਮਜ਼ ਦੇ ਅੰਡਰ-19 ਲੜਕੇ ਵਰਗ ਵਿੱਚ ਸੂਬੇ ਦੀ ਨੁਮਾਇੰਦਗੀ ਕਰਦੇ ਹੋਏ ਰਾਜ ਪੱਧਰ 'ਤੇ ਸੋਨ ਤਮਗਾ ਹਾਸਲ ਕੀਤਾ ਹੈ। ਇਸ ਉਪਲਬਧੀ ਨਾਲ ਉਸਨੇ ਨੈਸ਼ਨਲ ਪੱਧਰ ਦੇ ਖਿਡਾਰੀ ਵਜੋਂ ਯੋਗਤਾ ਵੀ ਪ੍ਰਾਪਤ ਕੀਤੀ ਹੈ।

ਇਸ ਮਹੱਤਵਪੂਰਨ ਸਫਲਤਾ ਉਪਰੰਤ ਗਣਤੰਤਰ ਦਿਵਸ (26 ਜਨਵਰੀ) ਮੌਕੇ ਸਰਦੂਲਗੜ੍ਹ ਵਿਖੇ ਆਯੋਜਿਤ ਸਰਕਾਰੀ ਸਮਾਰੋਹ ਦੌਰਾਨ ਸਬ ਡਿਵੀਜ਼ਨਲ ਮੈਜਿਸਟਰੇਟ ਸਰਦੂਲਗੜ੍ਹ ਵੱਲੋਂ ਹਰਮਨਜੋਤ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐਸ.ਡੀ.ਐਮ ਸਰਦੂਲਗੜ੍ਹ ਨੇ ਵਿਦਿਆਰਥੀ ਦੀ ਮਿਹਨਤ, ਅਨੁਸ਼ਾਸਨ ਅਤੇ ਲਗਨ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਉਸਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ। ਉਨ੍ਹਾਂ ਇਸ ਕਾਮਯਾਬੀ ਲਈ ਸਵੀਟ ਬਲੌਸਮਜ਼ ਸਕੂਲ ਦੇ ਪ੍ਰਬੰਧਨ ਅਤੇ ਸਟਾਫ਼ ਨੂੰ ਵੀ ਵਧਾਈ ਦਿੰਦਿਆਂ ਕਿਹਾ ਕਿ ਸਕੂਲ ਵੱਲੋਂ ਦਿੱਤਾ ਗਿਆ ਉਤਸ਼ਾਹ ਅਤੇ ਸਹੀ ਮਾਰਗਦਰਸ਼ਨ ਹੀ ਵਿਦਿਆਰਥੀਆਂ ਦੀ ਸਫਲਤਾ ਦੀ ਮਜ਼ਬੂਤ ਨੀਂਹ ਬਣਦਾ ਹੈ। ਇਸ ਮੌਕੇ ਮੌਜੂਦ ਸਾਰੇ ਅਧਿਕਾਰੀਆਂ ਅਤੇ ਸ਼ਖਸੀਅਤਾਂ ਨੇ ਵਿਦਿਆਰਥੀ ਦੇ ਕੋਚ ਸੰਦੀਪ ਕੁਮਾਰ ਦੀ ਵੀ ਵਿਸ਼ੇਸ਼ ਤੌਰ 'ਤੇ ਸਰਾਹਣਾ ਕੀਤੀ ਅਤੇ ਕਿਹਾ ਕਿ ਉਨ੍ਹਾਂ ਦੀ ਮਿਹਨਤੀ ਕੋਚਿੰਗ ਅਤੇ ਸੁਚੱਜੀ ਦਿਸ਼ਾ-ਨਿਰਦੇਸ਼ਨਾ ਨਾਲ ਹੀ ਇਹ ਉਪਲਬਧੀ ਸੰਭਵ ਹੋ ਸਕੀ ਹੈ। ਸਕੂਲ ਪ੍ਰਬੰਧਨ ਵੱਲੋਂ ਹਰਮਨਜੋਤ ਸਿੰਘ ਦੀ ਇਸ ਕਾਮਯਾਬੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਸਦੇ



ਉਜਲੇ ਭਵਿੱਖ ਅਤੇ ਆਉਣ ਵਾਲੀਆਂ ਮੁਕਾਬਲਿਆਂ ਵਿੱਚ ਹੋਰ ਸਫਲਤਾਵਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# ਨਗਰ ਕੌਂਸਲ ਰਾਜਪੁਰਾ ਵਿਖੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ 77ਵਾਂ ਗਣਤੰਤਰ ਦਿਵਸ

## ਪ੍ਰਧਾਨ ਨਰਿੰਦਰ ਕੁਮਾਰ ਸ਼ਾਸਤਰੀ ਨੇ ਲਹਿਰਾਇਆ ਤਿਰੰਗਾ, ਕਰਮਚਾਰੀਆਂ ਅਤੇ ਸਮਾਜ ਸੇਵੀਆਂ ਨੂੰ ਕੀਤਾ ਸਨਮਾਨਿਤ




Desi Punjab YouTube www.desipunjab.in

ਰਾਜਪੁਰਾ,27 ਜਨਵਰੀ(ਹਿਮਾਂਸ਼ੂ ਹੈਰੀ):ਨਗਰ ਕੌਂਸਲ ਰਾਜਪੁਰਾ ਵੱਲੋਂ 77ਵਾਂ ਗਣਤੰਤਰ ਦਿਵਸ ਬੜੀ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਸਮਾਰੋਹ ਦੀ ਸ਼ੁਰੂਆਤ ਕੌਂਸਲ ਦੇ ਪ੍ਰਧਾਨ ਨਰਿੰਦਰ ਕੁਮਾਰ ਸ਼ਾਸਤਰੀ ਵੱਲੋਂ ਤਿਰੰਗਾ ਝੰਡਾ ਲਹਿਰਾ ਕੇ ਕੀਤੀ ਗਈ। ਇਸ ਮੌਕੇ ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਨੇ ਮਾਰਚ ਪਾਸਟ ਕਰਦੇ ਹੋਏ ਤਿਰੰਗੇ ਨੂੰ ਸਲਾਮੀ ਦਿੱਤੀ। ਨਗਰ ਕੌਂਸਲ ਵੱਲੋਂ ਵਧੀਆ ਸੇਵਾਵਾਂ ਨਿਭਾਉਣ ਵਾਲੇ ਨਗਰ ਕੌਂਸਲ ਕਰਮਚਾਰੀਆਂ, ਸੀਵਰੇਮੈਨਾਂ, ਜੈਟਿੰਗ ਮਸ਼ੀਨਾਂ ਦੇ ਡਰਾਈਵਰਾਂ ਅਤੇ ਸਮਾਜ ਸੇਵੀ ਵਿਅਕਤੀਆਂ ਨੂੰ ਸਨਮਾਨਿਤ ਕੀਤਾ ਗਿਆ। ਪ੍ਰਧਾਨ ਸ਼ਾਸਤਰੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਡਾ.ਭੀਮ ਰਾਓ ਅੰਬੇਦਕਰ ਵੱਲੋਂ ਤਿਆਰ ਕੀਤਾ ਭਾਰਤ ਦਾ ਸੰਵਿਧਾਨ ਦੇਸ਼ ਨੂੰ ਮਜ਼ਬੂਤ ਨੀਂਹ ਦਿੰਦਾ ਹੈ ਅਤੇ ਸਾਨੂੰ ਸਭ ਨੂੰ ਇਸ ਦੀ ਪਾਲਣਾ ਕਰਨੀ ਚਾਹੀਦੀ ਹੈ। ਇਸ ਮੌਕੇ ਕੌਂਸਲਰ ਅਮਨਦੀਪ ਸਿੰਘ ਨਾਗੀ, ਯੋਗੇਸ਼ ਕੱਦ ਗੋਲਡੀ, ਈ.ਓ. ਅਵਤਾਰ ਚੰਦ, ਮੁਨੀਸ਼ ਮੁੰਜ਼ਾਲ, ਗਿਆਨ ਚੰਦ ਸ਼ਰਮਾ, ਫਾਇਰ ਅਫ਼ਸਰ ਰੂਬੀ, ਵਿਜੈ ਪਾਠਕ, ਸੁਸ਼ਮਾ ਦੀਦੀ ਸਮੇਤ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।

# ਜਥੇਦਾਰ ਦਾਦੂਵਾਲ ਖ਼ਿਲਾਫ਼ ਝੀਂਡਾ ਵੱਲੋਂ ਕੀਤੀ ਬੇਤੁਕੀ ਬਿਆਨਬਾਜ਼ੀ ਨਾਲ ਬਾਦਲ ਝੀਂਡਾ ਗੁਪਤ ਸਮਝੌਤਾ ਹੋਇਆ ਨੰਗਾ - ਡਾਕਟਰ ਭੋਮਾ

Desi Punjab YouTube www.desipunjab.in



ਲੁਧਿਆਣਾ 27 ਜਨਵਰੀ (ਕਰਨੈਲ ਸਿੰਘ ਐੱਮ.ਏ.) ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਪੰਜਾਬ ਦੇ ਚੇਅਰਮੈਨ ਅਤੇ ਸੰਘਰਸ਼ਸ਼ੀਲ ਸਿੱਖ ਆਗੂ ਡਾਕਟਰ ਮਨਜੀਤ ਸਿੰਘ ਭੋਮਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਿਛਲੇ ਦਿਨਾਂ ਵਿੱਚ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਖ਼ਿਲਾਫ਼ ਕੀਤੀ ਤੱਥਹੀਣ ਬੇਤੁਕੀ ਬਿਆਨਬਾਜ਼ੀ ਦੇ ਨਾਲ ਸੁਖਬੀਰ ਸਿੰਘ ਬਾਦਲ ਅਤੇ ਜਗਦੀਸ਼ ਸਿੰਘ ਝੀਂਡਾ ਦਾ ਹੋਇਆ ਗੁਪਤ ਸਮਝੌਤਾ ਨੰਗਾ ਹੋ ਗਿਆ ਹੈ। ਡਾਕਟਰ ਭੋਮਾ ਨੇ ਕਿਹਾ ਕਿ ਜਥੇਦਾਰ ਦਾਦੂਵਾਲ ਜੀ ਨੇ ਦੁਨੀਆ ਭਰ ਵਿੱਚ ਸਿੱਖੀ ਦਾ ਪ੍ਰਚਾਰ ਅਤੇ ਅੰਮ੍ਰਿਤ ਸੰਚਾਰ ਕੀਤਾ ਤੇ ਲਗਾਤਾਰ ਕਰ ਰਹੇ ਹਨ । ਪੰਥ ਦੇ ਹਰ ਸੰਘਰਸ਼ ਵਿੱਚ ਉਹਨਾਂ ਨੇ ਪੰਥਪ੍ਰਸਤੀ ਲਈ ਆਪਣਾ ਯੋਗਦਾਨ ਪਾਇਆ ।ਇਹ ਵੀ ਸਾਰੇ ਸੰਸਾਰ ਨੂੰ ਪਤਾ ਹੈ ਕਿ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਲੰਬੇ ਸਮੇਂ ਤੋਂ ਸੁਪਰੀਮ ਕੋਰਟ ਵਿੱਚ ਲਟਕਦਾ ਕੇਸ ਜਥੇਦਾਰ ਦਾਦੂਵਾਲ ਜੀ ਦੀ ਪ੍ਰਧਾਨਗੀ ਵਿੱਚ ਹੀ ਜਿੱਤ ਕੇ ਹਰਿਆਣੇ ਦੇ ਸਿੱਖਾਂ ਨੂੰ ਪ੍ਰਾਪਤ ਹੋਇਆ । ਇਹ ਵੀ ਸਾਰਾ ਜੱਗ ਜਾਣਦਾ ਹੈ ਕਿ ਜਥੇਦਾਰ ਦਾਦੂਵਾਲ ਜੀ ਦੇ ਗਰੁੱਪ ਦਾ ਸਮਰਥਨ ਲੈ ਕੇ ਹੀ ਜਗਦੀਸ਼ ਸਿੰਘ ਝੀਂਡਾ ਪ੍ਰਧਾਨ ਬਣਿਆ ਪਰ ਅੱਜ ਝੀਂਡਾ ਅਕਿਰਤਘਣ ਅਹਿਸਾਨ ਫਰਾਮੋਸ਼ ਹੋ ਗਿਆ ਹੈ । ਜਥੇਦਾਰ ਦਾਦੂਵਾਲ ਦੇ ਮੁਕਾਬਲੇ ਝੀਂਡਾ ਦੀ ਸਿੱਖੀ ਦੇ ਪ੍ਰਚਾਰ ਪ੍ਰਸਾਰ ਨੂੰ ਕੋਈ ਦੇਣ ਨਹੀਂ ਹੈ ਜਦੋਂ ਕਿ ਉਹ ਹਮੇਸ਼ਾਂ ਆਪਣੇ ਸਵਾਰਥ ਲਈ ਹੀ ਸਮਝੌਤੇ ਕਰਦਾ ਰਹਿੰਦਾ ਹੈ । ਪਹਿਲਾਂ ਕਾਂਗਰਸ ਨਾਲ ਖੁਦ ਅਨਾਊਂਸ ਕਰ ਰਿਹਾ ਕਿ ਮੈਂ ਕਾਂਗਰਸੀ ਹਾਂ ਤੇ ਹੁੱਡਾ ਦੇ ਨਾਲ ਹਾਂ ਤੇ ਹੁਣ ਸੁਖਬੀਰ ਸਿੰਘ ਬਾਦਲ ਨਾਲ ਸਮਝੌਤਾ ਕਰਕੇ ਆਪਣੀ ਪ੍ਰਧਾਨਗੀ ਬਚਾਉਣੀ ਚਾਹੁੰਦਾ ਹੈ ਅਤੇ ਨੇੜੇ ਸਵੇਰੇ ਭਾਜਪਾ ਦੀਆਂ ਵੀ ਲੇਲੜੀਆਂ ਕੱਢਦਾ ਰਹਿੰਦਾ ਹੈ। ਝੀਂਡਾ ਨੂੰ ਬਾਦਲ ਨੇ ਹੀ ਇਹ ਏਜੰਡਾ ਦਿੱਤਾ ਹੈ ਕਿ ਇੱਕ ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਨੂੰ ਸਾਡੇ ਪ੍ਰਬੰਧ ਹੇਠ ਰਹਿਣ ਦੇਣਾ ਹੈ ਤੇ ਦੂਸਰਾ ਜਥੇਦਾਰ ਦਾਦੂਵਾਲ ਦੇ ਖ਼ਿਲਾਫ਼ ਧੂੰਆਂਧਾਰ ਬੇਤੁਕੀ ਬਿਆਨਬਾਜ਼ੀ ਕਰਨੀ ਹੈ, ਜਿਸ ਦੇ ਨਾਲ ਤੇਰੀ ਪ੍ਰਧਾਨਗੀ ਨੂੰ ਅਸੀਂ ਆਪਣੇ ਮੈਂਬਰਾਂ ਦਾ ਸਮਰਥਨ ਦੇ ਕੇ ਰੱਖਾਂਗੇ ਤਾਂ ਹੀ ਅੱਜ ਝੀਂਡਾ ਮੀਡੀਆ ਵਿੱਚ ਬੇਤੁਕੀ ਬਿਆਨਬਾਜ਼ੀ ਅਤੇ ਸ੍ਰੀ ਅਕਾਲ ਤਖਤ ਸਾਹਿਬ ਉੱਪਰ ਝੂਠੀ ਸ਼ਿਕਾਇਤਾਂ ਕਰ ਰਿਹਾ ਹੈ। ਡਾਕਟਰ ਭੋਮਾ ਨੇ ਕਿਹਾ ਕਿ ਝੀਂਡਾ ਵੱਲੋਂ ਕੀਤੀ ਜਾ ਰਹੀ ਕਿਰਦਾਰਕੁਸ਼ੀ ਦੀ ਕੋਸ਼ਿਸ਼ ਦਾ ਜਥੇਦਾਰ ਦਾਦੂਵਾਲ ਨੇ ਢੁੱਕਵਾਂ ਜਵਾਬ ਦਿੱਤਾ ਹੈ ਕਿਉਂਕਿ ਜਦੋਂ ਕਿਸੇ ਦੇ ਆਤਮ ਸਨਮਾਨ ਨੂੰ ਠੇਸ ਪਹੁੰਚਾਈ ਜਾਂਦੀ ਹੈ ਤਾਂ ਫਿਰ ਜਵਾਬ ਮਿਲਣਾ ਸੁਭਾਵਿਕ ਹੁੰਦਾ ਹੈ। ਡਾਕਟਰ ਭੋਮਾ ਨੇ ਕਿਹਾ ਕਿ ਝੀਂਡਾ ਤੇ ਉਸਦੇ ਇਸ਼ਾਰੇ ਤੇ ਕੁਝ ਲੋਕ ਬੇਤੁਕੀ ਬਿਆਨਬਾਜ਼ੀ ਕਰ ਰਹੇ ਹਨ ਪਰ ਝੂਠੀ ਬਿਆਨਬਾਜ਼ੀ ਕਰ ਰਹੇ ਲੋਕ ਜਥੇਦਾਰ ਦਾਦੂਵਾਲ ਜੀ ਦਾ ਵਾਲ ਵੀ ਵਿੰਗਾ ਨਹੀਂ ਕਰ ਸਕਦੇ ਕਿਉਂਕਿ ਉਹ ਪੰਥ ਦੇ ਸੇਵਾਦਾਰ ਹਨ, ਹਮੇਸ਼ਾਂ ਪੰਥ ਦੀ ਗੱਲ ਕਰਦੇ ਹਨ । ਡਾਕਟਰ ਭੋਮਾ ਨੇ ਕਿਹਾ ਕਿ ਹਰਿਆਣਾ ਕਮੇਟੀ ਦਾ ਕੇਸ ਜਥੇਦਾਰ ਦਾਦੂਵਾਲ ਜੀ ਨੇ ਹੀ ਜਿੱਤ ਕੇ ਹਰਿਆਣੇ ਦੇ ਸਿੱਖਾਂ ਨੂੰ ਦਿੱਤਾ ਹੈ ਪਰ ਝੀਂਡਾ ਬਾਦਲਾਂ ਨਾਲ ਗੁਪਤ ਸਮਝੌਤਾ ਕਰਕੇ ਮੁੜ ਹਰਿਆਣਾ ਕਮੇਟੀ ਤੇ ਬਾਦਲਾਂ ਦਾ ਕਬਜ਼ਾ ਕਰਵਾਉਣਾ ਚਾਹੁੰਦਾ ਹੈ ।

## ਸਕੂਲਾਂ ਵਿੱਚ ਬਹੁਤੀਆਂ ਛੁੱਟੀਆਂ ਕਾਰਨ ਮਾਪੇ ਪ੍ਰੇਸ਼ਾਨ—ਡਾ. ਜਗਜੀਤ ਸਿੰਘ ਧੂਰੀ ਫੈਡਰੇਸ਼ਨ ਵੱਲੋਂ ਸਰਕਾਰ ਨੂੰ ਛੁੱਟੀਆਂ ਨਾ ਕਰਨ ਦੀ ਅਪੀਲ



ਧੂਰੀ 27 ਜਨਵਰੀ (ਸੁਰਿੰਦਰ ਸਿੰਘ ) ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ਼ ਪੰਜਾਬ ਦੀ ਕੋਰ ਕਮੇਟੀ ਦੀ ਹੋਈ ਹੰਗਾਮੀ ਮੀਟਿੰਗ ਤੋਂ ਉਪਰੰਤ ਜਾਣਕਾਰੀ ਦਿੰਦੇ ਹੋਏ ਡਾ. ਜਗਜੀਤ ਸਿੰਘ ਧੂਰੀ ਨੇ ਕਿਹਾ ਕਿ ਪੰਜਾਬ ਦੂਜੇ ਸੂਬਿਆਂ ਦੇ ਮੁਕਾਬਲੇ ਬਹੁਤੀਆਂ ਛੁੱਟੀਆਂ ਕਰਨ ਵਿੱਚ ਪਹਿਲੇ ਨੰਬਰ ਤੇ ਆ ਖੜਾ ਹੋਇਆ ਹੈ। ਉਹਨਾਂ ਕਿਹਾ ਕਿ ਫੈਡਰੇਸ਼ਨ ਵੱਲੋਂ ਲਿਖਤੀ ਤੌਰ ਤੇ ਮਾਣਯੋਗ ਸਿੱਖਿਆ ਮੰਤਰੀ ਅਤੇ ਮਾਣਯੋਗ ਮੁੱਖ ਮੰਤਰੀ ਪੰਜਾਬ ਨੂੰ ਪੱਤਰ ਲਿਖਿਆ ਗਿਆ ਹੈ ਕਿ ਸਕੂਲਾਂ ਵਿੱਚ ਹੋਣ ਵਾਲੀਆਂ ਛੁੱਟੀਆਂ ਲਈ ਢੁਕਵੇਂ ਨਿਯਮ ਨਿਰਧਾਰਿਤ ਕੀਤੇ ਜਾਣ। ਉਹਨਾਂ ਦੱਸਿਆ ਕਿ ਪੰਜਾਬ ਦੇ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲ ਸਾਰਾ ਸਾਲ ਇਸ ਦੁਬਿਧਾ ਵਿੱਚ ਰਹਿੰਦੇ ਹਨ ਕਿ ਕਿਸ ਦਿਨ ਛੁੱਟੀ ਹੋਣੀ ਹੈ ਜਾਂ ਕਿਸ ਦਿਨ ਨਹੀਂ। ਬਹੁਤ ਸਾਰੀਆਂ ਛੁੱਟੀਆਂ ਅਚਨਚੇਤ ਐਲਾਨ ਦਿੱਤੀਆਂ ਜਾਂਦੀਆਂ ਹਨ ਜਿਹਨਾਂ ਦੀ ਪੁਸ਼ਟੀ ਨਾ ਸਰਕਾਰੀ ਸਕੂਲਾਂ ਕੋਲ ਹੁੰਦੀ ਹੈ ਅਤੇ ਨਾ ਹੀ ਸਬੰਧਿਤ ਜ਼ਿਲਾ ਸਿੱਖਿਆ ਅਫਸਰ ਸਾਹਿਬਾਨਾਂ ਕੋਲ। ਅਕਸਰ ਅਜਿਹੇ ਫ਼ਰਮਾਨ ਰਾਤ ਨੂੰ ਆਉਂਦੇ ਹਨ ਜਿਹਨਾਂ ਵਿੱਚੋਂ ਬਹੁਤੇ ਸੋਸ਼ਲ ਮੀਡੀਆ ਉੱਪਰ ਫੇਕ ਵੀ ਹੁੰਦੇ ਹਨ। ਉਹਨਾਂ ਕਿਹਾ ਕਿ ਸਾਲ ਵਿੱਚ ਪੜ੍ਹਾਈ ਦੇ 220 ਕੰਮ—ਕਾਜ਼ੀ ਦਿਨ ਘੱਟ ਤੋਂ ਘੱਟ ਨਿਸ਼ਚਿਤ ਕੀਤੇ ਜਾਂਦੇ ਹਨ ਪਰੰਤੂ ਹਰ ਸਾਲ ਜ਼ਿਆਦਾ ਮੀਂਹ ਪੈਣ ਕਾਰਨ ਅਤੇ ਜ਼ਿਆਦਾ ਠੰਢ ਪੈਣ ਕਾਰਨ ਲਗਭਗ 20 ਕੰਮ—ਕਾਜ਼ੀ ਦਿਨ ਘਟ ਜਾਂਦੇ ਹਨ ਅਤੇ ਕੁੱਲ ਕੰਮ—ਕਾਜ਼ੀ ਦਿਨ 200 ਤੋਂ ਵੀ ਘੱਟ ਰਹਿ ਜਾਂਦੇ ਹਨ। ਇਸ ਸਾਲ 24 ਦਸੰਬਰ ਤੋਂ ਹੋਈਆਂ ਛੁੱਟੀਆਂ 13 ਜਨਵਰੀ ਤੱਕ ਚੱਲੀਆਂ ਅਤੇ ਇਸੇ ਤਰਾਂ ਹੀ ਜੂਨ ਦੀਆਂ ਛੁੱਟੀਆਂ ਵਿੱਚ ਬੇਲੋੜਾ ਵਾਧਾ ਹੋਇਆ। ਹਰ ਸਾਲ 15 ਅਗਸਤ ਅਤੇ 26 ਜਨਵਰੀ ਨੂੰ ਸਕੂਲਾਂ ਨੂੰ ਸਮਝ ਨਹੀਂ ਆਉਂਦੀ ਕਿ ਉਹ ਕੀ ਕਰਨ। ਜੇਕਰ ਸਕੂਲ ਇਿਹਨਾਂ ਦਿਨਾਂ ਨੂੰ ਖੁੱਲਦੇ ਹਨ ਤਾਂ ਵੀ ਵਿਭਾਗ ਵੱਲੋਂ ਸਪਸ਼ਟੀਕਰਨ ਮੰਗ ਲਏ ਜਾਂਦੇ ਹਨ ਅਤੇ ਜੇਕਰ ਛੁੱਟੀ ਰੱਖੀ ਜਾਵੇ ਤਾਂ ਪੰਜਾਬ ਵਿੱਚ ਕੋਈ ਨਾ ਕੋਈ ਮਾਣਯੋਗ ਮੰਤਰੀ ਇਸ ਤੋਂ ਅਗਲੇ ਦਿਨ ਛੁੱਟੀ ਦਾ ਐਲਾਨ ਕਰ ਦਿੰਦਾ ਹੈ। ਡਾ. ਧੂਰੀ ਮੁਤਾਬਕ ਹੋਣਾ ਇਹ ਚਾਹੀਦਾ ਹੈ ਕਿ ਇਹ ਫ਼ੈਸਲੇ ਸੰਸਥਾਵਾਂ ਉੱਪਰ ਜਾਂ ਸਬੰਧਿਤ ਜ਼ਿਲੇ ਉੱਪਰ ਛੱਡ ਦੇਣੇ ਚਾਹੀਦੇ ਹਨ ਕਿ ਉਹ ਸਿਰਫ਼ ਇੱਕ ਦਿਨ ਛੁੱਟੀ ਰੱਖਣ। ਇਸ ਤਰ੍ਹਾਂ ਬਹੁਤ ਸਾਰੇ ਤਿਉਹਾਰ ਅਤੇ ਮਹੱਤਵਪੂਰਨ ਦਿਨ ਆਉਂਦੇ ਹਨ ਜਿਹਨਾਂ ਨੂੰ ਇੱਕ ਜਾਂ ਦੋ ਘੰਟੇ ਸਕੂਲ ਲੇਟ ਲਗਾਉਣ ਨਾਲ ਕੰਮ ਚੱਲ ਸਕਦਾ ਹੈ। ਜਿਹਨਾਂ ਗੁਰੂਆਂ—ਪੀਰਾਂ ਅਤੇ ਦੇਸ਼—ਭਗਤਾਂ ਦੇ ਨਾਂ ਤੇ ਅਸੀਂ ਛੁੱਟੀਆਂ ਦਾ ਅਨੰਦ ਮਾਣਦੇ ਹਾਂ ਉਹਨਾਂ ਨੇ ਕਦੇ ਨਹੀਂ ਚਾਹਿਆ ਹੋਵੇਗਾ ਕਿ ਇਸ ਸੋਹਣੇ ਪੰਜਾਬ ਦੇ ਲੋਕ ਇਹਨਾਂ ਦਿਨਾਂ ਦੀ ਆੜ ਹੇਠ ਕੋਈ ਕੰਮ ਨਾ ਕਰਨ। ਉਹਨਾਂ ਕਿਹਾ ਕਿ ਸਗੋਂ ਇਹਨਾਂ ਦਿਨਾਂ ਵਿੱਚ ਸਾਨੂੰ ਗੁਰੂ—ਸਾਹਿਬਾਨਾਂ ਅਤੇ ਸ਼ਹੀਦਾਂ ਨੂੰ ਯਾਦ ਕਰਦੇ ਹੋਏ ਵੱਧ ਕੰਮ ਕਰਨਾ ਚਾਹੀਦਾ ਹੈ। 27 ਜਨਵਰੀ ਦੀ ਇਸ ਸਾਲ ਪੂਰੇ ਪੰਜਾਬ ਵਿੱਚ ਹੋਈ ਛੁੱਟੀ ਨੇ ਬੋਰਡ ਦੀਆਂ ਪ੍ਰਯੋਗੀ ਪ੍ਰੀਖਿਆਵਾਂ ਦੀ ਡੇਟ ਸ਼ੀਟ ਨੂੰ ਤਹਿਸ ਨਹਿਸ ਕਰ ਦਿੱਤਾ ਹੈ। ਉਹਨਾਂ ਦੱਸਿਆ ਕਿ ਫੈਡਰੇਸ਼ਨ ਵੱਲੋਂ ਇਹਨਾਂ ਸਮੱਸਿਆਵਾਂ ਨੂੰ ਲੈ ਕੇ ਇੱਕ ਮੰਗ ਪੱਤਰ ਸਿੱਖਿਆ ਵਿਭਾਗ ਨੂੰ ਲਿਖਿਆ ਹੈ। ਉਮੀਦ ਹੈ ਕਿ ਵਿਭਾਗ ਇਸ ਉੱਪਰ ਗੰਭੀਰਤਾ ਨਾਲ ਵਿਚਾਰ ਕਰੇਗਾ।

## ਅਣਪਛਾਤੀ ਬੱਸ ਨੇ ਐਕਟਿਵਾ ਸਕੂਟਰੀ ਨੂੰ ਮਾਰੀਂ ਫੇਟ ਐਕਟਿਵਾ ਤੇ ਸਵਾਰ ਪਿਉ ਧੀ ਗੰਭੀਰ ਜ਼ਖਮੀ ਜਾਨੀ ਨੁਕਸਾਨ ਦਾ ਬਚਾਅ ਐਕਟਿਵਾ ਸਕੂਟਰੀ ਬੁਰੀ ਤਰ੍ਹਾਂ ਨਾਲ ਨੁਕਸਾਨੀ ਗਈ

ਨਵਾਂਸ਼ਹਿਰ /ਕਾਠਗੜ੍ਹ 27 ਜਨਵਰੀ (ਜਤਿੰਦਰ ਪਾਲ ਸਿੰਘ ਕਲੇਰ ) ਰੋਪੜ੍ਹ ਬਲਾਚੌਰ ਨੈਸ਼ਨਲ ਹਾਈਵੇ ਤੇ ਨੇੜੇ ਪਿੰਡ ਜਮੀਤਗੜ੍ਹ ਭੱਲਾ ਦੇ ਕੋਲ ਐਕਸੀਡੈਂਟ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਸ ਐਸ ਐਫ ਟੀਮ ਦੇ ਇੰਚਾਰਜ ਏ ਐਸ ਆਈ ਕੁਲਵੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਕੰਟ੍ਰੋਲਰ ਰੂਮ ਨਵਾਂਸ਼ਹਿਰ ਤੋਂ ਇਤਲਾਹ ਮਿਲੀ ਕਿ ਪਿੰਡ ਜਮੀਤਗੜ੍ਹ ਭੱਲਾ ਦੇ ਕੋਲ ਐਕਸੀਡੈਂਟ ਹੋ ਗਿਆ ਹੈ ਉਹ ਤਰੁੰਤ ਆਪਣੀ ਟੀਮ ਲੈ ਕੇ ਮੌਕੇ ਤੇ ਪਹੁੰਚ ਕੇ ਦੇਖਿਆ ਕਿ ਐਕਟਿਵਾ ਸਕੂਟਰੀ ਪੀ ਬੀ ,02 ਸੀ ਈ 2705ਜਿਸ ਨੂੰ ਗਗਨਦੀਪ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਰੈਲਮਾਜਰਾ ਥਾਣਾ ਕਾਠਗੜ੍ਹ ਜਿਲ੍ਹਾਂ ਸ਼ਹੀਦ ਭਗਤ ਸਿੰਘ ਨਗਰ ਚਲਾ ਰਿਹਾ ਸੀ ਅਤੇ ਉਸ ਦੇ ਮਗਰ ਉਸ ਦੀ ਬੇਟੀ ਏਕਨੂਰ ਕੌਰ ਬੈਠੀ ਸੀ। ਜੋ ਕਿ ਬਲਾਚੌਰ ਸਾਇਡ ਤੋਂ ਆਪਣੇ ਪਿੰਡ ਰੈਲ ਮਾਜਰਾ ਨੂੰ ਜਾ ਰਿਹਾ ਸੀ। ਰਾਹਗੀਰ ਦੇ ਦੱਸਣ ਮੁਤਾਬਿਕ ਜਦੋਂ ਉਹ ਪਿੰਡ ਜਮੀਤਗੜ੍ਹ ਭੱਲਾ ਦੇ ਨੇੜੇ ਪਹੁੰਚੀਆਂ ਤਾਂ ਪਿੱਛੇ ਆ ਰਹੀ ਅਣਪਛਾਤੀ ਬੱਸ ਐਕਟਿਵਾ ਸਕੂਟਰੀ ਨੂੰ ਫੇਟ ਮਾਰ ਕੇ ਮੌਕੇ ਤੋਂ ਫਰਾਰ ਹੋ ਗਿਆ ।ਜਿਸ ਨਾਲ ਐਕਟਿਵਾ ਸਕੂਟਰੀ ਤੇ ਸਵਾਰ ਗਗਨਦੀਪ ਤੇ ਉਨ੍ਹਾਂ ਦੀ ਬੇਟੀ ਏਕਨੂਰ ਗੰਭੀਰ ਜ਼ਖਮੀ ਹੋ ਗਈ । ਜਿਨ੍ਹਾਂ ਨੂੰ ਇਲਾਜ ਲਈ ਨੈਸ਼ਨਲ ਹਾਈਵੇ ਅਥਾਰਟੀ ਦੀ ਐਬੂਲੈਂਸ ਰਾਹੀ ਸਿਵਲ ਹਸਪਤਾਲ ਰੋਪੜ੍ਹ ਲਿਜਾਇਆ ਗਿਆ ਅਤੇ ਹਾਦਸੇ ਵਿੱਚ ਐਕਟਿਵਾ ਸਕੂਟਰੀ ਬੁਰੀ ਤਰ੍ਹਾਂ ਨਾਲ ਨੁਕਸਾਨੀ ਗਈ। ਜਾਨੀ ਨੁਕਸਾਨ ਦਾ ਬਚਾਅ ਹੋ ਗਿਆ ।ਐਸ ਐਸ ਐਫ ਦੀ ਟੀਮ ਵਲੋਂ ਐਕਟਿਵਾ ਸਕੂਟਰੀ ਨੂੰ ਸੁਰੱਖਿਅਤ ਜਗ੍ਹਾ ਤੇ ਖੜ੍ਹਾ ਦਿੱਤਾ ।ਇਸ ਹਾਦਸੇ ਦੀ ਖਬਰ ਥਾਣਾ ਕਾਠਗੜ੍ਹ ਤੇ ਕੰਟ੍ਰੋਲਰ ਨਵਾਂਸ਼ਹਿਰ ਨੂੰ ਦਿੱਤੀ ਗਈ।

## ਬਹਾਵਲਪੁਰ ਬਰਾਦਰੀ ਮਹਾਸੰਘ ਨੇ 41ਵਾਂ ਰਾਸ਼ਨ ਵੰਡ ਸਮਾਰੋਹ ਕਰਵਾਇਆ ਮਹਾਸੰਘ ਵੱਲੋ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜ ਸ਼ਲਾਘਾਯੋਗ- ਅਸ਼ੋਕ ਧੀਮਾਨ,ਦੇਵ ਰਾਜ ਪਾਹਵਾ

ਬੱਸੀ ਪਠਾਣਾਂ, 27 ਜਨਵਰੀ (ਚੰਨਪ੍ਰੀਤ ਪਨੇਸਰ)ਬਹਾਵਲਪੁਰ ਬਰਾਦਰੀ ਮਹਾਸੰਘ ਰਜਿ ਬੱਸੀ ਪਠਾਣਾਂ ਵਲੋਂ ਪ੍ਰਧਾਨ ਗੋਪਾਲ ਕ੍ਰਿਸ਼ਨ ਹਸੀਜਾ ਦੀ ਅਗਵਾਈ ਹੇਠ 41ਵਾਂ ਰਾਸ਼ਨ ਵੰਡ ਸਮਾਰੋਹ ਡੇਰਾ ਸੁਆਮੀ ਨਰਾਇਣ ਪੁਰੀ ਦੇਵੀ ਮੰਦਰ ਬੱਸੀ ਪਠਾਣਾਂ ਵਿੱਖੇ ਕਰਵਾਇਆ ਗਿਆ। ਸਮਾਰੋਹ ਦੌਰਾਨ ਮਹਾਸੰਘ ਵੱਲੋ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦਿੱਤਾ ਗਿਆ ਅਤੇ ਕੰਬਲ ਵੀ ਵੰਡੇ ਗਏ। ਇਸ ਮੌਕੇ ਨਗਰ ਕੌਂਸਲ ਬੱਸੀ ਪਠਾਣਾਂ ਦੇ ਸਾਬਕਾ ਪ੍ਰਧਾਨ ਤੇ ਧੀਮਾਨ ਬ੍ਰਾਹਮਣ ਸਭਾ ਦੇ ਪ੍ਰਧਾਨ ਅਸ਼ੋਕ ਧੀਮਾਨ ਨੇ ਵਿਸੇਸ਼ ਮਹਿਮਾਨ ਅਤੇ ਡੇਰਾ ਸੁਆਮੀ ਨਰਾਇਣ ਦੇਵੀ ਮੰਦਰ ਦੇ ਪ੍ਰਧਾਨ ਦੇਵ ਰਾਜ ਪਾਹਵਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਸਾਨੂੰ ਮਾਣ ਹੈ ਕਿ ਬਹਾਵਲਪੁਰ ਬਰਾਦਰੀ ਮਹਾਸੰਘ ਬੱਸੀ ਪਠਾਣਾਂ ਲੰਮੇ ਸਮੇਂ ਤੋਂ ਇਲਾਕੇ ਅੰਦਰ ਲੋੜਵੰਦਾਂ ਦੀਆਂ ਲੋੜਾਂ ਪੂਰੀਆਂ ਕਰਨ ਲਈ ਵੱਡੇ ਪੱਧਰ ਤੇ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮਹਾਸੰਘ ਨੇ ਸਮਾਜ ਸੇਵਾ ਦੇ ਖੇਤਰ ਵਿੱਚ ਵਿਲੱਖਣ ਕਾਰਜ ਕਰਕੇ ਜਿਲ੍ਹੇ ਅੰਦਰ ਆਪਣੀ ਵੱਖਰੀ ਪਹਿਚਾਣ ਬਣਾਈ ਹੈ। ਮਹਾਸੰਘ ਦੇ ਪ੍ਰਬੰਧਕ ਅਤੇ ਮੈਂਬਰ ਵਧਾਈ ਦੇ ਪਾਤਰ ਹਨ।



ਮਹਾਸੰਘ ਦੇ ਚੈਅਰਮੈਨ ਅਰਜੁਨ ਸੇਤੀਆ ਨੇ ਕਿਹਾ ਕਿ ਸੰਸਥਾ ਦਾਨੀ ਸੱਜਣਾਂ ਦੀ ਹਮੇਸ਼ਾ ਸ਼ੁਕਰਗੁਜ਼ਾਰ ਰਹੇਗੀ ਜਿਨ੍ਹਾਂ ਦੀ ਬਦੌਲਤ ਅਸੀਂ ਸਮਾਜ ਸੇਵਾ ਦੇ ਖੇਤਰ ਵਿੱਚ ਵਿਲੱਖਣ ਕਾਰਜ ਕਰਨ ਦੇ ਸਮਰੱਥ ਹੋਏ ਹਾਂ। ਇਸ ਮੌਕੇ ਮਹਾਸੰਘ ਦੇ ਚੈਅਰਮੈਨ ਅਰਜੁਨ ਸੇਤੀਆ,ਪ੍ਰਧਾਨ ਗੋਪਾਲ ਕ੍ਰਿਸ਼ਨ ਹਸੀਜਾ,ਸੀਨੀਅਰ ਮੀਤ ਪ੍ਰਧਾਨ ਸੁਸ਼ੀਲ ਕੁਮਾਰ ਗਰੋਵਰ, ਸੱਕਤਰ ਲਾਲੀ ਵਰਮਾ, ਕੈਸ਼ੀਅਰ ਰਾਮ ਲਾਲ ਕੌਸ਼ਲ,ਸੀਨੀਅਰ ਸਰਪ੍ਰਸਤ ਮਦਨ ਲਾਲ ਟੁਲਾਨੀ,ਵਾਸਦੇਵ ਨੰਦਾ,ਲੀਲਾ ਰਾਮ,ਜਤਿੰਦਰ ਗੁਰਾਨੀ ਬਿੱਲੂ ਤੇ ਭਾਰਤੀਯ ਬਹਾਵਲਪੁਰ ਮਹਾਸੰਘ ਦੇ ਜਿਲ੍ਹਾ ਪ੍ਰਧਾਨ ਕਿਸ਼ੋਰੀ ਲਾਲ ਚੁੱਘ ਤੋਂ ਇਲਾਵਾ ਮੰਦਰ ਕਮੇਟੀ ਦੇ ਪ੍ਰਬਧੰਕ ਅਸ਼ੋਕ ਟੁਲਾਨੀ,ਹਰੀਸ਼ ਚਾਵਲਾ,ਜਗਦੀਸ਼ ਆੜ੍ਹਤੀ,ਹਰੀਸ਼ ਸ਼ਰਮ ਅਤੇ ਮਹਾਂਸੰਘ ਦੇ ਮੈਂਬਰ ਰਾਕੇਸ਼ ਰਬੜ,ਪਵਨ ਮੁਖੀਜਾ, ਮਨੋਹਰ ਲਾਲ ਹਸੀਜਾ,ਹਰੀ ਚੰਦ ਸ਼ਾਹ,ਨਰੇਸ਼ ਸਚਦੇਵਾ,ਰਾਧੇ ਸ਼ਾਮ ਜਾਵਾ,ਪੰਕਜ਼ ਮੁਖੀਜਾ ਆਦਿ ਹਾਜ਼ਰ ਸਨ।

## ਛੀਨਾ ਨੇ ਹਿੰਦ-ਪਾਕਿ ਸਰਹੱਦੀ ਵਾੜ ਦੇ ਹੱਲ ਲਈ ਮੋਦੀ ਸਰਕਾਰ ਦੀ ਕੀਤੀ ਸ਼ਲਾਘਾ

## ਕਿਹਾ : ਮੋਦੀ ਅਤੇ ਅਮਿਤ ਸ਼ਾਹ ਵੱਲੋਂ ਵਾੜ ਦੇ ਮੁੱਦੇ ਨੂੰ ਹੱਲ ਕਰਨਾ ਕਿਸਾਨਾਂ ਹਿੱਤ

ਅੰਮ੍ਰਿਤਸਰ, 27 ਜਨਵਰੀ (ਗੁਰਪ੍ਰੀਤ ਸਿੰਘ ਡੱਬ),ਭਾਰਤ-ਪਾਕਿ ਸਰਹੱਦ ’ਤੇ ਪੰਜਾਬ ਦੇ ਕਈ ਜ਼ਿਲ੍ਹਿਆਂ ’ਚ ਸਾਲ 1990 ਦੇ ਦਹਾਕੇ ਦੌਰਾਨ ਸਥਾਪਿਤ ਕੰਡਿਆਲੀ ਤਾਰ ਦੇ ਨਤੀਜੇ ਵਜੋਂ ਹਜ਼ਾਰਾਂ ਏਕੜ ਵਾਹੀਯੋਗ ਜ਼ਮੀਨ ਖੁਸਣ ਕਾਰਨ ਕਿਸਾਨਾਂ ਦੇ ਚਿਰਾਂ ਤੋਂ ਲਟਕ ਰਹੇ ਮਸਲੇ ਨੂੰ ਮੋਦੀ ਸਰਕਾਰ ਵੱਲੋਂ ਹੱਲ ਕਰਨ ਦੇ ਸ਼ਲਾਘਾਯੋਗ ਫੈਸਲੇ ਦਾ ਅੱਜ ਭਾਜਪਾ ਦੇ ਸੀਨੀਅਰ ਆਗੂ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਪੁਰਜ਼ੋਰ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੇ ਨੁਖੀਲੀ ਤਾਰ ਨੂੰ ਅੰਤਰਰਾਸ਼ਟਰੀ ਸਰਹੱਦ ਦੇ ਨੇੜੇ ਤਬਦੀਲ ਕਰਕੇ ਕਿਸਾਨ ਹਿੱਤ ਵੱਡਾ ਫੈਸਲਾ ਲਿਆ ਹੈ।

ਸ: ਛੀਨਾ ਨੇ ਸ੍ਰੀ ਮੋਦੀ ਅਤੇ ਸ੍ਰੀ ਸ਼ਾਹ ਨੂੰ 6 ਦਸੰਬਰ 2025 ਨੂੰ ਲਿਖੇ ਆਪਣੇ ਪੱਤਰ ਸਬੰਧੀ ਜਾਣਕਾਰੀ ਪੱਤਰਕਾਰਾਂ ਨਾਲ ਸਾਂਝੀ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਇਸ ਕੰਡਿਆਲੀ ਤਾਰ ਨੂੰ ਅੰਤਰਰਾਸ਼ਟਰੀ ਸਰਹੱਦ ਦੇ ਨਜ਼ਦੀਕ ਮੁੜ ਸਥਾਪਿਤ ਕਰਕੇ ਹਜ਼ਾਰਾਂ ਏਕੜ ਵਾਹੀਯੋਗ ਜ਼ਮੀਨ ਕਿਸਾਨਾਂ ਨੂੰ ਬਚਾ ਕੇ ਦੇਣ ਲਈ ਉਚਿੱਤ ਫ਼ੈਸਲਾ ਲਿਆ। ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕਾਰਨ ਸਰਹੱਦੀ ਸੁਰੱਖਿਆ ਨੂੰ ਮਜ਼ਬੂਤ ਕਰਨ ਸਬੰਧੀ ਉਕਤ ਫੈਸਲੇ ਲਈ ਠੋਸ ਕਦਮ ਚੁੱਕੇ ਹਨ।

ਉਨ੍ਹਾਂ ਕਿਹਾ ਕਿ ਉਕਤ ਮੁੱਦਾ ਦਹਾਕਿਆਂ ਤੋਂ ਹਜ਼ਾਰਾਂ ਕਿਸਾਨਾਂ ਲਈ ਕੰਡਿਆਲੀ ਵਾੜ ਤੋਂ ਬਾਹਰ ਜਾ ਕੇ ਖੇਤੀ ਨੂੰ ਵਾਹਣ ਸਬੰਧੀ ਸਮੱਸਿਆ ਦਾ ਕਾਰਨ ਬਣਿਆ ਹੋਇਆ ਸੀ। ਉਨ੍ਹਾਂ ਕਿਹਾ ਕਿ ਸਾਲ 1990 ਨੂੰ ਸੁਰੱਖਿਆ ਚੁਣੌਤੀਆਂ ਕਾਰਨ ਭਾਰਤੀ ਖੇਤਰ ਦੇ ਅੰਦਰ ਬਣਾਈ ਗਈ ਵਾੜ ਸਦਕਾ ਖੇਤੀਯੋਗ ਜ਼ਮੀਨ ਦੇ ਵੱਡੇ ਹਿੱਸੇ ਕਿਸਾਨਾਂ ਦੀ ਪਹੁੰਚ ਤੋਂ ਬਾਹਰ ਸਨ। ਉਨ੍ਹਾਂ ਕਿਹਾ ਕਿ ਇਸ ਤਹਿਤ ਕਿਸਾਨਾਂ ਨੂੰ ਨਿਯਮਿਤ ਸਮਾਂ ਸੀਮਾ ਤਹਿਤ ਅਤੇ ਸਖ਼ਤ ਸੁਰੱਖਿਆ ਪ੍ਰੋਟੋਕੋਲ ਹੇਠ ਕੰਮ ਕਰਨ ਲਈ ਮਜ਼ਬੂਰ ਰਹਿ ਕੇ ਰੋਜ਼ੀ-ਰੋਟੀ ਕਮਾਉਣਾ ਬਹੁਤ ਔਖਾ ਲੱਗਦਾ ਸੀ।



ਉਨ੍ਹਾਂ ਵਾੜ ਦੀ ਤਬਦੀਲੀ ਰਾਹੀਂ ਸਮੱਸਿਆ ਨੂੰ ਹੱਲ ਕਰਨ ਦੇ ਫ਼ੈਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਜਿੱਥੇ ਬੀ. ਐੱਸ. ਐੱਫ. ਕੰਟਰੋਲ ਵਧੇਗਾ, ਉਥੇ ਇਹ ਨਾ ਸਿਰਫ਼ ਖੇਤੀਬਾੜੀ ਜ਼ਮੀਨ ਦੀ ਉਤਪਾਦਕ ਵਰਤੋਂ ਨੂੰ ਬਹਾਲ ਕਰੇਗਾ, ਬਲਕਿ ਸਰਹੱਦ ਪਾਰ ਤਸਕਰੀ ਅਤੇ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਵੀ ਕਾਫ਼ੀ ਹੱਦ ਤੱਕ ਰੋਕੇਗਾ।

ਉਨ੍ਹਾਂ ਨੇ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਵਾੜ ਦੇ ਨਵੀਂ ਅੰਤਰਰਾਸ਼ਟਰੀ ਸਰਹੱਦ ਵਿਚਕਾਰਲੀ ਜ਼ਮੀਨ ਨੂੰ ਸਰਕਾਰ ਵੱਲੋਂ ਐਕਵਾਇਰ ਕਰਕੇ ਬੀ. ਐੱਸ. ਐੱਫ. ਦੇ ਸਿੱਧੇ ਨਿਯੰਤਰਣ ਹੇਠ ਰੱਖਿਆ ਜਾਵੇ। ਬੀ. ਐੱਸ. ਐੱਫ਼. ਜ਼ਮੀਨ ਦੀ ਵਰਤੋਂ ਦਾਲਾਂ ਦੀ ਕਾਸ਼ਤ ਲਈ ਕਰ ਸਕਦੀ ਹੈ ਅਤੇ ਜਿੱਥੇ ਟਿਊਬਵੈੱਲ ਉਪਲਬਧ ਹਨ, ਉੱਥੇ ਉਹ ਆਪਣੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਸਬਜ਼ੀਆਂ ਦੀ ਪੈਦਾਵਾਰ ਕਰ ਸਕਦੇ ਹਨ ਅਤੇ ਵਾਧੂ ਉਤਪਾਦ ਖੁੱਲ੍ਹੇ ਬਾਜ਼ਾਰ ’ਚ ਵੀ ਵੇਚੇ ਜਾ ਸਕਦੇ ਹਨ।

ਸ: ਛੀਨਾ ਨੇ ਕਿਹਾ ਕਿ ਮੋਦੀ ਸਰਕਾਰ ਨੇ ਇਕ ਵਾਰ ਫ਼ਿਰ ਦਰਸਾਇਆ ਹੈ ਕਿ ਰਾਸ਼ਟਰੀ ਸੁਰੱਖਿਆ ਅਤੇ ਕਿਸਾਨ ਭਲਾਈ ਪੂਰਕ ਤਰਜੀਹਾਂ ਹਨ। ਉਨ੍ਹਾਂ ਕਿਹਾ ਕਿ ਉਕਤ ਫ਼ੈਸਲੇ ਸਬੰਧੀ ਜਨਤਕ ਚਿੰਤਾਵਾਂ ਨੂੰ ਸੁਣਨ, ਵਿਹਾਰਕ ਅਤੇ ਲੰਬੇ ਸਮੇਂ ਤੋਂ ਲਟਕ ਰਹੀ ਮੰਗ ਨੂੰ ਹੱਲ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਉਨ੍ਹਾਂ ਉਮੀਦ ਜਾਹਿਰ ਕਰਦਿਆਂ ਕਿਹਾ ਕਿ ਇਹ ਕਦਮ ਪੰਜਾਬ ਦੇ ਸਰਹੱਦੀ ਖੇਤਰਾਂ ’ਚ ਸੁਰੱਖਿਆ ਅਤੇ ਖੁਸ਼ਹਾਲੀ ਦੇ ਇਕ ਨਵੇਂ ਯੁੱਗ ਦੀ ਸ਼ੁਰੂਆਤ ਕਰੇਗਾ।

## ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਾਗੂ ਕਰਨ ਵਾਲਾ ਪੰਜਾਬ ਬਣਿਆ ਦੇਸ਼ ਦਾ ਪਹਿਲਾ ਸੂਬਾ - ਕਸ਼ਮੀਰ ਸਿੰਘ ਲਾਲਕਾ

## ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨਕਿਹਾ; ਸਲਮ ਏਰੀਏ ਵਿਚ ਜਾ ਕੇ ਇਸ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ।

ਨਾਭਾ 27 ਜਨਵਰੀ (ਸੁਖਬੀਰ ਸਿੰਘ ਬੂਹੀ) ਪੰਜਾਬ ਸਰਕਾਰ ਵਲੋਂ ਸੂਬਾ ਵਾਸੀਆਂ ਨੂੰ ਮਿਆਰੀ ਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਮੁੱਖ ਮੰਤਰੀ ਸਿਹਤ ਯੋਜਨਾ ਦੀ ਨਿਵੇਕਲੀ ਪਹਿਲ ਦੀ ਸ਼ੁਰੂਆਤ ਕੀਤੀ ਗਈ ਜੋ ਲੋਕਾਂ ਲਈ ਵਰਦਾਨ ਸਾਬਿਤ ਹੋਵੇਗੀ। ਇਹਨਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਦੇ ਨਾਲ ਲੱਗਦੇ ਅਲਹੌਰਾਂ ਗੇਟ ਵਾਰਡ ਨੰਬਰ 1 ਅਤੇ ਆਮ ਆਦਮੀ ਪਾਰਟੀ ਦੇ ਆਗੂ ਕਸ਼ਮੀਰ ਸਿੰਘ ਲਾਲਕਾ ਬਲਾਕ ਪ੍ਰਧਾਨ ਨੇ ਸਲਮ ਏਰੀਏ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਬੀਮੇ ਜੀ ਸ਼ੁਰੂਆਤ ਕਰਨ ਉਪਰੰਤ ਕੀਤਾ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਸ਼ੁਰੂ ਕੀਤੀ ਗਈ ਇਸ ਪਹਿਲ ਨਾਲ ਹਰੇਕ ਵਿਅਕਤੀ ਨੂੰ 10 ਲੱਖ ਰਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦਾ ਲਾਭ ਮਿਲੇਗਾ। ਉਨ੍ਹਾਂ ਨੇ ਅੱਗੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਾਗੂ ਕਰਨ ਵਾਲਾ ਪੰਜਾਬ ਦੇਸ਼ ਭਰ ਵਿੱਚ ਪਹਿਲਾ ਸੂਬਾ ਬਣ ਗਿਆ ਹੈ ।ਉਨ੍ਹਾਂ ਕਿਹਾ ਕਿ ਸਿਹਤ ਬੀਮਾ ਯੋਜਨਾ ਨਾਲ ਲੋਕਾਂ ਨੂੰ ਸਿਹਤ ਸੰਭਾਲ ਵਿੱਚ ਬਹੁਤ ਵੱਡਾ ਲਾਭ ਮਿਲੇਗਾ ਅਤੇ ਉਹ ਬਿਨਾਂ ਕਿਸੇ ਪਰੇਸ਼ਾਨੀ ਦੇ ਆਪਣਾ ਮੁਫ਼ਤ ਇਲਾਜ ਕਰਵਾ ਸਕਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਨਿਵੇਕਲੀ ਪਹਿਲ ਸੂਬਾ ਵਾਸੀਆ ਲਈ ਵਰਦਾਨ ਸਾਬਿਤ ਹੋਵੇਗੀ ਅਤੇ ਇਸ ਸਕੀਮ ਤਹਿਤ 10 ਲੱਖ ਰੁਪਏ ਦੇ ਇਲਾਜ ਤੱਕ ਦਾ ਸਾਰਾ ਖਰਚਾ ਪੰਜਾਬ ਸਰਕਾਰ ਵਲੋਂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸੂਬਾ ਵਾਸੀ ਜਿਸ ਪਾਸ ਪੰਜਾਬ ਦਾ ਅਧਾਰ ਕਾਰਡ ਜਾਂ ਵੋਟਰ ਕਾਰਡ ਹੈ, ਇਸ ਸਕੀਮ ਦਾ ਲਾਭ ਲੈ ਸਕਦਾ ਹੈ ।ਕਸ਼ਮੀਰ ਸਿੰਘ ਲਾਲਕਾ ਬਲਾਕ ਪ੍ਰਧਾਨ ਅਲਹੌਰਾਂ ਗੇਟ ਨਾਭਾ ਨੇ ਕਿਹਾ ਕਿ ਯੋਜਨਾ ਦੀ ਵਿਸ਼ੇਸ਼ਤਾ ਇਹ ਹੈ ਕਿ ਇਸ ਦੇ ਲਾਭਲਈ ਕਿਸੇ ਵੀ ਪਰਿਵਾਰ ਨੂੰ ਆਪਣੀ ਆਮਦਨ, ਵਰਗ ਜਾਂ ਸਮਾਜਿਕ ਸਥਿਤੀ ਦੇ ਆਧਾਰ 'ਤੇ ਕਿਸੇ ਕਿਸਮ ਦੀ ਭੇਦਭਾਵ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਇਸ ਨਾਲ ਗਰੀਬ, ਮਜ਼ਦੂਰ, ਕਿਸਾਨ ਅਤੇ ਮੱਧ ਵਰਗ ਦੇ ਪਰਿਵਾਰਾਂ ਨੂੰ ਗੰਭੀਰ ਬਿਮਾਰੀ ਦੇ ਸਮੇਂ ਵੱਡੀ ਆਰਥਿਕ ਰਾਹਤ ਮਿਲੇਗੀ ਅਤੇ ਉਨ੍ਹਾਂ ਨੂੰ ਕਰਜ਼ੇ ਜਾਂ ਜਾਇਦਾਦ ਵੇਚਣ ਵਰਗੀਆਂ ਮੁਸ਼ਕਲਾਂ ਤੋਂ ਬਚਾਇਆ ਜਾ ਸਕੇਗਾ ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਿਹਤ ਵਿਭਾਗ ਵਲੋਂ ਵੱਖ-ਵੱਖ ਥਾਵਾਂ ਉਤੇ ਲਗਾਏ ਜਾਣ ਗਏ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਸਿਹਤ ਕਾਰਡ ਰਜਿਸਟਰੇਸ਼ਨਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਨੂੰ ਯਕੀਨੀ ਬਣਾਉਣ ।ਇਸ ਮੌਕੇ ਮਹਲਾ ਵਾਸੀ ਰਾਣਾ ਸਿੰਘ ਗੁਲਾਬ,ਬਿੱਟੂ ਸਿੰਘ ਗੁਲਾਬ,ਰਵੀ,ਕ੍ਰਿਸ਼ਨ,ਹੈਪੀ ਰਾਮ,ਮਨਜੀਤ ਕੌਰ,ਸੁਨੀਤਾ ਰਾਣੀ,ਮੋਹਨ ਲਾਲ,ਦਲਵਾਰਾ ਰਾਮ,ਪਰਵਿੰਦਰ ਸਿੰਘ ਬਿੱਟੂ ,ਵਿਜੇ ਰਾਮ ਲਾਲਕਾ ਆਦਿ ਹਾਜ਼ਰ ਸਨ।





## ਆਪਣੇ ਪਲੇਠੇ ਸਿੰਗਲ ਟਰੈਕ "ਬਾਜ" ਨਾਲ ਉਭਰਦੇ ਬਾਲ ਲੋਕ ਗਾਇਕ "ਗੁਰਕਮਲ ਮੱਟੂ" ਵਿਲੱਖਣ ਭੱਲ ਸਥਾਪਿਤ ਕਰਨਗੇ।

ਪੰਜਾਬੀ ਸੰਗੀਤ ਜਗਤ ਵਿੱਚ ਨਿੱਕੇ ਨਿੱਕੇ ਕਦਮਾਂ ਸੰਗ, ਆਪਣੀ ਸੁਰੀਲੀ ਤੇ ਭਾਵਪੂਰਕ ਦਮਦਾਰ ਬੁਲੰਦ ਆਵਾਜ ਵਿੱਚ, ਆਪਣਾ ਪਲੇਠਾ ਸਿੰਗਲ ਟਰੈਕ "ਬਾਜ" ਲੈ ਸਰੋਤਿਆ ਦੇ ਰੂਬਰੂ ਹੋਣ ਜਾ ਰਹੇ ਹਨ , ਉਭਰਦੇ ਬਾਲ ਲੋਕ ਗਾਇਕ "ਗੁਰਕਮਲ ਮੱਟੂ"। "ਬਾਜ" ਸਿੰਗਲ ਟਰੈਕ ਹਰ ਵਰਗ ਦੀ ਪਹਿਲੀ ਪਸੰਦ ਬਣੇਗਾ। ਇਸ ਸਿੰਗਲ ਟਰੈਕ ਨੂੰ ਸ਼ਬਦਾਂ ਦੀ ਮਾਲਾ 'ਚ ਪਰੋਇਆਂ ਹੈ ,ਪ੍ਰਸਿੱਧ ਗੀਤਕਾਰ "ਬਲਵਿੰਦਰ ਮੰਡ" ਜੀ ਨੇ। ਜੇਕਰ ਇਸ ਦੇ ਸੰਗੀਤਕਾਰ ਦਾ ਜਿਕਰ ਕਰੀਏ ਤਾਂ ਓਹ ਇਸ ਤੋ ਪਹਿਲਾ ਬਹੁਤ ਸਾਰੇ ਸਿੰਗਲ ਟਰੈਕ ਤੇ ਡਿਊਟ ਗੀਤਾਂ ਨੂੰ ਸੰਗੀਤ ਬੱਧ ਕਰ ਚੁੱਕੇ ਹਨ , ਕਿਸੇ ਜਾਣ ਪਹਿਚਾਣ ਦੇ ਮੁਥਾਜ ਨਹੀ, ਓਹ ਸੰਗੀਤਕ ਖੇਤਰ ਦੇ ਦਿਗਜ ਸੰਗੀਤਕਾਰ ਹਨ , ਚਰਚਿਤ ਸੰਗੀਤਕਾਰ " ਰਵਿੰਦਰ ਟੀਨਾ ਜੀ ਤੇ ਸੰਗੀਤ ਕੰਡਿਆਰਾ ਜੀ । ਇਸ ਸਿੰਗਲ ਟਰੈਕ ਦੀ ਵੀਡੀਓਗ੍ਰਾਫੀ ਨੂੰ ਖੂਬਸੂਰਤ ਬੇਹਤਰੀਣ ਛੋਹਾਂ ਦਿੱਤੀਆ, ਨਾਮਵਰ ਵੀਡੀਓਗ੍ਰਾਫਰ "ਓ.ਪੀ ਬੰਟੂ" ਜੀ ਨੇ ।




ਇਸ ਸਿੰਗਲ ਟਰੈਕ ਨੂੰ ਸੰਗੀਤਕ ਪ੍ਰੇਮੀਆ ਦੀ ਕਚਹਿਰੀ ਵਿੱਚ "kwm record" ਕੰਪਨੀ ਤੇ ਮਾਣਮੱਤੇ ਲੋਕ ਗਾਇਕ "ਇੰਦਰ ਮਾਨ" ਪੇਸ਼ ਕੀਤਾ ਗਿਆ। ਇਸ ਸਿੰਗਲ ਟਰੈਕ "ਬਾਜ" ਨੂੰ ਸਰੋਤਿਆ ਵਲੋ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਓਨਾਂ ਦੇ ਪਰਿਵਾਰ ਤੇ ਪ੍ਰਸਿੱਧ ਗੀਤਕਾਰ ਮਨਜਿੰਦਰ ਗੋਲੀ ਜੀ ਦਾ ਵਿਸੇਸ਼ ਧੰਨਵਾਦ ।

ਮੇਰੀਆ ਸੁੱਭਕਾਮਨਾਵਾਂ ਲੋਕ ਗਾਇਕ "ਗੁਰਕਮਲ ਮੱਟੂ" ਤੇ ਓਨਾਂ ਦੀ ਪੂਰੀ ਟੀਮ ਲਈ। ਓਹ ਏਦਾਂ ਹੀ ਸਾਨਦਾਰ ਹਾਜ਼ਰੀ ਨਾਲ ਸਰੋਤਿਆ ਦੇ ਰੂਬਰੂ ਹੁੰਦੇ ਰਹਿਣ ਅਤੇ ਤਰੱਕੀ ਦੇ ਰਾਹ ਪੈ ਮੰਜ਼ਿਲਾਂ ਹਾਸਿਲ ਕਰਦੇ ਰਹਿਣ। ਆਮੀਨ

ਸ਼ਿਵਨਾਥ ਦਰਦੀ ਫ਼ਰੀਦਕੋਟ

## ਰੇਲਗੱਡੀ ਦੀ ਲਪੇਟ ਚ ਆਉਣ ਕਾਰਨ ਨਾਮਾਲੂਮ ਵਿਅਕਤੀ ਦੀ ਮੌਤ

ਬੱਸੀ ਪਠਾਣਾਂ , 27 ਜਨਵਰੀ(ਚੰਨਪ੍ਰੀਤ ਪਨੇਸਰ) ਸ੍ਰੀ ਫ਼ਤਹਿਗੜ੍ਹ ਸਾਹਿਬ-ਬਸੀ ਪਠਾਣਾਂ ਰੇਲ ਮਾਰਗ ਤੇ ਰੇਲਗੱਡੀ ਦੀ ਲਪੇਟ ਚ ਆਉਣ ਕਾਰਨ ਇੱਕ ਨਾਮਾਲੂਮ ਨੌਜਵਾਨ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ। ਮਾਮਲੇ ਦੀ ਜਾਂਚ ਕਰ ਰਹੇ ਜੀ.ਆਰ.ਪੀ. ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਕਾਬਲ ਸਿੰਘ ਨੇ ਦੱਸਿਆ ਕਿ ਫ਼ਤਹਿਗੜ੍ਹ ਸਾਹਿਬ-ਬਸੀ ਪਠਾਣਾਂ ਰੇਲ ਮਾਰਗ ਤੇ ਰੇਲਵੇ ਕਿਲੋਮੀਟਰ ਨੰਬਰ 3/5-6 ਨੇੜੇ ਮਾਲਗੱਡੀ ਦੀ ਲਪੇਟ ਚ ਆਉਣ ਕਾਰਨ ਇੱਕ ਨਾਮਾਲੂਮ ਵਿਅਕਤੀ ਦੀ ਮੌਤ ਹੋ ਗਈ ਹੈ ਜਿਸ ਦੀ ਲਾਸ਼ ਨੂੰ 72 ਘੰਟਿਆਂ ਲਈ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਵਿਖੇ ਰਖਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਦੀ ਉਮਰ ਕਰੀਬ 25/30 ਸਾਲ,ਕੱਦ 5’5,ਰੰਗ ਗੋਰਾ ਜਿਸਨੇ ਨੀਲੇ ਰੰਗ ਦੀ ਜੀਨਸ ਪੈਂਟ ਅਤੇ ਲਾਲ ਰੰਗ ਦੀ ਕਮੀਜ਼ ਅਤੇ ਟੀ ਸ਼ਰਟ ਪਹਿਨੀ ਹੋਈ ਸੀ। ਇਸ ਸਬੰਧੀ ਜੇਕਰ ਕਿਸੇ ਕੋਲ ਕੋਈ ਵੀ ਜਾਣਕਾਰੀ ਹੋਵੇ ਤਾਂ ਤੁਰੰਤ ਜੀ.ਆਰ. ਪੀ. ਥਾਣਾ ਸਰਹਿੰਦ ਜਾਂ ਉਹਨਾਂ ਦੇ ਫੋਨ ਨੰਬਰ 8968331263 ਤੇ ਦਿੱਤੀ ਜਾਵੇ।



## ਡੈਮੋਕਰੇਟਿਕ ਜੰਗਲਾਤ ਮੁਲਾਜਮ ਯੂਨੀਅਨ, ਦੀ ਮੀਟਿੰਗ ਹੋਈ।

ਮਲਾਗਰ ਖਮਾਣੋਂ ਸਮਰਾਲਾ.27, ਜਨਵਰੀ ਡੈਮੋਕਰੇਟਿਕ ਮੁਲਾਜਮ ਫੈਡਰੇਸ਼ਨ ਪੰਜਾਬ ਦਾ ਅੰਗ ਡੈਮੋਕਰੇਟਿਕ ਜੰਗਲਾਤ ਮੁਲਾਜਮ ਯੂਨੀਅਨ ਦੀ ਮੀਟਿੰਗ ਹਰਜੀਤ ਕੌਰ ਜਿਲਾ ਪ੍ਰਧਾਨ, ਮੀਤ ਪ੍ਰਧਾਨ ਕੁਲਦੀਪ ਲਾਲ, ਦਰਸ਼ਨ ਲਾਲ ਚੇਅਰਮੈਨ, ਅਤੇ ਡੈਮੋਕਰੇਟਿਕ ਟੀਚਰਜ ਫਰੰਟ ਜਿਲਾ ਲੁਧਿਆਣਾਂ ਦੇ ਜਨਰਲ ਸਕੱਤਰ ਗੁਪਿੰਦਰਪਾਲ ਸਿੰਘ ਗਿੱਲ ਦੀ ਅਗਵਾਈ ਵਿੱਚ ਸਮਰਾਲਾ ਵਿਖੇ ਹੋਈ। ਮੀਟਿੰਗ ਦਾ ਅਗਾਸ ਡੀ.ਐਮ.ਐਫ ਵਲੋ ਜਾਰੀ ਕੀਤਾ ਸਾਲ 2026 ਦੇ ਕੈਲੰਡਰ ਤੋਂ ਕੀਤਾ ਗਿਆ। ਮੀਟਿੰਗ ਵਿੱਚ ਸ਼ਾਮਲ ਸਿਮਰਨਜੀਤ ਸਿੰਘ ਜਨਰਲ ਸਕੱਤਰ, ਹਰਜੀਤ ਸਿੰਘ ਰੇਂਜ ਪ੍ਰਧਾਨ ,ਜਗਵੀਰ ਸਿੰਘ, ਹਰਦੀਪ ਸਿੰਘ ਲਖਵੀਰ ਸਿੰਘ ਵਲੋ ਪੰਜਾਬ ਸਰਕਾਰ ਨੂੰ ਗੁਹਾਰ ਲਗਾਈ, ਕਿ ਮਹਿਕਮਾਂ ਜੰਗਲਾਤ ਵਿਭਾਗ ਵਿੱਚ ਕੰਮ ਕਰਦੇ ਦਿਹਾੜੀਦਾਰ ਵਰਕਰਜ ਨੂੰ ਤਿੰਨ ਸਾਲ ਦੀ ਸੇਵਾ ਤੋਂ ਬਾਅਦ ਰੈਗੂਲਰ ਕੀਤਾ ਜਾਣਾਂ ਚਾਹੀਦਾ। ਕਿਉਂਕਿ ਪੰਜਾਬ ਸਰਕਾਰ ਵਲੋਂ 16-05-2023 ਦੀ ਪਾਲਿਸੀ ਦਿਹਾੜੀਦਾਰ ਵਰਕਰਜ ਦੀ ਉਮਰ ਗੁਵਾਉ ਪਾਲਿਸੀ ਹੈ। ਦਸ ਸਾਲ ਦੀ ਦਿਹਾੜੀਦਾਰ ਦੇ ਤੋਰ ਤੇ ਕੰਮ ਕਰਦਿਆ ਅੱਧੀ ਤੋਂ ਵੱਧ ਉਮਰ ਲੰਘ ਜਾਂਦੀ ਹੈ।



ਅੱਜ ਦੀ ਮਹਿੰਗਾਈ ਦੇ ਦੌਰ ਵਿੱਚ ਘਰ ਦਾ ਗੁਜਾਰਾ ਬੱਚਿਆ ਦੀ ਪੜ੍ਹਾਈ, ਬਿਮਾਰੀ ਦਾ ਇਲਾਜ ਕਰਵਾਉਣ ਦਿਹਾੜੀਦਾਰ ਦੀ ਮਜਬੂਰ ਬਣੀ ਹੋਈ ਹੈ। ਤਿੰਨ ਸਾਲ ਦੀ ਸੇਵਾ ਦੀ ਪਾਲਿਸੀ/ ਨੋਟੀਫਿਕੇਸ਼ਨ ਤਿਆਰ ਕਰਨ ਵਲ ਵਿਸ਼ੇਸ਼ ਧਿਆਨ ਦਿਤਾ ਜਾਵੇ। ਰੈਗੂਲਰ ਹੋਏ ਬੇਲਦਾਰਾਂ ਦੀ ਸੇਵਾਮੁਕਤੀ ਦੀ ਉਮਰ ਅਨਪੜ੍ਹ ਵਰਕਰ 60 ਸਾਲ ਅਤੇ ਪੜ੍ਹੇ ਲਿਖੇ ਵਰਕਰਜ 58 ਸਾਲ ਦੀ ਉਮਰ ਤੱਕ ਰਿਟਾਇਰਡ ਕਰਨ ਦਾ ਪਾੜ੍ਹਾ ਮਟਾਇਆ ਜਾਵੇ। ਦਰਜਾ ਚਾਰ ਦੀ ਸੇਵਾ ਮੁਕਤੀ ਦੀ ਉਮਰ 60 ਕੀਤੀ ਜਾਵੇ। ਦਿਹਾੜੀਦਾਰ ਵਰਕਰਜ ਦੀ ਬਰਾਬਰ ਕੰਮ ਬਰਾਬਰ ਤਨਖਾਹ ਵਲ ਵੀ ਧਿਆਨ ਦੇਵੇ। ਜੇਕਰ ਪੰਜਾਬ ਸਰਕਾਰ ਵਲੋ ਸਾਡੀਆਂ ਮੰਗਾਂ ਵੱਲ ਧਿਆਨ ਨਹੀ ਦਿੱਤਾ ਜਾਂਦਾ , ਤਾਂ ਜਲਦ ਹੀ ਜੱਥੇਬੰਦੀ ਵਲੋਂ ਸੰਘਰਸ਼ ਤੇਜ ਕੀਤਾ ਜਾਵੇਗਾ। ਇਸ ਸਮੇਂ ਦਵਿੰਦਰ ਸਿੰਘ ਖੀਰਨੀਆ, ਰਜਿੰਦਰ ਸਿੰਘ, ਗੁਰਬਚਨ ਸਿੰਘ , ਸਤਪਾਲ ਲਾਲ, ਬਲਜੀਤ ਸਿੰਘ ਆਦਿ ਹਾਜ਼ਰ ਹੋਏ।

## ਸੰਤ ਨਿਰੰਜਨ ਦਾਸ ਜੀ ਮਹਾਰਾਜ ਨੂੰ ਪਦਮ ਸ੍ਰੀ ਅਵਾਰਡ ਮਿਲਣਾ ਬੇਹੱਦ ਸਨਮਾਨ ਯੋਗ

ਸ੍ਰੀ ਮੁਕਤਸਰ ਸਾਹਿਬ( ਸ਼ਿਵਨਾਥ ) ਡੇਰਾ ਸੱਚ ਖੰਡ ਬੱਲਾਂ (ਜਲੰਧਰ) ਦੇ ਗੱਦੀ ਨਸ਼ੀਨ ਸਤਿਗੁਰੂ ਧਰਮ ਗੁਰੂ ਸੰਤ ਨਿਰੰਜਨ ਦਾਸ ਜੀ ਮਹਾਰਾਜ ਨੇ ਆਪਣਾ ਸਾਰਾ ਜੀਵਨ ਸਤਿਗੁਰੂ ਰਵਿਦਾਸ ਜੀ ਮਹਾਰਾਜ ਦੀ ਪਵਿੱਤਰ ਅੰਮ੍ਰਿਤ ਬਾਣੀ ਦੇ ਪ੍ਰਚਾਰ ਪਸਾਰ ਲਈ ਸਮਰਪਿਤ ਕੀਤਾ ਹੋਇਆ ਹੈ। ਸੰਤ ਨਿਰੰਜਨ ਦਾਸ ਜੀ ਦੀ ਪ੍ਰੇਰਣਾ ਅਤੇ ਅਗਵਾਈ ਸਦਕਾ ਰਵਿਦਾਸੀਆ ਧਰਮ ਨੇ ਸਾਰੇ ਸੰਸਾਰ ਵਿੱਚ ਵਿਲੱਖਣ ਪਛਾਣ ਬਣਾਈ ਹੋਈ ਹੈ। ਉਨ੍ਹਾਂ ਨੇ ਸਮੁੱਚੇ ਸਮਾਜ ਨੂੰ ਸਮਤਾ, ਸਮਾਨਤਾ, ਭਾਈਚਾਰੇ, ਪ੍ਰੇਮ ਅਤੇ ਭਾਈਚਾਰੇ ਦਾ ਰਾਹ ’ਤੇ ਚੱਲਣ ਦੀ ਪ੍ਰੇਰਨਾ ਦਿੱਤੀ ਹੈ। ਲੱਖਾਂ ਸ਼ਰਧਾਲੂਆਂ ਦੇ ਆਤਮਿਕ ਮਾਰਗ ਦਰਸ਼ਕ ਸਤਿਗੁਰੂ ਸੰਤ ਨਿਰੰਜਨ ਦਾਸ ਜੀ ਮਹਾਰਜਾ ਨੂੰ ਦੇਸ਼ ਦਾ ਮਾਣਮੱਤਾ ਨਾਗਰਿਕ ਸਨਮਾਨ



ਪਦਮ ਸ੍ਰੀ ਅਵਾਰਡ ਨਾਲ ਨਿਵਾਜਿਆ ਹੈ। ਗਣਤੰਤਰ ਦਿਵਸ ਮੌਕੇ ਪਦਮ ਸ੍ਰੀ ਅਵਾਰਡ ਪ੍ਰਾਪਤ ਕਰਨ ਲੇ ਕੁੱਲ 113 ਮਾਣਮੱਤੀਆਂ ਸਖਸ਼ੀਅਤਾਂ ਵਿੱਚ ਤਿੰਨ ਪੰਜਾਬ ਨਾਲ ਸਬੰਧਤ ਹਨ। ਇਹਨਾਂ ਤਿੰਨਾਂ ਵਿੱਚ ਸੰਤ ਨਿਰੰਜਨ ਦਾਸ ਜੀ ਮਹਾਰਾਜ ਸ਼ਾਮਲ ਹਨ। ਭਾਰਤ ਸਰਕਾਰ ਦੀ ਸਿਫਾਰਸ਼ ਨਾਲ ਇਹ ਅਵਾਰਡ ਦਿੱਤੇ ਜਾਂਦੇ ਹਨ। ਪਿਛਲੇ ਕਈ ਸਾਲਾਂ ਤੋਂ ਸਤਿਗੁਰ ਰਵਿਦਾਸ ਜੀ ਮਹਾਰਾਜ ਦੇ ਜਨਮ ਅਸਥਾਨ ਸੀਰ ਗਵਰਧਨਪੁਰ (ਬਨਾਰਸ) ਗੁਰੂ ਰਵਿਦਾਸ ਪ੍ਰਕਾਸ਼ ਉਤਸਵ ਮੌਕੇ ਲੰਗਰ ਲਗਾਉਂਦੀ ਆ ਰਹੀ ਸਥਾਨਕ ਮਾਲਵਾ ਲੰਗਰ ਕਮੇਟੀ ਦੇ ਜਨਰਲ ਸਕੱਤਰ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਨੇ ਸਤਿਗੁਰੂ ਸੰਤ ਨਿਰੰਜਨ ਦਾਸ ਜੀ ਮਹਾਰਾਜ ਨੂੰ ਪਦਮ ਸ੍ਰੀ ਅਵਾਰਡ ਮਿਲਣ ’ਤੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਸਮੁੱਚੇ ਸਮਾਜ ਨੂੰ ਵਧਾਈ ਦਿੱਤੀ ਹੈ। ਇਸ ਤੋਂ ਇਲਾਵਾ ਮਾਲਵਾ ਲੰਗਰ ਕਮੇਟੀ ਦੇ ਸੀਨੀਅਰ ਆਗੂ ਸੰਤ ਲਾਲ ਖਿੱਚੀ ਅਤੇ ਇੰਜ. ਅਸ਼ੋਕ ਕੁਮਾਰ ਭਾਰਤੀ ਸਮੇਤ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਵੀ ਖੁਸ਼ੀ ਦਾ ਇਜ਼ਹਾਰ ਕੀਤਾ ਹੈ। ਢੋਸੀਵਾਲ ਸਮੇਤ ਸਮੂਹ ਕਮੇਟੀ ਮੈਂਬਰਾਂ ਨੇ ਪਦਮ ਸ੍ਰੀ ਸੰਤ ਨਿਰੰਜਨ ਦਾਸ ਜੀ ਮਹਾਰਜਾ ਦੀ ਤੰਦਰੁਸਤੀ ਅਤੇ ਚੜ੍ਹਦੀ ਕਲਾ ਦੀ ਕਾਮਨਾ ਕੀਤੀ ਹੈ।

# ਅਨੋਖੇ ਅਮਰ ਸ਼ਹੀਦ ਹਨ ਬਾਬਾ ਦੀਪ ਸਿੰਘ ਜੀ : ਪਰਮਜੀਤ ਸਿੰਘ ਗਿੱਲ



ਬਟਾਲਾ 27 ਜਨਵਰੀ ( ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ) ਹਿਮਾਲਿਆ ਪਰਿਵਾਰ ਸੰਗਠਨ ਦੇ ਕੌਮੀ ਕਾਰਜਕਾਰੀ ਪ੍ਰਧਾਨ ਪਰਮਜੀਤ ਸਿੰਘ ਗਿੱਲ ਨੇ ਕਿਹਾ ਕਿ ਬਾਬਾ ਦੀਪ ਸਿੰਘ ਜੀ ਨੂੰ ਇੱਕ ਯੋਧਾ ਹੋਣ ਦੇ ਨਾਲ ਨਾਲ ਇੱਕ ਬ੍ਰਹਮਗਿਆਨੀ ਵਜੋਂ ਵੀ ਜਾਣਿਆਂ ਜਾਂਦਾ ਹੈ।1699 ਈ: ਦੇ ਵਿੱਚ ਬਾਬਾ ਦੀਪ ਸਿੰਘ ਜੀ ਨੇ ਗੁਰੂ ਗੋਬਿੰਦ ਸਿੰਘ ਦੇ ਸਥਾਪਿਤ ਕੀਤੇ ਖਾਲਸਾ ਪੰਥ ਤੋਂ ਅਨੰਦਪੁਰ ਸਾਹਿਬ ਵਿਖੇ ਅੰਮ੍ਰਿਤ ਸਕਿਆ ਤੇ ਗੁਰੂ ਦੇ ਸਿੱਖ ਬਣ ਗਏ।ਉਹਨਾਂ ਦੱਸਿਆ ਕਿ ਬਾਬਾ ਦੀਪ ਸਿੰਘ ਜੀ ਗੁਰੂ ਗੋਬਿੰਦ ਸਿੰਘ ਜੀ ਦੀਆਂ ਸਿੱਖਿਆ 'ਤੇ ਚੱਲ ਕੇ ਆਪਣਾ ਜੀਵਨ ਗੁਰੂ ਦੇ ਚਰਨਾ 'ਚ ਗੁਜਾਰਨ ਲਈ ਸਮਰਪਿੱਤ ਰਹੇ। ਬਾਬਾ ਦੀਪ ਸਿੰਘ ਜੀ ਨੇ ਭਾਈ ਮਨੀ ਸਿੰਘ ਜੀ ਨਾਲ ਬਹੁਤ ਸਮਾਂ ਗੁਜਾਰਿਆ ਤੇ ਇਥੇ ਬਾਬਾ ਜੀ ਨੇ ਸ਼ਸ਼ਤਰ ਵਿੱਦਿਆ ਦੇ ਨਾਲ ਗੁਰਮੁੱਖੀ ਪੜਨੀ ਤੇ ਲਿਖਣੀ ਸਿੱਖੀ।ਉਹਨਾਂ ਕਿਹਾ ਕਿ 1705 ਈ: ਵਿੱਚ ਬਾਬਾ ਦੀਪ ਸਿੰਘ ਜੀ ਨੇ ਭਾਈ ਮਨੀ ਸਿੰਘ ਜੀ ਦੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਚਾਰ ਕਾਪੀਆਂ ਲਿਖਣ 'ਚ ਸਹਾਇਤਾ ਕੀਤੀ। ਉਹਨਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਇੱਕ ਇੱਕ ਲਿਖਤ ਸਿੱਖਾਂ ਦੇ ਚਾਰ ਤਖਤ (ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ,ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ,ਤਖ਼ਤ ਸ੍ਰੀ ਪਟਨਾ ਸਾਹਿਬ ਬਿਹਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅੰਨਦਪੁਰ ਸਾਹਿਬ) ਵਿਖੇ ਸ਼ੁਸ਼ੋਭਿਤ ਕੀਤੀਆਂ। ਉਹਨਾਂ ਕਿਹਾ ਕਿ ਜਦੋਂ ਤੈਮੂਰ ਸ਼ਾਹ ਨੇ ਸ੍ਰੀ ਹਰਿਮੰਦਿਰ ਸਾਹਿਬ ਨੂੰ ਢਾਹੁਣ ਦਾ ਫੈਸਲਾ ਕੀਤਾ ਤੇ ਬਾਬਾ ਦੀਪ ਸਿੰਘ ਜੀ ਨੂੰ ਜਦੋਂ ਇਸ ਬਾਰੇ ਪਤਾ ਲੱਗਾ ਤਾਂ ਬਾਬਾ ਜੀ ਨੇ ਤੈਮੂਰ ਸ਼ਾਹ ਨਾਲ ਇੱਟ ਨਾਲ ਇੱਟ ਖੜਕਾਉਣ ਦਾ ਫੈਸਲਾ ਕਰ ਲਿਆ। ਇਸ ਦੌਰਾਨ ਬਾਬਾ ਦੀਪ ਸਿੰਘ ਜੀ ਯੁੱਧ ਦੀ ਸ਼ੁਰੂਆਤ 'ਤੇ ਅਰਦਾਸ ਕੀਤੀ ਕਿ ਮੈਂ ਸ੍ਰੀ ਹਰਮੰਦਿਰ ਸਾਹਿਬ ਦੇ ਦਰਸ਼ਨ ਕਰ ਸਕਾਂ ਤੇ ਆਪਣੇ ਮਕਸਦ ਵਿੱਚ ਕਾਮਯਾਬ ਹੋ ਸਕਾਂ।ਇਸ ਯੁੱਧ ਦੌਰਾਨ ਬਹੁਤ ਸਾਰੇ ਸਿੱਖਾਂ ਨੇ ਕੁਰਬਾਨੀਆਂ ਦਿੱਤੀਆਂ ਤੇ ਬਾਬਾ ਜੀ ਦਾ ਸਿਰ ਇਸ ਯੁੱਧ ਦੌਰਾਨ ਧੜ ਨਲੋਂ ਲੱਥ ਗਿਆ ਤਾਂ ਬਾਬਾ ਜੀ ਨੇ ਆਪਣਾ ਸਿਰ ਇੱਕ ਹੱਥ ਤੇ ਰੱਖ ਕੇ ਦੂਸਰੇ ਹੱਥ 'ਚ ਦੋ ਧਾਰੀ ਕਿਰਪਾਨ ਫੜ ਕੇ ਲੜਦੇ ਰਹੇ ਤੇ ਅੰਮ੍ਰਿਸਰ ਪੁੱਜੇ ।ਉਸ ਵਕਤ ਮੁਗਲ ਇਸ ਕੌਤਕ ਨੂੰ ਵੇਖ ਕੇ ਡਰ ਗਏ ਤੇ ਕਹਿਣ ਲੱਗੇ। ਅਸੀਂ ਸਿੱਖਾਂ ਤੋਂ ਨਹੀਂ ਜਿੱਤ ਸਕਦੇ ਇਹ ਤਾਂ ਮਰਨ ਤੋਂ ਬਾਅਦ ਵੀ ਲੜੀ ਜਾ ਰਹੇ ਨੇ ਸੋ ਇਸ ਡਰ ਨਾਲ ਮੁਗਲ ਉੱਥੋਂ ਭੱਜ ਗਏ 'ਤੇ ਸਿੰਘਾਂ ਦੀ ਜਿੱਤ ਹੋਈ।ਅੱਜ ਵੀ ਹਰਿਮੰਦਰ ਸਾਹਿਬ ਦੀ ਪਰਿਕਰਮਾ ਵਿੱਚ ਬਾਬਾ ਦੀਪ ਸਿੰਘ ਜੀ ਦਾ ਸਥਾਨ ਬਣਿਆ ਹੋਇਆ ਹੈ।ਇਸ ਤਰਾਂ ਅਨੌਖੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਨੇ ਸ੍ਰੀ ਹਰਮੰਦਿਰ ਸਾਹਿਬ ਜੀ ਦੀ ਮਰਯਾਦਾ ਬਹਾਲ ਕਰਨ ਲਈ ਸ਼ਹਾਦਤ ਦਿੱਤੀ।

# ਕਲਮ ਅਤੇ ਕਿਰਪਾਨ ਦੇ ਧਨੀ ਸਨ ਬਾਬਾ ਦੀਪ ਸਿੰਘ ਜੀ ਦੇ ਜੀਵਨ ਤੋਂ ਧਰਮ ਪ੍ਰਤੀ ਦ੍ਰਿੜ੍ਹਤਾ ਦੀ ਪ੍ਰੇਰਨਾ ਲੈਣ ਦੀ ਲੋੜ - ਸੰਤ ਗਿਆਨੀ ਅਮੀਰ ਸਿੰਘ



ਲੁਧਿਆਣਾ 27 ਜਨਵਰੀ (ਕਰਨੈਲ ਸਿੰਘ ਐੱਮ.ਏ.)- ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਅਨਿੰਨ ਸਿੱਖ ਸ਼ਰਧਾਲੂ, ਭਗਤੀ ਤੇ ਸ਼ਕਤੀ ਦੀ ਪ੍ਰਤੱਖ ਮੂਰਤ, ਸੂਰਬੀਰ ਯੋਧੇ, ਨਿਧੜਕ ਜਰਨੈਲ, ਕਥਨੀ ਤੇ ਕਰਨੀ ਦੇ ਪੂਰੇ, ਬ੍ਰਹਮ-ਗਿਆਨੀ, ਬਚਨਾਂ ਦੇ ਪੂਰੇ ਇੱਜ਼ਤ ਦੇ ਰਖਵਾਲੇ, ਪਰਪੱਕ ਨਿੱਤਨੇਮੀ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ-ਦਿਹਾੜੇ ਦੇ ਸੰਬੰਧ 'ਚ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਸਜੇ ਸਮਾਗਮ ਵਿੱਚ ਸੰਤ ਗਿਆਨੀ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ ਨੇ ਬਾਬਾ ਦੀਪ ਸਿੰਘ ਜੀ ਦੇ ਜਨਮ-ਦਿਹਾੜੇ ਦੇ ਸੰਬੰਧ 'ਚ ਜੁੜੀਆਂ ਸੰਗਤਾਂ ਨੂੰ ਉਨ੍ਹਾਂ ਦੇ ਜੀਵਨ ਅਤੇ ਗੁਰੂ ਪ੍ਰਤੀ ਦ੍ਰਿੜ੍ਹਤਾ ਵਿਖੇ 'ਤੇ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਉਨ੍ਹਾਂ ਸੋਲ੍ਹਾਂ ਸਾਲ ਦੀ ਉਮਰ ਵਿੱਚ ਆਪਣੇ ਮਾਤਾ ਪਿਤਾ ਸਮੇਤ ਸ੍ਰੀ ਅਨੰਦਪੁਰ ਸਾਹਿਬ ਵਿਖੇ ਖੰਡੇ ਬਾਟੇ ਦੀ ਪਾਹੁਲ ਛਕੀ। ਤਲਵੰਡੀ ਸਾਬੋ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪੁਨਰ ਸੰਪਾਦਨ ਵਾਲੇ ਦਸਮ ਪਾਤਸ਼ਾਹ ਜੀ ਦੇ ਹੁਕਮ ਨਾਲ ਆਪ ਜੀ ਨੇ ਭਾਈ ਮਨੀ ਸਿੰਘ ਜੀ ਨਾਲ ਲਿਖਾਰੀ ਵਜੋਂ ਸੇਵਾ ਨਿਭਾਈ। ਬਾਬਾ ਦੀਪ ਸਿੰਘ ਜੀ ਨੇ ਚਾਰ ਸਰੂਪ ਪੰਜਾਬੀ ਤੇ ਇੱਕ ਸਰੂਪ ਅਰਬੀ ਵਿੱਚ ਲਿਖਣ ਦੀ ਸੇਵਾ ਨਿਭਾਈ। ਆਪ ਜੀ ਵੱਲੋਂ ਕੀਤੀ ਸੇਵਾ ਵਾਲੇ ਸਰੂਪ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਤਖ਼ਤ ਸ੍ਰੀ ਹਜ਼ੂਰ ਸਾਹਿਬ ਵਿਖੇ ਸ਼ਸ਼ੋਭਿਤ ਹਨ।ਆਪ ਜੀ ਕਲਮ ਅਤੇ ਕਿਰਪਾਨ ਦੇ ਧਨੀ ਸਨ। ਮਿਸਲਾਂ ਦੀ ਸਥਾਪਨਾ ਵੇਲੇ ਆਪ ਮਿਸਲ ਸ਼ਹੀਦਾਂ ਦੇ ਮੁਖੀ ਬਣੇ। ਬਾਬਾ ਬੰਦਾ ਸਿੰਘ ਬਹਾਦਰ ਦੇ ਨਾਲ ਮਿਲ ਕੇ ਸਰਹਿੰਦ ਅਤੇ ਸੰਢੋਰਾ ਨੂੰ ਮੁਗਲਾਂ ਦੇ ਅੱਤਿਆਚਾਰ ਤੋਂ ਮੁਕਤ ਕਰਵਾਇਆ।ਅਹਿਮਦ ਸ਼ਾਹ ਅਬਦਾਲੀ ਨੇ ਜਦ ਸ੍ਰੀ ਅੰਮ੍ਰਿਤਸਰ ਸਾਹਿਬ ਤੇ ਚੜ੍ਹਾਈ ਕੀਤੀ ਤਾਂ ਉਸਦਾ ਜਬਾਬ ਦੇਣ ਲਈ ਬਾਬਾ ਜੀ ਤਲਵੰਡੀ ਸਾਬੋ ਦੇ ਸਥਾਨ ਤੋਂ ਹਜ਼ਾਰਾਂ ਸਿੱਖਾਂ ਦੀ ਅਗਵਾਈ ਕਰਦਿਆਂ ਹੋਏ ਸ੍ਰੀ ਹਰਿਮੰਦਰ ਸਾਹਿਬ ਵੱਲ ਰਵਾਨਾ ਹੋਏ। ਬਾਬਾ ਜੀ ਉਸ ਯੁੱਧ ਵਿੱਚ ਸੀਸ ਤਲੀ ਤੇ ਰੱਖ ਕੇ ਜੂਝੇ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਮਾਣ-ਮਰਿਆਦਾ ਨੂੰ ਬਰਕਰਾਰ ਰੱਖਦੇ ਹੋਏ ਪ੍ਰਕਰਮਾ ਵਿੱਚ ਸੀਸ ਭੇਟ ਕੀਤਾ। ਮਹਾਂਪੁਰਸ਼ਾਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਕੌਮ ਸਨਮੁਖ ਅਜੋਕੀਆਂ ਮੁਸ਼ਕਲਾਂ ਤੇ ਚਣੌਤੀਆਂ ਦੇ ਮੱਦੇਨਜ਼ਰ ਬਾਬਾ ਦੀਪ ਸਿੰਘ ਜੀ ਦੇ ਜੀਵਨ ਤੋਂ ਧਰਮ ਪ੍ਰਤੀ ਦ੍ਰਿੜ੍ਹਤਾ ਦੀ ਪ੍ਰੇਰਨਾ ਲੈਣ ਦੀ ਲੋੜ ਹੈ।

# ਰਣਜੀਤ ਸਿੰਘ ਰੰਧਾਵਾ ਕਾਤਰੋਂ ਦੀ ਅਗਵਾਈ ਹੇਠ ਵੱਖ ਵੱਖ ਆਗੂ ਸ਼੍ਰੋਮਣੀ ਅਕਾਲੀ ਦਲ ਬਾਦਲ ਵਿੱਚ ਸ਼ਾਮਲ ਹੋਏ

## ਮੁੱਖ ਮੰਤਰੀ ਦੇ ਵਿਧਾਨ ਸਭਾ ਹਲਕੇ ਵਿੱਚ ਆਗੂ ਵੱਡੀ ਗਿਣਤੀ ਵਿੱਚ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ ਦੀ ਪ੍ਰੇਰਨਾ ਸਦਕਾ ਹੋ ਰਹੇ ਹਨ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ / ਸੁਖਬੀਰ ਬਾਦਲ









ਧੂਰੀ 27 ਜਨਵਰੀ ( ਸੁਰਿੰਦਰ ਸਿੰਘ ) ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਧੂਰੀ ਦੇ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਦੀ ਅਗਵਾਈ ਹੇਠ ਧੂਰੀ ਹਲਕੇ ਦੇ ਅਜ਼ਾਦ ਬਲਾਕ ਸੰਮਤੀ ਮੈਂਬਰ ਰੇਸ਼ਮ ਸਿੰਘ ਬਾਲੀਆਂ , ਜਗਜੀਤ ਸਿੰਘ ਫੋਜੀ ਸਾਬਕਾ ਪੰਚ ਸੁਲਤਾਨਪੁਰ , ਜਗਸੀਰ ਦਾਸ ਸਾਬਕਾ ਪੰਚ , ਜਗਦੇਵ ਸਿੰਘ ਸਾਬਕਾ ਪੰਚ , ਸੁਖਜਿੰਦਰ ਸਿੰਘ ਸਾਬਕਾ ਪੰਚ , ਸੁਦਾਗਰ ਖਾਨ , ਰਾਜ ਕੁਮਾਰ , ਗੁਰਪ੍ਰੀਤ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਸੁਲਤਾਨਪੁਰ , ਗੁਰਦਿਆਲ ਸਿੰਘ ਕਾਂਝਲਾ , ਗੁਰਜੀਤ ਸਿੰਘ ਮੀਮਸਾ , ਅਮਰਜੀਤ ਸਿੰਘ ਬੇਨੜਾ , ਸੰਜੀਵ ਕੁਮਾਰ ਪਿੰਟਾ , ਜੀਵਨ ਗਰਗ , ਜੀਵਨ ਜਹਾਂਗੀਰ , ਮਾਹੀਪਾਲ ਸਿੰਘ ਧੂਰੀ , ਜੱਗੀ ਧੂਰੀ , ਹਰਸ਼ਦੀਪ ਸਿੰਘ , ਸੁਖਵਿੰਦਰ ਸਿੰਘ , ਬਿੱਟੂ ਸਿੰਘ , ਜੀਵਨ ਸਿੰਘ , ਰਵੀ ਕੁਮਾਰ , ਮਨਜੀਤ ਸਿੰਘ ਪੋਮੀ ਰਾਜੋਮਾਜਰਾ, ਹਰਮਿੰਦਰ ਸਿੰਘ ਢੀਂਡਸਾ ਹਸਨਪੁਰ , ਸਰਬਜੀਤ ਸਿੰਘ ਹਸਨਪੁਰ ਸਮੇਤ ਹੋਰ ਵੀ ਆਗੂ ਵੱਖ ਵੱਖ ਪਾਰਟੀਆਂ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਮੌਜੂਦਗੀ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਵਿੱਚ ਸ਼ਾਮਲ ਹੋਏ । ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਧੂਰੀ ਹਲਕੇ ਦੇ ਵੱਖ ਵੱਖ ਆਗੂਆਂ ਨੂੰ ਸਿਰਾਪਾਓ ਪਾ ਕੇ ਪਾਰਟੀ ਵਿੱਚ ਸ਼ਾਮਲ ਕੀਤਾ । ਇਸ ਮੌਕੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੂੰ ਥਾਪੜਾ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਰਣਜੀਤ ਸਿੰਘ ਰੰਧਾਵਾ ਕਾਤਰੋਂ ਦੀ ਅਗਵਾਈ ਹੇਠ ਮੁੱਖ ਮੰਤਰੀ ਭਗਵੰਤ ਮਾਨ ਦੇ ਵਿਧਾਨ ਸਭਾ ਹਲਕੇ ਵਿੱਚ ਵੱਖ ਵੱਖ ਪਾਰਟੀਆਂ ਨੂੰ ਛੱਡ ਕੇ ਆਗੂ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਰਹੇ ਹਨ ।ਇਸ ਮੌਕੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕਿਹਾ ਕਿ ਵੱਖ ਵੱਖ ਪਾਰਟੀਆਂ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਵਿੱਚ ਸ਼ਾਮਲ ਹੋਏ ਆਗੂਆਂ ਨੂੰ ਪਾਰਟੀ ਵਿੱਚ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ ਅਤੇ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਸਰਕਾਰ ਨੂੰ ਯਾਦ ਕਰ ਰਹੇ ਹਨ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰੀ ਬਹੁਮਤ ਨਾਲ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਸਰਕਾਰ ਬਣੇਗੀ ਅਤੇ ਪੰਜਾਬ ਦੇ ਲੋਕ ਸੁਖਬੀਰ ਸਿੰਘ ਬਾਦਲ ਨੂੰ ਮੁੱਖ ਮੰਤਰੀ ਦੇਖਣਾ ਚਾਹੁੰਦੇ ਹਨ ਤਾਂ ਕਿ ਪੰਜਾਬ ਦਾ ਸਰਵਪੱਖੀ ਵਿਕਾਸ ਹੋ ਸਕੇ। ਇਸ ਮੌਕੇ ਤੇਜਿੰਦਰ ਸਿੰਘ ਸੰਘਰੇੜੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸੰਗਰੂਰ , ਵਿਨਰਜੀਤ ਸਿੰਘ ਗੋਲਡੀ ਹਲਕਾ ਇੰਚਾਰਜ ਸੁਨਾਮ , ਗਗਨਦੀਪ ਸਿੰਘ ਖੰਡੇਬਾਦ ਹਲਕਾ ਇੰਚਾਰਜ ਲਹਿਰਾਗਾਗਾ , ਹਰਪਾਲ ਸਿੰਘ ਖੜਿਆਲ , ਸਰਬਜੀਤ ਸਿੰਘ ਰੰਧਾਵਾ , ਗੁਰਬਖ਼ਸ਼ ਸਿੰਘ ਰੰਧਾਵਾ , ਸਰਬਜੀਤ ਸਿੰਘ ਸਾਬਕਾ ਸਰਪੰਚ ਅਤੇ ਹੋਰ ਅਕਾਲੀ ਆਗੂ ਅਤੇ ਵਰਕਰ ਹਾਜ਼ਰ ਸਨ ।

# ਗੁਰਦੁਆਰਾ ਸੋਲਖੀਆਂ ਸਾਹਿਬ ਵਿਖੇ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਨ ਬਹੁਤ ਸ਼ਰਧਾ ਨਾਲ ਮਨਾਇਆ ਗਿਆ

## ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ 8 ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਵਾਏ ਗਏ



ਕੁਰਾਲੀ 27 ਜਨਵਰੀ (ਜਤਿੰਦਰ ਪਾਲ ਸਿੰਘ ਕਲੇਰ ) ਗੁਰਦੁਆਰਾ ਸੋਲਖੀਆਂ ਸਾਹਿਬ ਵਿਖੇ ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਸ਼ਰਧਾ ਪੂਰਵਕ ਮਨਾਇਆ ਗਿਆ ਇਸ ਸਬੰਧੀ ਜਾਣਕਾਰੀ ਦਿੰਦਿਆਂ ਨਿਰਭੈਰ ਸਿੰਘ ਖਾਲਸਾ ਨੇ ਦੱਸਿਆ ਪਿਛਲੇ ਦਿਨਾਂ ਤੋਂ ਸ੍ਰੀ 8 ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਸਨ ਜਿਹਨਾਂ ਦੇ ਭੋਗ ਪਾਏ ਗਏ ਉਪਰੰਤ ਭਾਈ ਸੁਖਜਿੰਦਰ ਸਿੰਘ ਜੀ ਹਜੂਰੀ ਰਾਗੀ ਭਾਈ ਕਰਨਵੀਰ ਸਿੰਘ ਜੀ ਪਟਿਆਲੇ ਵਾਲੇ ਭਾਈ ਭੁਪਿੰਦਰ ਸਿੰਘ ਜੀ ਮਾਜਰੇ ਵਾਲੇ ਜਥਿਆਂ ਵੱਲੋਂ ਆਈਆਂ ਸੰਗਤਾਂ ਨੂੰ ਕੀਰਤਨ ਦੁਆਰਾ ਨਿਹਾਲ ਕੀਤਾ ਗਿਆ ਉਪਰੰਤ ਗੁਰਦੁਆਰਾ ਸਾਹਿਬ ਦੇ ਮੁੱਖ ਪ੍ਰਬੰਧਕ ਬੀਬੀ ਕਮਲਜੀਤ ਕੌਰ ਖਾਲਸਾ ਵੱਲੋਂ ਆਈਆਂ ਸੰਗਤਾਂ ਦਾ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾ ਦੇ ਕੇ ਸਨਮਾਨ ਕੀਤਾ ਗਿਆ ਆਈਆਂ ਸੰਗਤਾਂ ਲਈ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ ਇਸ ਮੌਕੇ ਵੱਡੀ ਗਿਣਤੀ ਚ ਸੰਗਤਾਂ ਹਾਜ਼ਰ ਸਨ।

# ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਵਸ ਨੂੰ ਮੁੱਖ ਰੱਖਦਿਆਂ ਸਜਾਏ ਨਗਰ ਕੀਰਤਨ ਦਾ ਬੀਬੀਐਮਬੀ ਮੁਲਾਜਮਾਂ ਵੱਲੋਂ ਭਰਵਾਂ ਸਵਾਗਤ





ਮਲਾਗਰ ਖਮਾਣੋਂ ਨੰਗਲ,27, ਜਨਵਰੀ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਕਮੇਟੀ ਥਲ੍ਹੂ ਨੰਗਲ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਵਸ ਨੂੰ ਮੁੱਖ ਰੱਖਦਿਆਂ ਸਜਾਏ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਇਆ ਗਿਆ ਇਸ ਦੀ ਜਾਣਕਾਰੀ ਦਿੰਦਿਆਂ ਮਹਿੰਦਰ ਸਿੰਘ ,ਰਾਮ ਕੁਮਾਰ ਨੇ ਦੱਸਿਆ, ਕਿ ਨਗਰ ਕੀਰਤਨ ਉੱਪਰਲੇ ਥਲ੍ਹੂ ਤੋਂ ਸ਼ੁਰੂ ਹੋ ਕੇ ਹੇਠ ਥਲ੍ਹੂ ਗੁਰਦੁਆਰਾ ਸਾਹਿਬ ਵਿੱਚ ਆ ਰਹੇ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਸੰਗਤਾਂ ਵਿੱਚ ਕੁਲਚੇ ਛੋਲੇ ਦੁੱਧ ਆਦਿ ਵੰਡੇ ਗਏ ਉਸ ਤੋਂ ਬਾਅਦ ਢਾਹੇ ਪਿੰਡ, ਸੈਂਟ ਮੈਰਿਜ ਸਕੂਲ ਤੋਂ ਹੋ ਕੇ ਗੱਗ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਵੀ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ ਗਿਆ ਆਈਆਂ ਸੰਗਤਾਂ ਨੂੰ ਲੰਗਰ ਸੁਕਾਇਆ ਗਿਆ ਗੁਰਦੁਆਰਾ ਸਾਹਿਬ ਤੇ ਨਗਰ ਕੀਰਤਨ ਨਹਿਰ ਨੂੰ ਹੁੰਦਾ ਹੋਇਆ ਉੱਪਰਲਾ ਥਲ੍ਹੂ ਪਹੁੰਚਿਆ ਉੱਥੇ ਬੀਬੀਐਮਬੀ ਵਰਕਰਾਂ ਅਤੇ ਅਫਸਰਾਂ ਵੱਲੋਂ ਆਏ ਨਗਰ ਕੀਰਤਨ ਦਾ ਤੈਹ ਦਿਲੋਂ ਸਵਾਗਤ ਕੀਤਾ ਗਿਆ ਆ ਆਈਆਂ ਸੰਗਤਾਂ ਨੂੰ ਜਲ ਪ੍ਰਸ਼ਾਦ ਅਤੇ ਫਲ ਆਦਿ ਬਾਂਟੇ ਗਏ ਉਸ ਤੋਂ ਬਾਅਦ ਨਗਰ ਕੀਰਤਨ ਪਿੰਡ ਗੰਭੀਰਪੁਰ ਪਹੁੰਚਿਆ ਗੰਭੀਰਪੁਰ ਵਿੱਚ ਵੀ ਪਿੰਡ ਵਾਸੀਆਂ ਵੱਲੋਂ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ ਗਿਆ ਉਸ ਤੋਂ ਬਾਅਦ ਨਗਰ ਕੀਰਤਨ ਹੇਠ ਲਿਖੇ ਗੰਭੀਰਪੁਰ ਪਹੁੰਚਿਆ ਉੱਥੇ ਵੀ ਪਿੰਡ ਵਾਸੀਆਂ ਵੱਲੋਂ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ ਗਿਆ ਉਸ ਤੋਂ ਬਾਅਦ ਨਗਰ ਕੀਰਤਨ ਮਜਾਰੀ ਪਿੰਡ ਦੇ ਗੁਰਦੁਆਰਾ ਸਾਹਿਬ ਸ਼ਹੀਦ ਬਾਗ ਵਿਖੇ ਨਗਰ ਕੀਰਤਨ ਦੀ ਸਮਾਪਤੀ ਕੀਤੀ ਗਈ ਇੱਥੇ ਵੀ ਸੰਗਤਾਂ ਨੂੰ ਭਰਪੂਰ ਲੰਗਰ ਛਕਾਇਆ ਗਿਆ । ਬੀਬੀਐਮਬੀ ਗੰਗੂਵਾਲ ਸੈਕਸ਼ਨ ਤਾਂ ਹਰਪਾਲ ਸਿੰਘ ਜਈ, ਗੁਰਮੇਲ ਸਿੰਘ ਮੇਟ, ਰਾਮ ਕੁਮਾਰ, ਦਇਆਨੰਦ ਜੋਸ਼ੀ, ਮਨੋਜ ਕੁਮਾਰ, ਦੀਪਕ ਜੋਸ਼ੀ, ਰਕੇਸ਼ ਕੁਮਾਰ ਜੋਸ਼ੀ ਪ੍ਰਦੀਪ ਕੁਮਾਰ ਦਿਨੇਸ਼ ਕੁਮਾਰ ਜੋਸ਼ੀ ਰਘੂ ਸੰਦੀਪ ਕੁਮਾਰ ਸੋਮਨਾਥ ਧਮਾਨ ਨਰਾਇਣ ਦਾਸ ਜੋਸ਼ੀ ਬਲਵਿੰਦਰ ਕੁਮਾਰ ਜੋਸ਼ੀ ਮੋਹਿਤ ਖਰੇਵਾਲ ਆਦਿ ਵਿਸ਼ੇਸ਼ ਰੂਪ ਚ ਹਾਜਰ ਸਨ।

# ਭਾਜਪਾ ਵੱਲੋਂ ਪਟਿਆਲਾ ਦਿਹਾਤੀ ਵਿੱਚ 'ਵਿਕਸਿਤ ਭਾਰਤ ਰੁਜ਼ਗਾਰ ਅਤੇ ਆਜੀਵਿਕਾ ਮਿਸ਼ਨ' ਤਹਿਤ ਜਾਗਰੂਕਤਾ ਮੁਹਿੰਮ ਦਾ ਆਯੋਜਨ ਮਾਨ ਸਰਕਾਰ ਪੰਜਾਬ ਦੇ ਵਸੀਲੇ ਲੋਕਾਂ ਦੀ ਬਜਾਏ ਪਾਰਟੀ ਪ੍ਰਚਾਰ ਲਈ ਵਰਤ ਰਹੀ ਹੈ: ਪ੍ਰਨੀਤ ਕੌਰ□ਮਨਰੇਗਾ ਮਜ਼ਦੂਰਾਂ ਨਾਲ ਧੋਖਾ, 100 ਦਿਨਾਂ ਦੇ ਵਾਅਦੇ ਦੀ ਥਾਂ ਸਿਰਫ਼ 36 ਦਿਨ ਮਿਲ ਰਿਹਾ ਕੰਮ: ਅਸ਼ਵਨੀ ਸ਼ਰਮਾ□ਪੰਜਾਬ ਵਿੱਚ 'ਆਪ' ਸਰਕਾਰ ਦੀ ਉਲਟੀ ਗਿਣਤੀ ਸ਼ੁਰੂ,



ਪਟਿਆਲਾ, 27 ਜਨਵਰੀ 2026ਭਾਰਤੀ ਜਨਤਾ ਪਾਰਟੀ ਵੱਲੋਂ ਅੱਜ ਪਟਿਆਲਾ ਦਿਹਾਤੀ ਇਲਾਕੇ ਵਿੱਚ 'ਵਿਕਸਿਤ ਭਾਰਤ' ਮੁਹਿੰਮ ਤਹਿਤ ਲੋਕਾਂ ਨੂੰ ਰੁਜ਼ਗਾਰ ਅਤੇ ਕੇਂਦਰ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਬਾਰੇ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਭਾਜਪਾ ਪਟਿਆਲਾ ਸ਼ਹਿਰੀ ਟੀਮ ਵੱਲੋਂ ਕਰਵਾਇਆ ਗਿਆ।ਇਸ ਮੌਕੇ ਇਸ ਵਿੱਚ ਭਾਜਪਾ ਦੇ ਵੱਡੇ ਆਗੂ ਸ਼ਾਮਲ ਹੋਏ, ਜਿਨ੍ਹਾਂ ਵਿੱਚ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਅਤੇ ਸਾਬਕਾ ਸੰਸਦ ਮੈਂਬਰ ਮਹਾਰਾਣੀ ਪ੍ਰਨੀਤ ਕੌਰ ਖ਼ਾਸ ਤੌਰ 'ਤੇ ਹਾਜ਼ਰ ਰਹੇ। ਉਨ੍ਹਾਂ ਦੇ ਨਾਲ ਅਨਿਲ ਸਰੀਨ, ਬਿਕਰਮ ਚੀਮਾ, ਜ਼ਿਲ੍ਹਾ ਪ੍ਰਧਾਨ ਵਿਜੇ ਕੂਕਾ, ਸਤਬੀਰ ਸਿੰਘ ਖੱਟੜਾ ਅਤੇ ਪ੍ਰਸਿੱਧ ਅਦਾਕਾਰ ਹੌਬੀ ਧਾਲੀਵਾਲ ਵੀ ਮੌਜੂਦ ਸਨ।ਇਕੱਠ ਨੂੰ ਸੰਬੋਧਨ ਕਰਦਿਆਂ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਕਾਂਗਰਸ ਅਤੇ ਆਮ ਆਦਮੀ ਪਾਰਟੀ ਨੇ ਹਮੇਸ਼ਾ ਪੰਜਾਬ ਦੇ ਲੋਕਾਂ ਨੂੰ ਝੂਠੇ ਵਾਅਦੇ ਕਰਕੇ ਗੁੰਮਰਾਹ ਕੀਤਾ ਹੈ। ਉਨ੍ਹਾਂ ਕਿਹਾ ਕਿ ਮਨਰੇਗਾ ਤਹਿਤ ਮਜ਼ਦੂਰਾਂ ਨੂੰ 100 ਦਿਨਾਂ ਦਾ ਰੁਜ਼ਗਾਰ ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਅਸਲ ਵਿੱਚ ਉਨ੍ਹਾਂ ਨੂੰ ਸਿਰਫ਼ 36 ਦਿਨ ਹੀ ਕੰਮ ਮਿਲ ਰਿਹਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਮਨਰੇਗਾ ਸਕੀਮ ਵਿੱਚ ਵੱਡੇ ਪੱਧਰ 'ਤੇ ਹੇਰਾਫੇਰੀ ਹੋ ਰਹੀ ਹੈ ਅਤੇ ਫਰਜ਼ੀ ਨਾਂ ਦਰਜ ਕਰਕੇ ਸਰਕਾਰੀ ਪੈਸਾ ਖਾਧਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਅਸਲੀ ਮਨਰੇਗਾ ਮਜ਼ਦੂਰਾਂ ਦੇ ਹੱਕਾਂ ਨਾਲ ਖਿਲਵਾੜ ਕਰ ਰਹੀ ਹੈ।ਅਸ਼ਵਨੀ ਸ਼ਰਮਾ ਨੇ 'ਆਪ' ਸਰਕਾਰ ਵੱਲੋਂ ਹਰ ਪੰਜਾਬੀ ਨੂੰ 10 ਲੱਖ ਰੁਪਏ ਮੁਫ਼ਤ ਇਲਾਜ ਦੇਣ ਦੇ ਦਾਅਵੇ 'ਤੇ ਵੀ ਸਵਾਲ ਖੜੇ ਕੀਤੇ। ਉਨ੍ਹਾਂ ਕਿਹਾ ਕਿ ਜਿਹੜੀ ਸਰਕਾਰ ਪਹਿਲਾਂ ਤੋਂ ਚੱਲ ਰਹੀ 5 ਲੱਖ ਰੁਪਏ ਵਾਲੀ 'ਆਯੁਸ਼ਮਾਨ ਭਾਰਤ ਯੋਜਨਾ' ਨੂੰ ਹੀ ਢੰਗ ਨਾਲ ਲਾਗੂ ਨਹੀਂ ਕਰ ਸਕੀ, ਉਹ 10 ਲੱਖ ਰੁਪਏ ਦਾ ਵਾਅਦਾ ਕਿਵੇਂ ਪੂਰਾ ਕਰੇਗੀ? ਉਨ੍ਹਾਂ ਇਹਨਾਂ ਵਾਅਦਿਆਂ ਨੂੰ ਸਿਰਫ਼ ਲੋਕਾਂ ਨੂੰ ਗੁੰਮਰਾਹ ਕਰਨ ਵਾਲੀਆਂ ਗੱਲਾਂ ਕਰਾਰ ਦਿੱਤਾ।ਉਨ੍ਹਾਂ ਕਿਹਾ ਕਿ ਅੱਜ ਪੰਜਾਬ ਨੂੰ ਇੱਕ ਮਜ਼ਬੂਤ ਸਰਕਾਰ ਦੀ ਲੋੜ ਹੈ ਜੋ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰ ਸਕੇ, ਤਾਂ ਜੋ ਹਰ ਨਾਗਰਿਕ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰੇ। ਉਨ੍ਹਾਂ ਦਾਅਵਾ ਕੀਤਾ ਕਿ ਇਹ ਸਭ ਕੁਝ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਅਗਵਾਈ ਹੇਠ ਹੀ ਸੰਭਵ ਹੈ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਦਾ ਸਮਾਂ ਹੁਣ ਮੁਕਣ ਵਾਲਾ ਹੈ ਅਤੇ 2027 ਵਿੱਚ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣੇਗੀ।ਇਸ ਮੌਕੇ ਸਾਬਕਾ ਸੰਸਦ ਮੈਂਬਰ ਪ੍ਰਨੀਤ ਕੌਰ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਵੱਡੀਆਂ ਉਮੀਦਾਂ ਨਾਲ ਆਮ ਆਦਮੀ ਪਾਰਟੀ ਨੂੰ ਸੱਤਾ ਵਿੱਚ ਲਿਆਂਦਾ ਸੀ, ਪਰ ਅੱਜ ਸੂਬੇ ਦੀ ਸਰਕਾਰ ਦਿੱਲੀ ਵਿੱਚ ਬੈਠੇ ਆਗੂਆਂ ਦੇ ਇਸ਼ਾਰਿਆਂ 'ਤੇ (ਰਿਮੋਟ ਕੰਟਰੋਲ ਨਾਲ) ਚੱਲ ਰਹੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਦੇ ਵਸੀਲੇ ਲੋਕਾਂ ਦੀ ਭਲਾਈ 'ਤੇ ਖਰਚਣ ਦੀ ਬਜਾਏ ਪਾਰਟੀ ਦੇ ਪ੍ਰਚਾਰ ਅਤੇ ਇਸ਼ਤਿਹਾਰਬਾਜ਼ੀ 'ਤੇ ਲੁਟਾਏ ਜਾ ਰਹੇ ਹਨ, ਜਦਕਿ ਸੂਬੇ ਦੇ ਅਸਲ ਮੁੱਦਿਆਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਸਿਰਫ਼ ਕੇਂਦਰ ਦੀ ਮਜ਼ਬੂਤ ਸਰਕਾਰ ਹੀ ਪੰਜਾਬ ਨੂੰ ਮੁੜ ਤਰੱਕੀ ਦੇ ਰਾਹ 'ਤੇ ਲਿਆ ਸਕਦੀ ਹੈ।ਪ੍ਰਨੀਤ ਕੌਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਮਨ ਵਿੱਚ ਸਿੱਖ ਧਰਮ ਅਤੇ ਪੰਜਾਬੀ ਸੱਭਿਆਚਾਰ ਲਈ ਵਿਸ਼ੇਸ਼ ਸਤਿਕਾਰ ਹੈ। ਉਨ੍ਹਾਂ ਦੱਸਿਆ ਕਿ ਭਾਵੇਂ ਦੇਸ਼ ਦੀ ਕੁੱਲ ਆਬਾਦੀ ਵਿੱਚ ਸਿੱਖਾਂ ਦੀ ਸੰਖਿਆ ਘੱਟ ਹੈ, ਪਰ ਫਿਰ ਵੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਨੇ ਸਿੱਖ ਗੁਰੂਆਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਹੈ ਅਤੇ ਉਨ੍ਹਾਂ ਦੇ ਦਿਹਾੜੇ ਪੂਰੀ ਦੁਨੀਆਂ ਵਿੱਚ ਵੱਡੇ ਪੱਧਰ 'ਤੇ ਮਨਾਏ ਹਨ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਨੇ ਪੰਜਾਬ ਅਤੇ ਪੰਜਾਬੀਆਂ ਦੀ ਤਰੱਕੀ ਲਈ ਕਈ ਅਹਿਮ ਫੈਸਲੇ ਕੀਤੇ ਹਨ।ਅੰਤ ਵਿੱਚ ਭਾਜਪਾ ਆਗੂਆਂ ਨੇ ਵਰਕਰਾਂ ਦੇ ਹੱਕਾਂ ਦੀ ਰਾਖੀ, ਪਾਰਦਰਸ਼ੀ ਅਤੇ ਭ੍ਰਿਸ਼ਟਾਚਾਰ ਰਹਿਤ ਸ਼ਾਸਨ ਅਤੇ 'ਵਿਕਸਿਤ ਭਾਰਤ' ਦੇ ਵਿਜ਼ਨ ਤਹਿਤ 'ਵਿਕਸਿਤ ਪੰਜਾਬ' ਬਣਾਉਣ ਲਈ ਵਚਨਬੱਧਤਾ ਦੁਹਰਾਈ।ਇਸ ਪ੍ਰੋਗਰਾਮ ਵਿੱਚ ਕੇ.ਕੇ. ਮਲਹੋਤਰਾ, ਅਨੀਲ ਮੰਗਲਾ, ਸੰਜੀਵ ਸ਼ਰਮਾ, ਵਰੁਣ ਜਿੰਦਲ, ਸੰਦੀਪ ਮਲਹੋਤਰਾ, ਨਿਖਿਲ ਕਾਕਾ, ਮਨੀਸ਼ਾ ਉੱਪਲ, ਨਿਖਿਲ ਬਾਤਿਸ਼, ਅਤੁਲ ਜੋਸ਼ੀ, ਗੁਰਧਿਆਨ ਸਿੰਘ, ਗੁਰਭਜਨ ਸਿੰਘ, ਯੁਵਰਾਜ ਸ਼ਰਮਾ, ਰੋਮੀ ਸਿੰਘ, ਸਿਕੰਦਰ ਚੌਹਾਨ, ਨਰਿੰਦਰ ਸਹਿਗਲ, ਲੱਕੀ, ਐਸ.ਕੇ. ਦੇਵ ਅਤੇ ਦਲਬੀਰ ਰੰਧਾਵਾ ਸਮੇਤ ਕਈ ਹੋਰ ਆਗੂ ਅਤੇ ਵਰਕਰ ਮੌਜੂਦ ਸਨ।

# ਸਰਦਾਰ ਗੁਰਿੰਦਰ ਸਿੰਘ ਬਾਵਾ ਨੇ ਸ੍ਰੀ ਗੁਰੂ ਰਾਮਦਾਸ ਜੀ ਚੈਰੀਟੇਬਲ ਹਸਪਤਾਲ ਅਤੇ ਮੈਡੀਕਲ ਕਾਲਜ ਦਾ ਦੌਰਾ



ਅੰਮ੍ਰਿਤਸਰੀ 27ਜਨਵਰੀ (ਗੁਰਪ੍ਰੀਤ ਸਿੰਘ ਡੱਬ ) ਮਹਾਰਾਸ਼ਟਰ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਸਿੱਖ ਆਗੂ ਸਰਦਾਰ ਗੁਰਿੰਦਰ ਸਿੰਘ ਬਾਵਾ ਨੇ ਆਪਣੀ ਅੰਮ੍ਰਿਤਸਰ ਫੇਰੀ ਦੌਰਾਨ ਸ੍ਰੀ ਗੁਰੂ ਰਾਮਦਾਸ ਜੀ ਚੈਰੀਟੇਬਲ ਹਸਪਤਾਲ ਦਾ ਦੌਰਾ ਕੀਤਾ ਜਿਸ ਦੌਰਾਨ ਉਹਨਾਂ ਨੇ ਵੱਖ-ਵੱਖ ਵਿਭਾਗਾਂ ਦੇ ਵਾਰਡਾਂ ਤੇ ਆਈ ਸੀ ਵਿੱਚ ਜਾ ਕੇ ਮਰੀਜ ਦਾ ਹਾਲ ਚਾਲ ਪੁੱਛਿਆ। 1400 ਬੈਡਾਂ ਵਾਲੇ ਇਸ ਹਸਪਤਾਲ ਵਿੱਚ ਸਰਦਾਰ ਗੁਰਿੰਦਰ ਸਿੰਘ ਬਾਵਾ ਟਰਸਟੀ ਹਨ ਅਤੇ ਉਹਨਾਂ ਨੇ ਹਸਪਤਾਲ ਵਿੱਖੇ ਪ੍ਰਬੰਧਕਾਂ ਦੇ ਨਾਲ ਮੈਡੀਕਲ ਕਾਲਜ ਨੂੰ ਹੋਰ ਅਗੇ ਲਿਜਾਣ ਲਈ ਸੁਪਰ ਸਪੈਸ਼ਲਿਟੀ ਦੇ ਕੋਰਸਾਂ ਦੀ ਸ਼ੁਰੂਆਤ ਲਈ ਵਿਚਾਰ ਵਟਾਂਦਰਾ ਕੀਤਾ। ਸ ਬਾਵਾ ਨੇ ਗੱਲਬਾਤ ਦੌਰਾਨ ਕਿਹਾ ਕੀ ਸਿੱਖ ਕੌਮ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋ ਗੁਰਦੁਆਰਿਆਂ ਦੇ ਗੁਰ ਪੰਥ ਦੇ ਨਾਲ ਨਾਲ ਹਰ ਖੇਤਰ ਵਿੱਚ ਲੋਕ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ ਜਿਸ ਤਹਿਤ ਕਈ ਸਕੂਲ, ਕਾਲਜ, ਯੂਨੀਵਰਸਟੀਆ, ਅਤੇ ਹਸਪਤਾਲ ਸ਼ਾਮਿਲ ਹਨ। ਅੱਜ ਇਥੇ ਆ ਕੇ ਮਨ ਨੂੰ ਬਹੁਤ ਸਕੂਨ ਮਿਲਿਆ ਕਿ ਇਸ ਹਸਪਤਾਲ ਅਤੇ ਮੈਡੀਕਲ ਕਾਲਜ ਰਾਹੀਂ ਵੀ ਹਜ਼ਾਰਾਂ ਲੋਗ ਬੇਹਤਰੀਨ ਮੈਡੀਕਲ ਸੇਵਾਵਾਂ ਰਾਹੀਂ ਲਾਭ ਲੇ ਰਹੇ ਹਨ ਜਿਸ ਵਿੱਚ, ਆਰਥੋ, ਕਾਰਡੀਅਕ ਅਤੇ ਕੈਂਸਰ ਤੱਕ ਲਈ ਇਲਾਜ ਆਧੁਨਿਕ ਉਪਲਭਦ ਹੈ। ਇਸ ਮੋਕੇ ਓਹਨਾਂ ਨਾਲ ਪ੍ਰਧਾਨ ਸ਼੍ਰੋਮਣੀ ਕਮੇਟੀ ਦੇ ਨਿੱਜੀ ਸਹਾਇਕ ਸ਼ਾਹਬਾਜ਼ ਸਿੰਘ, ਡਾ ਰਾਜੀਵ ਚੌਧਰੀ ਅਤੇ ਡਾ ਹਰਮੀਤ ਸਿੰਘ ਸਲੂਜਾ ਆਦਿ ਮੌਜੂਦ ਸਨ।

# ਅਤਲਾ ਖੁਰਦ ਵਿਖੇ ਮਨਾਇਆ ਗਿਆ ਅਨੋਖੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜਾ: ਅਤਲਾ



ਨਵੀਂ ਦਿੱਲੀ, 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਇਤਿਹਾਸ 'ਚ ਅਣਗਿਣਤ ਸ਼ਹੀਦ ਹੋਏ ਨੇ ਜਿਨ੍ਹਾਂ ਨੇ ਮਨੁੱਖਤਾ ਦੀ ਖਾਤਰ ਵਿੱਢੀ ਜੰਗ 'ਚ ਆਪਣਾ ਜੀਵਨ ਕੁਰਬਾਨ ਕਰ ਦਿੱਤਾ। ਇਹ ਵਿਚਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮੁੱਖ ਸਿੰਘ ਜੀ ਵੱਲੋਂ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਪਿੰਡ ਅਤਲਾ ਖੁਰਦ ਵਿਖੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਗਿਆਨੀ ਗੁਰਮੁੱਖ ਸਿੰਘ ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਸੁਖਚੈਨ ਸਿੰਘ ਅਤਲਾ ਵੱਲੋਂ ਕਰਵਾਏ ਗਏ ਸਮਾਗਮ ਵਿੱਚ ਸ਼ਿਰਕਤ ਕਰਨ ਪਹੁੰਚੇ ਹੋਏ ਸਨ। ਉਹਨਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਬਾਬਾ ਦੀਪ ਸਿੰਘ ਦਾ ਨਾਂ ਉਨ੍ਹਾਂ ਮਹਾਨ ਸ਼ਹੀਦਾਂ ਦੀ ਕਤਾਰ ਵਿੱਚ ਆਉਂਦਾ ਹੈ, ਜਿਨ੍ਹਾਂ ਦੇ ਇਰਾਦੇ ਤੇ ਵਿਚਾਰ ਫੌਲਾਦੀ ਸਨ। ਬਾਬਾ ਦੀਪ ਸਿੰਘ ਜੀ ਸ਼ਹੀਦੀ ਮਿਸਲ ਦੇ ਮੁਖੀ ਸਨ ਅਤੇ ਦਮਦਮੀ ਟਕਸਾਲ ਦੇ ਪਹਿਲੇ ਮੁਖੀ ਸਨ। ਬਾਬਾ ਜੀ ਪੰਥ ਦੀ ਖਾਤਰ ਹਰ ਕੁਰਬਾਨੀ ਕਰਨ ਲਈ ਸਦਾ ਤਿਆਰ ਬਰ ਰਹਿਣ ਵਾਲੇ ਯੋਧੇ ਸਨ। ਉਨ੍ਹਾਂ ਦਸਿਆ ਇਤਿਹਾਸ ਗਵਾਹ ਹੈ ਕਿ ਬਾਬਾ ਦੀਪ ਸਿੰਘ ਦੇ ਪੈਰਾਂ 'ਚ ਸਮੁੰਦਰ ਦੀਆਂ ਲਹਿਰਾਂ ਤੋਂ ਵੱਧ ਵੇਗ ਸੀ ਤੇ ਬਾਬਾ ਜੀ ਦੇ ਲਹੂ 'ਚ ਇੰਨੀ ਗਰਮੀ ਸੀ ਕਿ 1757 'ਚ ਤੈਮੂਰ ਸ਼ਾਹ ਤੇ ਜਾਹਨ ਖਾਨ ਵਲੋਂ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕਰਨ ਤੇ ਪਵਿੱਤਰ ਸਰੋਵਰ ਨੂੰ ਪੂਰ ਦੇਣ ਦੀ ਖ਼ਬਰ ਸ੍ਰੀ ਦਮਦਮਾ ਸਾਹਿਬ ਪਹੁੰਚੀ, ਤਾਂ ਆਪ ਜੀ 76 ਸਾਲ ਦੀ ਬਿਰਧ ਅਵਸਥਾ 'ਚ 18 ਸੇਰ ਦਾ ਖੰਡਾ ਹੱਥ 'ਚ ਫੜ ਸ੍ਰੀ ਦਰਬਾਰ ਸਾਹਿਬ ਨੂੰ ਆਜ਼ਾਦ ਕਰਵਾਉਣ ਲਈ ਚੱਲ ਪਏ। ਬਾਬਾ ਦੀਪ ਸਿੰਘ ਜੀ ਨੇ ਜੰਗ ਜਿੱਤ ਕੇ ਸ੍ਰੀ ਹਰਮਿੰਦਰ ਸਾਹਿਬ ਨਤਮਸਤਕ ਹੋਣ ਦਾ ਅਰਦਾਸਾ ਸੋਧਿਆ ਤੇ ਸ੍ਰੀ ਅੰਮ੍ਰਿਤਸਰ ਵੱਲ ਚੱਲ ਪਏ। ਸ਼ਹਿਰ ਦੇ ਬਾਹਰ ਘਮਸਾਣ ਦਾ ਯੁੱਧ ਹੋਇਆ, ਜਹਾਨ ਖਾਨ ਨਾਲ ਹੋ ਰਹੀ ਗਹਿਗੱਚ ਲੜਾਈ ਵਿੱਚ ਬਾਬਾ ਜੀ ਸੀਸ ਧੜ ਨਾਲੋਂ ਵੱਖਰਾ ਹੋ ਗਿਆ। ਕੋਲ ਖੜ੍ਹੇ ਸਿੰਘ ਨੇ ਜਦ ਬਾਬਾ ਜੀ ਨੂੰ ਦਰਬਾਰ ਸਾਹਿਬ ਦੇ ਚਰਨਾਂ 'ਚ ਪਹੁੰਚੇ ਕੇ ਨਤਮਸਕਤਕ ਹੋਣ ਦਾ ਪ੍ਰਣ ਯਾਦ ਕਰਵਾਇਆ ਤਾਂ ਐਸਾ ਕਰਿਸ਼ਮਾ ਵਾਪਰਿਆ ਜਿਸ ਦੀ ਮਿਸਾਲ ਦੁਨੀਆ 'ਚ ਕਿਧਰੇ ਵੀ ਨਹੀਂ ਮਿਲਦੀ। ਬਾਬਾ ਜੀ ਨੇ ਆਪਣੇ ਖੱਬੇ ਹੱਥ 'ਤੇ ਸੀਸ ਰੱਖ ਕੇ ਸੱਜੇ ਹੱਥ ਨਾਲ ਅਜਿਹਾ ਖੰਡਾ ਵਾਹਿਆ ਕਿ ਦੁਸ਼ਮਣ ਫ਼ੌਜ 'ਚ ਭਾਜੜਾਂ ਪੈ ਗਈਆਂ। ਜੰਗ ਜਿੱਤ ਕੇ ਸ੍ਰੀ ਹਰਿਮੰਦਰ ਸਾਹਿਬ ਪਰਿਕਰਮਾ ਚ ਸੀਸ ਭੇਟ ਕਰ ਕੇ ਸ਼ਹੀਦੀ ਪ੍ਰਾਪਤ ਕਰ ਗਏ। ਇਸੇ ਕਰ ਕੇ ਬਾਬਾ ਦੀਪ ਸਿੰਘ ਜੀ ਨੂੰ ਅਨੋਖੇ ਅਮਰ ਸ਼ਹੀਦ ਵਜੋਂ ਜਾਣਿਆ ਜਾਂਦਾ ਹੈ।ਇਸ ਮੌਕੇ ਬਾਬਾ ਰਾਜਵਿੰਦਰ ਸਿੰਘ ਘਰਾਗਣੇ ਵਾਲੇ ਅਤੇ ਅਮ੍ਰਿਤਪਾਲ ਸਿੰਘ ਭੀਖੀ ਵਾਲਿਆਂ ਨੇ ਵੀ ਸੰਗਤਾਂ ਨੂੰ ਸੰਬੋਧਨ ਕੀਤਾ। ਇਸ ਮੌਕੇ ਵਡੀ ਗਿਣਤੀ ਵਿਚ ਹਾਜਿਰ ਭਰਣ ਵਾਲੇ ਧਾਰਮਿਕ ਅਤੇ ਰਾਜਨੀਤਿਕ ਆਗੂ ਅਮ੍ਰਿਤਪਾਲ ਸਿੰਘ ਸਿੱਧੂ ਲੋਂਗੋਵਾਲ, ਰਾਮ ਖਿਆਲਾਂ, ਬਿਕਰਮਜੀਤ ਸਿੰਘ ਰਾਓ, ਬਲਦੇਵ ਸਿੰਘ ਸਾਹਨੇਵਾਲੀ, ਬਹਾਦਰ ਸਿੰਘ ਦੋਦੜਾ, ਲਵਪ੍ਰੀਤ ਸਿੰਘ ਅਕਲੀਆਂ, ਮਨਦੀਪ ਸਿੰਘ ਅਤਲਾ, ਸਵਰਨ ਸਿੰਘ ਪੂਹਲੀ, ਕਿਸਾਨ ਆਗੂ ਬਲਤੇਜ ਸਿੰਘ ਪੂਹਲੀ, ਕਾਲਾ ਸਿੰਘ ਅਤਲਾ, ਅਵਤਾਰ ਸਿੰਘ ਭੀਖੀ, ਬਲਜੀਤ ਸਿੰਘ ਸਾਬਕਾ ਸਰਪੰਚ, ਸੁਖਜੀਤ ਕੌਰ ਅਤਲਾ, ਸੁਖਰਾਜ ਸਿੰਘ ਅਤਲਾ, ਬਲਦੇਵ ਸਿੰਘ ਧਲੇਵਾਂ, ਐਡਵੋਕੇਟ ਲਖਵਿੰਦਰ ਸਿੰਘ ਲੱਖਣਪਾਲ, ਜਗਸੀਰ ਸਿੰਘ ਫੌਜੀ, ਅਮਰੀਕ ਸਿੰਘ ਅਤਲਾ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਹੈਡ ਗ੍ਰੰਥੀ ਭਾਈ ਗੁਰਮੁੱਖ ਜੀ ਨੂੰ ਪ੍ਰਬੰਧਕਾਂ ਵਲੋਂ ਸਨਮਾਨਿਤ ਕੀਤਾ ਗਿਆ ਸੀ।

# ਦਿੱਲੀ ਗੁਰਦੁਆਰਾ ਕਮੇਟੀ ਨੇ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਅੰਮ੍ਰਿਤਧਾਰੀ ਪਰਿਵਾਰਾਂ ਦੇ ਬੱਚਿਆਂ ਦੀ ਸਿੱਖਿਆ ਦਾ ਖਰਚ ਕਮੇਟੀ ਵਲੋਂ ਚੁੱਕਣ ਦਾ ਐਲਾਨ: ਕਾਲਕਾ, ਕਾਹਲੋਂ




ਨਵੀਂ ਦਿੱਲੀ, 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਬੰਗਲਾ ਸਾਹਿਬ ਵਿਚ ਸਰੋਵਰ ਕੰਢੇ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ ਜਿਹਨਾਂ ਵਿਚ ਵੱਡੀ ਗਿਣਤੀ ਵਿਚ ਨੌਜਵਾਨਾਂ ਅਤੇ ਛੋਟੇ ਬੱਚਿਆਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਦਸਮ ਪਿਤਾ ਸਾਹਿਬ ਏ ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਸਿੱਖਾਂ ਨੂੰ ਦਸਤਾਰ ਦੀ ਦਾਤ ਬਖ਼ਸ਼ਿਸ਼ ਕੀਤੀ ਹੈ। ਉਹਨਾਂ ਕਿਹਾ ਕਿ ਦਸਤਾਰ ਸਾਡੀ ਸ਼ਾਨ ਹੈ ਤੇ ਦਸਤਾਰ ਧਾਰੀ ਸਿੱਖਾਂ ਦੀ ਦੁਨੀਆਂ ਵਿਚ ਨਿਆਰੀ ਪਛਾਣ ਹੈ। ਉਹਨਾਂ ਕਿਹਾ ਕਿ ਜੇਕਰ ਇਕ ਲੱਖ ਲੋਕਾਂ ਵਿਚ ਇਕ ਸਿੱਖ ਖੜ੍ਹਾ ਹੋਵੇ ਤਾਂ ਦਸਤਾਰ ਤੋਂ ਹੀ ਉਸਦੀ ਪਛਾਣ ਹੋ ਜਾਂਦੀ ਹੈ। ਉਹਨਾਂ ਕਿਹਾ ਕਿ ਪੁਰਾਣੇ ਸਮਿਆਂ ਤੋਂ ਲੈ ਕੇ ਹੁਣ ਤੱਕ ਲੋਕਾਂ ਵਿਚ ਇਹ ਧਾਰਨਾ ਹੈ ਕਿ ਜੇਕਰ ਬੱਸ ਜਾਂ ਰੇਲ ਵਿਚ ਸਫਰ ਕਰਨਾ ਹੋਵੇ ਤਾਂ ਉਸ ਵਿਚ ਸਿੱਖ ਸਫਰ ਕਰ ਰਿਹਾ ਹੋਵੇ ਤਾਂ ਧੀਆਂ ਭੈਣਾਂ ਸੁਰੱਖਿਅਤ ਰਹਿੰਦੀਆਂ ਹਨ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਦਸਤਾਰ ਸਜਾਉਣ ਦੇ ਮੁਕਾਬਲੇ ਹਰ ਸਾਲ ਗੁਰਦੁਆਰਾ ਬੰਗਲਾ ਸਾਹਿਬ ਦੇ ਸਰੋਵਰ ਕੰਢੇ ਹੀ ਕਰਵਾਏ ਜਾਂਦੇ ਹਨ ਜਿਸ ਵਾਸਤੇ ਨੌਜਵਾਨਾਂ ਵਿਚ ਬਹੁਤ ਉਤਸ਼ਾਹ ਹੁੰਦਾ ਹੈ। ਉਹਨਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਦਸਤਾਰ ਸਜਾਉਣ ਦੇ ਮੁਕਾਬਲੇ ਦੀਆਂ ਤਸਵੀਰਾਂ ਆਪਣੇ ਸੋਸ਼ਲ ਮੀਡੀਆ 'ਤੇ ਜ਼ਰੂਰ ਸਾਂਝੀਆਂ ਕਰਨ ਤਾਂ ਪ੍ਰੇਰਿਤ ਹੋ ਕੇ ਜੋ ਅਗਲੇ ਸਾਲ ਵੱਡੀ ਗਿਣਤੀ ਵਿਚ ਨੌਜਵਾਨ ਇਹਨਾਂ ਮੁਕਾਬਲਿਆਂ ਵਿਚ ਸ਼ਮੂਲੀਅਤ ਕਰ ਸਕਣ। ਉਹਨਾਂ ਨੇ ਇਸ ਮੌਕੇ ਅਹਿਮ ਐਲਾਨ ਕੀਤਾ ਕਿ ਦਿੱਲੀ ਵਿਚ ਜਿਹੜਾ ਸਾਰਾ ਪਰਿਵਾਰ ਅੰਮ੍ਰਿਤਧਾਰੀ ਹੋਵੇਗਾ, ਉਸ ਪਰਿਵਾਰ ਦੇ ਬੱਚਿਆਂ ਦੀ ਫੀਸ ਦਾ ਖਰਚਾ ਦਿੱਲੀ ਗੁਰਦੁਆਰਾ ਕਮੇਟੀ ਚੁੱਕੇਗੀ। ਉਹਨਾਂ ਇਹ ਵੀ ਐਲਾਨ ਕੀਤਾ ਕਿ 13 ਅਪ੍ਰੈਲ ਨੂੰ ਖਾਲਸਾ ਸਾਜਣਾ ਦਿਵਸ ਮੌਕੇ ਗੁਰਦੁਆਰਾ ਰਕਾਬਗੰਜ ਸਾਹਿਬ ਵਿਚ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਜਾ ਰਿਹਾ ਹੈ ਅਤੇ ਇਸ ਸਮਾਗਮ ਵਿਚ ਅਜਿਹੇ ਪਰਿਵਾਰਾਂ ਦਾ ਸਨਮਾਨ ਵੀ ਕੀਤਾ ਜਾਵੇਗਾ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਸੰਗਤਾਂ ਖੰਡੇ ਬਾਟੇ ਦੀ ਪਾਹੁਲ ਛੱਕ ਕੇ ਅੰਮ੍ਰਿਤਧਾਰੀ ਸੱਜਣ। ਉਹਨਾਂ ਇਹ ਵੀ ਦੱਸਿਆ ਕਿ ਹਰ ਐਤਵਾਰ ਨੂੰ ਗੁਰਦੁਆਰਾ ਬੰਗਲਾ ਸਾਹਿਬ ਅਤੇ ਹਰ ਬੁੱਧਵਾਰ ਨੂੰ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਹੁੰਦਾ ਹੈ, ਉਥੇ ਹੀ ਸੰਗਤਾਂ ਅੰਮ੍ਰਿਤ ਛੱਕ ਸਕਦੀਆਂ ਹਨ। ਇਸ ਮੌਕੇ ਸੰਬੋਧਨ ਕਰਦਿਆਂ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਆਖਿਆ ਕਿ ਨੌਜਵਾਨਾਂ ਨੂੰ ਗੁਰਸਿੱਖੀ ਜੀਵਨ ਨਾਲ ਜੋੜਨ ਵਾਸਤੇ ਧਰਮ ਪ੍ਰਚਾਰ ਵਿੰਗ ਆਪਣੇ ਉਪਰਾਲਿਆਂ ਵਿਚ ਹੋਰ ਤੇਜ਼ੀ ਲਿਆਵੇਗਾ। ਉਹਨਾਂ ਕਿਹਾ ਕਿ ਜਿੰਨਾ ਸਾਡੇ ਨੌਜਵਾਨ ਗੁਰਸਿੱਖੀ ਜੀਵਨ ਜਾਚ ਨਾਲ ਜੁੜਨਗੇ, ਉਸ ਨਾਲ ਗੁਰਸਿੱਖੀ ਦਾ ਹੋਰ ਪ੍ਰਚਾਰ ਤੇ ਪ੍ਰਸਾਰ ਹੋਵੇਗਾ।

# ਪੰਜਾਬ ਸਰਕਾਰ ਤੋਂ 77ਵੇਂ ਗਣਤੰਤਰਤਾ ਦਿਵਸ ਮੌਕੇ ਸ੍ਰੀ ਚਮਕੌਰ ਸਾਹਿਬ ਦੇ ਫਰੀਡਮ ਫਾਈਟਰ ਅਤੇ ਉੱਤਰ ਅਧਿਕਾਰੀ ਪ੍ਰੀਵਾਰਾਂ ਵੱਲੋਂ ਨਹੀਂ ਲਿਆ ਗਿਆ ਸਨਮਾਨ ਕੀਤਾ ਬਾਈਕਾਟ

## ਸ਼ਾਂਤਮਈ ਢੰਗ ਨਾਲ ਚਲਦੇ ਪ੍ਰੋਗਰਾਮ ਦਾ ਬਾਈਕਾਟ ਕਰਕੇ ਆਏ ਪੰਡਾਲ ਚੋਂ ਬਾਹਰ



ਸ੍ਰੀ ਚਮਕੌਰ ਸਾਹਿਬ 27 ਜਨਵਰੀ ( ਹਰਦਿਆਲ ਸਿੰਘ ਸੰਧੂ) ਜਿੱਥ ਪੂਰੇ ਦੇਸ਼ ਭਰ ਵਿੱਚ 77ਵਾਂ ਗਣਤੰਤਰਤਾ ਦਿਵਸ ਬੜੀ ਧੂਮ ਧਾਮ ਨਾਲ ਮਨਾਇਆ ਗਿਆ ਅਤੇ 26 ਜਨਵਰੀ ਵਾਲੇ ਦਿਨ ਬਾਬਾ ਸਾਹਿਬ ਭੀਮ ਰਾਓ ਅੰਬੇਦਕਰ ਸਾਹਿਬ ਜੀ ਵੱਲੋਂ ਦੇਸ਼ ਦਾ ਸੰਵਿਧਾਨ ਲਾਗੂ ਕੀਤਾ ਗਿਆ ਸੀ ਅਤੇ ਲੋਕਤੰਤਰ ਦੀ ਸੁਰੂਆਤ ਕੀਤੀ ਸੀ, ਉੱਥੇ ਦੇਸ਼ ਨੂੰ ਆਜ਼ਾਦ ਕਰਾਉਣ ਵਾਲੇ ਆਜ਼ਾਦੀ ਘੁਲਾਟੀਏ ਜਿਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਅੱਜ ਪੂਰਾ ਦੇਸ਼ ਆਜ਼ਾਦੀ ਦਾ ਨਿਗ ਮਾਣ ਰਿਹਾ ਹੈ ਅਤੇ ਲੋਕਤੰਤਰ ਦਾ 77ਵਾਂ ਗਣਤੰਤਰਤਾ ਦਿਵਸ ਬੜੀ ਧੂਮ ਧਾਮ ਨਾਲ ਮਨਾ ਕੇ ਆਨੰਦ ਮਾਣ ਰਿਹਾ ਹੈ।

ਜਿਸ ਦੇ ਸੰਬੰਧ ਵਿੱਚ ਸ੍ਰੀ ਚਮਕੌਰ ਸਾਹਿਬ ਤੋਂ ਫਰੀਡਮ ਫਾਈਟਰ ਉੱਤਰ ਅਧਿਕਾਰੀ ਸੰਸਥਾ (ਰਜਿਸਟਰਡ 196) ਜਿਲ੍ਹਾ ਰੂਪਨਗਰ ਦੇ ਜਨਰਲ ਸਕੱਤਰ ਹਰਦਿਆਲ ਸਿੰਘ ਸਲੇਮਪੁਰ ਵੱਲੋਂ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਗਿਆ ਕਿ ਅੱਜ ਫਰੀਡਮ ਫਾਈਟਰ ਉੱਤਰ ਅਧਿਕਾਰੀ ਸੰਸਥਾ (ਰਜਿ: 196) ਪੰਜਾਬ ਦੇ ਸੱਦੇ ਤੇ, ਪੰਜਾਬ ਸਰਕਾਰ ਵੱਲੋਂ ਦਿੱਤੇ ਜਾਣ ਵਾਲੇ ਸਨਮਾਨਾ ਦਾ ਸ਼ਾਂਤੀ ਪੂਰਵਕ ਵਿਰੋਧ ਕਰਦੇ ਹੋਏ ਸਨਮਾਨ ਪ੍ਰਾਪਤ ਨਹੀਂ ਕੀਤੇ ਗਏ ਜਿਉਂ ਹੀ ਮੰਚ ਤੋਂ ਸਨਮਾਨ ਦੇਣ ਲਈ ਆਜ਼ਾਦੀ ਘੁਲਾਟੀਆਂ ਦੇ ਨਾਮ ਬੋਲਣੇ ਸ਼ੁਰੂ ਕੀਤੇ ਗਏ ਤਾਂ ਆਜ਼ਾਦੀ ਘੁਲਾਟੀਏ ਅਤੇ ਉਨਾਂ ਦੇ ਵਾਰਸ ਸਨਮਾਨ ਲਏ ਬਿਨਾਂ ਸ਼ਾਂਤੀ ਪੂਰਵਕ ਢੰਗ ਨਾਲ ਚਲਦੇ ਪ੍ਰੋਗਰਾਮ ਦਾ ਬਾਈਕਾਟ ਕਰਕੇ ਪੰਡਾਲ ਚੋਂ ਬਾਹਰ ਚਲੇ ਗਏ ਇੱਥੇ ਇਹ ਵੀ ਦੱਸਣ ਯੋਗ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਸਰਕਾਰ ਦੇ ਚਾਰ ਸਾਲ ਬੀਤ ਜਾਣ ਉਪਰੰਤ ਵੀ ਫਰੀਡਮ ਫਾਈਟਰ ਉੱਤਰ ਅਧਿਕਾਰੀ ਸੰਸਥਾ (ਰਜਿ: 196) ਨੂੰ ਵਾਰ-ਵਾਰ ਮੀਟਿੰਗਾਂ ਦਾ ਸਮਾਂ ਦੇਣ ਉਪਰੰਤ ਵੀ ਕੋਈ ਮੀਟਿੰਗ ਨਹੀਂ ਕੀਤੀ ਗਈ ਉਥੇ ਮੀਟਿੰਗ ਵਿੱਚ ਸੱਦ ਕੇ ਐਨ ਮੌਕੇ ਤੇ ਮੀਟਿੰਗ ਰੱਦ ਕਰ ਦਿੱਤੀ ਗਈ ਜਿਸ ਨਾਲ ਮੀਟਿੰਗ ਲਈ ਪਹੁੰਚੇ ਨੁਮਾਇੰਦਿਆਂ ਨੂੰ ਨਮੋਸ਼ੀ ਅਤੇ ਅਪਮਾਨ ਤੋਂ ਇਲਾਵਾ ਕੁਝ ਨਹੀਂ ਮਿਲਿਆ ਜਿਸ ਦੇ ਸਬੰਧ ਵਿੱਚ ਪਿਛਲੇ ਦਿਨੀ ਸੰਗਰੂਰ ਵਿਖੇ ਧਰਨਾ ਪ੍ਰਦਰਸ਼ਨ ਵੀ ਕੀਤਾ ਗਿਆ ਭਾਵੇਂ ਗਣਤੰਤਰਤਾ ਦਿਵਸ ਨੂੰ ਮੁੱਖ ਰੱਖਦੇ ਹੋਏ ਮਾਨਯੋਗ ਮੁੱਖ ਮੰਤਰੀ ਵੱਲੋਂ ਚਿੱਠੀ ਲਿਖ ਕੇ 28 ਜਨਵਰੀ ਨੂੰ ਮੀਟਿੰਗ ਨਿਸਚਿਤ ਕੀਤੀ ਗਈ ਹੈ ਦੇਖਦੇ ਹਾਂ ਉੱਠ ਕਿਸ ਕਰਵਟ ਬੈਠਦਾ ਹੈ ਮੀਟਿੰਗ ਹੋਵੇਗੀ ਜਾਂ ਨਹੀਂ ਸਮਾਂ ਦੱਸੇਗਾ ਅਤੇ ਕੁੱਝ ਨਹੀਂ ਕਿਹਾ ਜਾ ਸਕਦਾ। ਦੇਸ਼ 1947 ਵਿੱਚ ਆਜ਼ਾਦ ਹੋਇਆ ਸੀ ਪ੍ਰੰਤੂ ਦੇਸ਼ ਨੂੰ ਆਜ਼ਾਦ ਕਰਾਉਣ ਵਾਲੇ ਕੁਰਬਾਨੀਆਂ ਦੇਣ, ਫਾਂਸੀ ਦੇ ਰੱਸੇ ਚੁੰਮਣ, ਜੇਲਾ ਕੱਟਣ ਅਤੇ ਤਸੀਹੇ ਝੱਲਣ ਵਾਲਿਆਂ ਦੇ ਪਰਿਵਾਰ ਅੱਜ ਆਪਣੀਆਂ ਹੱਕੀ ਮੰਗਾਂ ਲਈ ਸੜਕਾਂ ਤੇ ਰੁਲ ਰਹੇ ਹਨ। ਅੰਨੀ ਅਤੇ ਬੋਲੀ ਕੁੰਭ ਕਰਨੀ ਨੀਂਦ ਸੁੱਤੀ ਸਰਕਾਰ ਦੇ ਕੰਨਾਂ ਤੇ ਜੂੰ ਤੱਕ ਨਹੀਂ ਸਰਕਦੀ ਜਦੋਂ ਦੇਸ਼ ਨੂੰ ਆਜ਼ਾਦ ਕਰਾਉਣ ਵਾਲਿਆਂ ਦਾ ਸੂਬੇ ਵਿੱਚ ਅਜਿਹਾ ਮੰਦਾ ਹਾਲ ਹੈ ਤਾਂ ਆਮ ਜਨਤਾ ਦਾ ਕੀ ਹੁੰਦਾ ਹੋਵੇਗਾ। ਇਸ ਮੌਕੇ ਸ੍ਰੀ ਚਮਕੌਰ ਸਾਹਿਬ ਵਜੀਦਪੁਰ ਅਤੇ ਸਲੇਮਪੁਰ ਆਦਿ ਤੋਂ ਆਜ਼ਾਦੀ ਘੁਲਾਟੀਆਂ ਦੇ ਪਰਿਵਾਰ ਹਾਜ਼ਰ ਸਨ।

# ਬਿਆਸ ਤੋਂ ਬਾਬਾ ਬਕਾਲਾ ਸਾਹਿਬ ਨੂੰ ਜਾਣ ਵਾਲੀ ਲਿੰਕ ਰੋਡ ਦੀ ਖਾਸਤਾ ਹਾਲਤ ਖਰਾਬ

ਰਈਆ /27/ਜਨਵਾਰੀ ਬਲਵਿੰਦਰ/ਸਿੰਘ ਸੰਧੂ

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਪ੍ਰੀਤ ਸਿੰਘ ਸੋਨੂੰ ਬਾਬਾ ਸਾਵਣ ਸਿੰਘ ਨਗਰ ਕੋਡੀਨੇਟਰ ਐਸ ਸੀ ਸੈਲ ਕਾਗਰਸ ਪੰਜਾਬ ਅਤੇ ਮਾਨ ਸਿੰਘ ਬਾਬਾ ਸਾਵਣ ਸਿੰਘ ਨਗਰ ਪਿੰਡ ਦੇ ਲੋਕਾਂ ਦੇ ਕਿਹਣ ਤੇ ਸਾਜੇ pwd ਤੌਰ ਤੇ ਐਸ ਸੀ ਦੇ ਦਫਤਰ ਅੰਮ੍ਰਿਤਸਰ ਸਾਜੈ ਤੌਰ ਤੇ ਮਿਲੇ ਅਤੇ ਜਈ ਸਾਬ੍ਹ ਨੂੰ ਦੱਸਿਆ ਕਿ ਬਾਬਾ ਸਾਵਣ ਸਿੰਘ ਦੀ ਸੜਕ ਦੀ ਬਹੁਤ ਖ਼ਸਤਾ ਹਾਲਤ ਹੋ ਚੁੱਕੀ ਹੈ ਲੋਕਾਂ ਨੂੰ ਬਹੁਤ ਜਾਦਾ ਮੁਸ਼ਕਲਾਂ ਆਇਆ ਰਹੀ ਹੈ ਅਤੇ ਸੜਕ ਦਾ ਜੋ ਪੱਥਰ ਬਾਹਰ ਨਿਕਲ ਚੁੱਕੇ ਹਨ ਅਤੇ ਆਉਂਦੀ ਜਾਂਦੀਆ ਗੱਡੀਆ ਨਾਲ ਪੱਥਰ ਵਜਣ ਨਾਲ ਦੁਕਾਦਾਰਾਂ ਦੇ ਸੀਸ ਟੁੱਟ ਦੇ ਹਨ ਜਲਦੀ ਤੋਂ ਜਲਦੀ ਬਣਾਈ ਜਾਵੇਂ। Pwd ਅੰਮ੍ਰਿਤਸਰ ਜਈ ਜੁਗਰਾਜ ਸਿੰਘ ਨੂੰ ਮੰਗ ਪੱਤਰ ਦਿੱਤਾ ਉਹਨਾਂ ਭਰੋਸਾ ਦਿਵਾਇਆ ਤੇ ਕਿਹਾ ਕੀ ਕੁਝ ਦਿਨਾਂ ਵਿੱਚ ਇਹ ਸੜਕ ਤਿਆਰ ਕਰਵਾਈ ਜਾਏਗੀ।

ਇਸ ਮੌਕੇ ਹਰਪ੍ਰੀਤ ਸਿੰਘ ਸੋਨੂੰ ਬਾਬਾ ਸਾਵਣ ਸਿੰਘ ਨਗਰ ਕੋਡੀਨੇਟਰ ਐਸ ਸੀ ਸੈੱਲ ਕਾਗਰਸ ਪੰਜਾਬ ਮਾਨ ਸਿੰਘ ਬਾਬਾ ਸਾਵਣ ਸਿੰਘ ਨਗਰ ਜਈ ਜੁਗਰਾਜ ਸਿੰਘ ਅਤੇ ਹੋਰ ਪਤਵੰਤੇ ਆਦਿ ਹਾਜ਼ਰ ਹਨ।





# ਯੁੱਧ ਨਸ਼ਿਆਂ ਵਿਰੁੱਧ ਜੋ ਮਹਿਮ ਚਲਾ ਰੱਖੀ ਹੈ ਪੰਜਾਬ ਸਰਕਾਰ ਵੱਲੋਂ ਉਹ ਹੁਣ ਫੇਲ ਹੁੰਦੀ ਨਜ਼ਰ ਆ ਰਹੀ ਹੈ

ਗਿੱਦੜਬਾਹਾ (ਨਰਿੰਦਰ ਵਧਵਾ ) ਪੰਜਾਬ ਦੇ ਅੰਦਰ ਯੁੱਧ ਨਸ਼ਿਆਂ ਵਿਰੁੱਧ ਜੋ ਪੰਜਾਬ ਸਰਕਾਰ ਵੱਲੋਂ ਮੁਹਿੰਮ ਚਲਾਈ ਜਾ ਰਹੀ ਹੈ ਉਹ ਹੁਣ ਫੇਲ ਹੁੰਦੀ ਨਜ਼ਰ ਆ ਰਹੀ ਹੈ ਗਿੱਦੜਬਾਹਾ ਦੇ ਵਿੱਚ ਮੁਹੱਲਾ ਬੈਟਾਬਾਦ ਮੇਨ ਚੌਂਕ ਦੇ ਵਿੱਚ ਸ਼ਰੇਆਮ ਚਿੱਟਾ ਕੈਪਸੂਲ ਹੋਰ ਵੀ ਕਈ ਤਰ੍ਹਾਂ ਦੇ ਨਸ਼ੇ ਸ਼ਰੇਆਮ ਵਿਕ ਰਹੇ ਹਨ ਪੁਲਿਸ ਪ੍ਰਸ਼ਾਸਨ ਅੱਖਾਂ ਤੇ ਪੱਟੀ ਬੰਨੀ ਬੈਠਾ ਤਮਾਸ਼ਾ ਦੇਖ ਰਿਹਾ ਹੈ ਗੱਲਾਂ ਤਾਂ ਵੱਡੀਆਂ ਵੱਡੀਆਂ ਕਰਦੇ ਨੇ ਪੰਜਾਬ ਦੇ ਮੁੱਖ ਮੰਤਰੀ ਪੰਜਾਬ ਚੋਂ ਨਸ਼ਾ ਖਤਮ ਕਰ ਦਿਆਂਗੇ ਚਾਰ ਸਾਲ ਦੇ ਕਰੀਬ ਹੋ ਗਏ ਅਜੇ ਤੱਕ ਤਾਂ ਨਸ਼ਾ ਖਤਮ ਹੋਇਆ ਨਹੀਂ ਜਦੋਂ ਵੋਟਾਂ ਲੈਣੀਆਂ ਸੀ ਉਸ ਸਮੇਂ ਤਾਂ ਮਾਨਯੋਗ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਕਹਿੰਦੇ ਸੀ ਇੱਕ ਮਹੀਨੇ ਦੇ ਵਿੱਚ ਨਸ਼ਾ ਖਤਮ ਕਰ ਦਿਆਂਗੇ ਪਰ ਅੱਜ ਤੱਕ ਨਸ਼ਾ ਖਤਮ ਨਹੀਂ ਹੋਇਆ ਨਸ਼ਾ ਖਤਮ ਕਿਵੇਂ ਹੋਊਗਾ ਕਿਉਂਕਿ ਪ੍ਰਸ਼ਾਸਨ ਮਿਲਿਆ ਹੋਇਆ ਮੰਤਰੀ ਮਿਲੇ ਹੋਏ ਐ ਇਹ ਨਸ਼ਾ ਬੰਦ ਨਹੀਂ ਹੁੰਦਾ ਜਦੋਂ ਤੱਕ ਪੂਰੀ ਤਰ੍ਹਾਂ ਸਖਤਾਈ ਨਹੀਂ ਹੁੰਦੀ ਜਦੋਂ ਤੱਕ ਮਗਰ ਮੱਛ ਨਹੀਂ ਫੜੇ ਜਾਂਦੇ ਉਦੋਂ ਤੱਕ ਇਹ ਪੰਜਾਬ ਦੇ ਵਿੱਚੋਂ ਨਸ਼ਾ ਖਤਮ ਨਹੀਂ ਹੁੰਦਾ ਹੁਣ ਗੱਲ ਕਰੀਏ ਮੁਹੱਲਾ ਬੈਟਾਬਾਦ ਦੀ ਜਿੱਥੇ ਹਰ ਸਮੇਂ ਚਿੱਟਾ ਨਸ਼ਾ ਕੈਪਸੂਲ ਗੋਲੀਆਂ ਸ਼ਰੇਆਮ ਵਿਕਦੇ ਹਨ ਇਸ ਤਰ੍ਹਾਂ ਵਿਕਦੇ ਹਨ ਜਿਵੇਂ ਕੋਈ ਦੁਕਾਨ ਤੇ ਗੋਲੀਆਂ ਟੋਫੀਆਂ ਵਿਕ ਰਹੀਆਂ ਹੋਣ ਅਜਿਹੇ ਹਾਲਾਤ ਨੇ ਗਿੱਦੜਬਾਹਾ ਸ਼ਹਿਰ ਦੇ ਤੇ ਪੰਜਾਬ ਸਰਕਾਰ ਕਹਿੰਦੀ ਅਸੀਂ ਪੰਜਾਬ ਚੋਂ ਨਸ਼ਾ ਖਤਮ ਕਰਤਾ ਅਜੇ ਤੱਕ ਤਾਂ ਕੋਈ ਨਸ਼ਾ ਖਤਮ ਨਹੀਂ ਹੋਇਆ ਸਿਰਫ ਗੱਲਾਂ ਹੀ ਹਨ ਮੁਹੱਲਾ ਬੈਟਾਬਾਦ ਗੁਰਦਾਸ ਮਾਨ ਵਾਲੀ ਮੇਨ ਗਲੀ ਵਾਲੇ ਚੌਂਕ ਦੇ ਵਿਚਕਾਰ ਚਿੱਟੇ, ਕੈਪਸੂਲ, ਅਤੇ ਹੋਰ ਵੀ ਕਈ ਤਰ੍ਹਾਂ ਦੇ ਨਸ਼ਾ ਹਰ ਸਮੇਂ ਸ਼ਰੇਆਮ ਵਿਕਦੇ ਹੈਂ ਅਗਰ ਕੋਈ ਪੁਲਿਸ ਨੂੰ ਜਾਣਕਾਰੀ ਦਿੰਦੇ ਹਨ ਤਾਂ ਨਸ਼ਾ ਤਸਕਰ ਉਸ ਆਦਮੀ ਉੱਪਰ ਜਾਨਲੇਵਾ ਹਮਲਾ ਕਰ ਦਿੰਦੇ ਹਨ ਅਤੇ ਪੁਲਿਸ ਪ੍ਰਸ਼ਾਸਨ ਲੰਬੀ ਰੋਡ ਰੇਲਵੇ ਫਾਟਕ ਟੱਪੇ ਸਾਰ ਹੀ ਉਹਨਾਂ ਲੋਕਾਂ ਨੂੰ ਨਸ਼ੇ ਦੇ ਕਾਰੋਬਾਰੀਆਂ ਨੂੰ ਛੱਡ ਦਿੰਦੇ ਹਨ ਕੀ ਕਰੇਗਾ ਕੋਈ ਫੜਾ ਕੇ ਇਹਨਾਂ ਨੂੰ ਦੁਸ਼ਮਣੀ ਪਾਉਣਾ ਇਸ ਕਰਕੇ ਲੋਕ ਚੁੱਪ ਬੈਠੇ ਨੇ ਵੇਖਦੇ ਹਨ ਸਰਕਾਰ ਕੀ ਕਰਦੀ ਹੈ ਆਉਣ ਵਾਲੇ ਸਮੇਂ ਦੇ ਵਿੱਚ ਵੋਟਾਂ ਦੇ ਸਮੇਂ ਲੋਕ ਪੰਜਾਬ ਸਰਕਾਰ ਤੋਂ ਇਹੀ ਗੱਲਾਂ ਪੁੱਛਣਗੇ ਵੀ ਪੰਜਾਬ ਦੇ ਵਿੱਚੋਂ ਨਸ਼ਾ ਖਤਮ ਕਰ ਦਿੱਤਾ ਫਿਰ ਸਾਡੇ ਤੋਂ ਵੋਟਾਂ ਮੰਗਿਓ ਅਜਿਹੇ ਹਾਲਾਤ ਨੇ ਪੰਜਾਬ ਦੇ ਵਿੱਚ ਮਾਨ ਸਾਹਿਬ ਕੁਝ ਖਿਆਲ ਕਰੋ ਇਸ ਵੱਲ ਜੋ ਹਾਲਾਤ ਨੇ ਪੰਜਾਬ ਦੇ ਚਿੱਟੇ ਦੇ ਨਸ਼ਾ ਕਾਰੋਬਾਰੀਆਂ ਵੱਲੋਂ ਸਰੇਆਮ ਵੇਚਿਆ ਜਾ ਰਿਹਾ ਹੈ ਇਹਨਾਂ ਨੂੰ ਕੋਈ ਨੱਥ ਪਾਉਣ ਵਾਲਾ ਹੀ ਨਹੀਂ ਵਿਖਾ ਵਿਖਾ ਕੇ ਲੋਕਾਂ ਨੂੰ ਵੇਚਦੇ ਨੇ ਪੁੜੀਆਂ ਕਹਿੰਦੇ ਜਾਓ ਫੜ ਲਓ ਜੋ ਕੁਝ ਕਰਨਾ ਕਿਸੇ ਨੇ ਕਰ ਲਓ ਅਸੀਂ ਤਾਂ ਹੀ ਵੇਚਾਂਗੇ ਇਸ ਵੱਲ ਜਲਦ ਧਿਆਨ ਦਿੱਤਾ

# ਖ਼ਾਲਿਸਤਾਨ ਸੰਘਰਸ਼ ਨੂੰ ਮੰਜ਼ਿਲ ਤੱਕ ਲੈ ਕੇ ਜਾਣ ਦਾ ਅਕਾਲ ਤਖ਼ਤ ਸਾਹਿਬ 'ਤੇ ਅਹਿਦ ਕੀਤਾ ਗਿਆ , ਖਾਲਿਸਤਾਨ ਐਲਾਨਨਾਮੇ ਦੀ 40ਵੀਂ ਵਰ੍ਹੇਗੰਢ 29 ਅਪ੍ਰੈਲ ਨੂੰ ਵੱਡੇ ਪੱਧਰ ਤੇ ਮਨਾਈ ਜਾਵੇਗੀ

ਨਵੀਂ ਦਿੱਲੀ 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ): ਚਾਰ ਆਜ਼ਾਦੀ ਪੱਖੀ ਸਿੱਖ ਜਥੇਬੰਦੀਆਂ– ਭਾਈ ਜਗਤਾਰ ਸਿੰਘ ਹਵਾਰਾ ਕਮੇਟੀ, ਦਲ ਖਾਲਸਾ, ਪੰਚ ਪ੍ਰਧਾਨੀ ਜਥਾ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ 26 ਜਨਵਰੀ 1986 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਏ ਸਰਬੱਤ ਖਾਲਸਾ ਦੀ 40ਵੀਂ ਯਾਦ ਸਾਂਝੇ ਤੌਰ 'ਤੇ ਮਨਾਈ ਗਈ। ਇਸ ਮੌਕੇ 26 ਜਨਵਰੀ 2026 ਵਾਲੇ ਦਿਨ ਸ੍ਰੀ ਅੰਮ੍ਰਿਤਸਰ ਵਿਖੇ ਗੁਰਦੁਆਰਾ ਸੰਤੋਖਸਰ ਸਾਹਿਬ ਦੇ ਨਜ਼ਦੀਕ ਇੱਕ ਸਾਂਝਾ ਸਮਾਗਮ ਕੀਤਾ ਗਿਆ। ਇਸ ਸਮਾਗਮ ਨੂੰ ਪ੍ਰੋਫੈਸਰ ਬਲਜਿੰਦਰ ਸਿੰਘ, ਸਾਬਕਾ ਮੈਂਬਰ ਪਾਰਲੀਮੈਂਟ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ, ਪੰਚ ਪ੍ਰਧਾਨੀ ਜਥੇ ਵੱਲੋਂ ਕਰਦਿਆਂ ਭਾਈ ਦਲਜੀਤ ਸਿੰਘ ਬਿੱਟੂ ਅਤੇ ਦਲ ਖਾਲਸਾ ਦੇ ਸਿਆਸੀ ਸਕੱਤਰ ਸ. ਕੰਵਰਪਾਲ ਸਿੰਘ ਨੇ ਸੰਬੋਧਨ ਕੀਤਾ। ਇਸ ਕਾਨਫਰੰਸ ਦੀ ਸਮਾਪਤੀ ਉਪਰੰਤ ਸਮੂਹ ਹਾਜ਼ਰੀਨ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਤੱਕ ਮਾਰਚ ਕੀਤਾ ਗਿਆ ਅਤੇ ਅਕਾਲ ਤਖਤ ਸਾਹਿਬ ਦੇ ਸਨਮੁਖ ਸਾਂਝਾ ਐਲਾਨਨਾਮਾ ਅਤੇ ਅਹਿਦ ਪੜ੍ਹੇ ਗਏ। ਸਾਂਝੇ ਐਲਾਨਨਾਮੇ ਨੂੰ ਪੜ੍ਹਨ ਦੀ ਜਿੰਮੇਵਾਰੀ ਚਾਰਾਂ ਜਥੇਬੰਦੀਆਂ ਵੱਲੋਂ ਦਲ ਖਾਲਸਾ ਦੇ ਕਾਰਜਕਾਰੀ ਪ੍ਰਧਾਨ ਭਾਈ ਪਰਮਜੀਤ ਸਿੰਘ ਮੰਡ ਨੇ ਨਿਭਾਈ। ਹੱਥਾਂ ਵਿੱਚ ਖਾਲਿਸਤਾਨ ਦੇ ਝੰਡੇ ਫੜ ਕੇ ਸੜਕਾਂ 'ਤੇ ਉਤਰੇ ਜਥੇਬੰਦੀਆਂ ਦੇ ਕਾਰਜਕਰਤਾਵਾਂ ਨੇ ਮਾਰਚ ਦੌਰਾਨ ਖਾਲਿਸਤਾਨ ਜਿੰਦਾਬਾਦ ਦੇ ਨਾਅਰੇ ਲਾਏ। ਇਸ ਐਲਾਨਨਾਮੇ ਵਿੱਚ ਸੰਸਾਰ ਭਰ ਦੇ ਪੰਥ ਪ੍ਰਸਤ ਜਥਿਆਂ ਤੇ ਸੰਸਥਾਵਾਂ ਨਾਲ ਸਲਾਹ-ਮਸ਼ਵਰਾ ਕਰ ਕੇ ਖ਼ਾਲਸਾ ਪੰਥ ਦੇ ਸਾਹਮਣੇ "ਸਰਬੱਤ ਖਾਲਸਾ" ਅਤੇ "ਗੁਰਮਤਾ" ਸੰਸਥਾਵਾਂ ਦੇ ਵਿਧੀ-ਵਿਧਾਨ ਤਿਆਰ ਕਰਕ ਸਿੱਖ ਜਗਤ ਦੇ ਸਨਮੁਖ ਪੇਸ਼ ਕਰਨ ਦਾ ਐਲਾਨ ਕੀਤਾ ਗਿਆ ਤਾਂ ਕਿ ਖਾਲਸਾ ਪੰਥ ਵਿਚ ਇਸ ਗੱਲ ਉੱਤੇ ਸਾਂਝੀ ਸਹਿਮਤੀ ਬਣਾਈ ਜਾ ਸਕੇ ਕਿ ਅੱਜ ਦੇ ਸਮੇਂ ਵਿੱਚ ਸਰਬੱਤ ਖ਼ਾਲਸਾ ਕਿਵੇਂ ਬੁਲਾਇਆ ਅਤੇ ਚਲਾਇਆ ਜਾਵੇ— ਜਿਸ ਤਹਿਤ ਖਾਲਸਾਈ ਰਿਵਾਇਤਾ ਤੇ ਅਸੂਲਾਂ ਮੁਤਾਬਕ ਭਾਗੀਦਾਰੀ ਤੇ ਨੁਮਾਇੰਦਗੀ ਪੈਮਾਨੇ, ਵਿਚਾਰ-ਵਟਾਂਦਰਾ, ਫ਼ੈਸਲਾ-ਕਰਨ ਦੀ ਪ੍ਰਕਿਰਿਆ, ਸੰਸਥਾਗਤ ਸੁਰੱਖਿਆ ਪ੍ਰਬੰਧ, ਪਾਰਦਰਸ਼ਤਾ ਦੇ ਮਿਆਰ, ਅਤੇ ਗੁਰਮਤੇ ਨੂੰ ਲਾਗੂ ਕਰਨ ਅਤੇ ਉਸ ਦੀ ਸਮੀਖਿਆ ਕਰਨ ਦੇ ਸਤਿਕਾਰਤ ਢੰਗ ਮਿੱਥੇ ਜਾਣਗੇ"।ਚਾਰ ਜਥੇਬੰਦੀਆਂ ਨੇ ਖਾਲਿਸਤਾਨ ਐਲਾਨਨਾਮੇ ਦੀ 40ਵੀਂ ਵਰ੍ਹੇਗੰਢ ਮੌਕੇ ਬੀਤੇ ਚਾਲੀਸਾਲਾਂ ਦੇ ਸੰਘਰਸ਼ ਦੇ ਤਜ਼ਰਬੇ, ਅਜੋਕੇ ਪੰਥਕ ਅਤੇ ਕੌਮਾਂਤਰੀ ਹਾਲਾਤਾਂ ਨੂੰ ਧਿਆਨ ਵਿਚ ਰੱਖਦਿਆਂ ਖਾਲਿਸਤਾਨ ਦੇ ਹਾਮੀ ਸਿੱਖ ਜਥਿਆਂ, ਜਥੇਬੰਦੀਆਂ, ਸੰਸਥਾਵਾਂ ਆਦਿ ਨਾਲ ਤਾਲਮੇਲ ਕਰਕੇ ਖਾਲਿਸਤਾਨ ਦੇ ਸੰਘਰਸ਼ ਦੀ ਭਵਿੱਖਤ ਰਣਨੀਤੀ ਬਾਰੇ 'ਇਕ ਸਾਂਝਾ ਨੀਤੀ ਦਸਤਾਵੇਜ਼' ਤਿਆਰ ਕਰਕੇ ਸਿੱਖ ਜਗਤ ਦੇ ਸਨਮੁਖ ਪੇਸ਼ ਕੀਤਾ ਜਾਵੇਗਾ। ਇਸ ਐਲਾਨਨਾਮੇ ਵਿਚ 'ਪੰਜਾਬ ਲਈ ਪ੍ਰਭੁਸੱਤਾ ਸੰਪੰਨ ਸੁਤੰਤਰ ਰਾਜ ਨਾਲ ਵਚਨਬੱਧਤਾ' ਅਤੇ 'ਨੌਜਵਾਨਾਂ ਦੇ ਹੱਥ ਵਾਗਡੋਰ ਸੌਂਪਣ' ਦੇ ਪ੍ਰਣ ਕੀਤੇ ਗਏ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਚਰਨਜੀਤ ਸਿੰਘ ਧਾਮੀ, ਜਸਵੀਰ ਸਿੰਘ ਖੰਡੂਰ, ਜਥੇਦਾਰ ਕੁਲਬੀਰ ਸਿੰਘ ਬੜਾਪਿੰਡ, ਅਮਰੀਕ ਸਿੰਘ ਈਸੜੂ ,ਬਾਬਾ ਹਰਦੀਪ ਸਿੰਘ ਮਹਿਰਾਜ, ਪਰਮਜੀਤ ਸਿੰਘ ਟਾਂਡਾ, ਸੁਰਜੀਤ ਸਿੰਘ ਖਾਲਿਸਤਾਨੀ, ਗੁਰਨਾਮ ਸਿੰਘ ਮੂਨਕਾ, ਭਾਈ ਨਰੈਣ ਸਿੰਘ ਚੌੜਾ, ਪ੍ਰੋ.ਜਗਮੋਹਨ ਸਿੰਘ, ਭਾਈ ਮਨਧੀਰ ਸਿੰਘ, ਐਡਵੋਕੇਟ ਜਸਪਾਲ ਸਿੰਘ ਮੰਝਪੁਰ, ਪਰਮਜੀਤ ਸਿੰਘ ਗਾਜੀ, ਭਾਈ ਬਲਬੀਰ ਸਿੰਘ ਭੂਤਨਾ, ਈਮਾਨ ਸਿੰਘ ਮਾਨ, ਪ੍ਰੋ.ਮਹਿੰਦਰਪਾਲ ਸਿੰਘ, ਉਪਕਾਰ ਸਿੰਘ ਸੰਧੂ, ਹਰਪਾਲ ਸਿੰਘ ਬਲੇਅਰ , ਹਰਦੀਪ ਸਿੰਘ ਨਾਰੀਕੇ, ਭਾਈ ਸਤਨਾਮ ਸਿੰਘ ਖੰਡਾਂ, ਸੁਖਦੀਪ ਸਿੰਘ ਮੀਕੇ, ਸਵਰਨ ਸਿੰਘ ਕੋਟ ਧਰਮੂੰ, ਭਾਈ ਜਰਨੈਲ ਸਿੰਘ ਹੁਸੈਨਪੁਰ, ਭਾਈ ਦਲਜੀਤ ਸਿੰਘ ਮੌਲਾ, ਹਰਨੇਕ ਸਿੰਘ ਫੌਜੀ, ਭੁਪਿੰਦਰ ਸਿੰਘ ਛੇ ਜੂਨ, ਜਸਪ੍ਰੀਤ ਸਿੰਘ, ਸੁਖਜੀਤ ਸਿੰਘ, ਰਵਿੰਦਰਪਾਲ ਸਿੰਘ, ਤੇਜਿੰਦਰਪਾਲ ਸਿੰਘ ਹਾਈਜੈਕਰ, ਗੁਰਦੀਪ ਸਿੰਘ ਖੁਣਖੁਣ, ਭਾਈ ਮੋਹਕਮ ਸਿੰਘ, ਅਖੰਡ ਕੀਰਤਨੀ ਜੱਥਾ ਦੇ ਮੁਖੀ ਭਾਈ ਬਖਸ਼ੀਸ਼ ਸਿੰਘ, ਮਨਜੀਤ ਸਿੰਘ ਭੋਮਾ,ਪ੍ਰੋਫੈਸਰ ਬਲਜਿੰਦਰ ਸਿੰਘ, ਭੁਪਿੰਦਰ ਸਿੰਘ ਭਲਵਾਨ, ਮਹਾਂਬੀਰ ਸਿੰਘ,ਮਨਦੀਪ ਸਿੰਘ ਸਿੱਧੂ, ਮਨਦੀਪ ਸਿੰਘ ਭਰਾਤਾ ਭਾਈ ਸੰਦੀਪ ਸਿੰਘ , ਨਵਦੀਪ ਸਿੰਘ ਜਲਵੇੜਾ ਅਤੇ ਰਣਜੀਤ ਸਿੰਘ ਦਮਦਮੀ ਟਕਸਾਲ ਵੀ



ਸ਼ਹੀਦ ਪਰਿਵਾਰਾਂ ਦੇ ਲਈ ਅੱਗੇ ਆਓ

(1) 1 ਅਪ੍ਰੈਲ 2025 ਤੋਂ ਫੋਟੋ 3100 ਰੁ. ਜਾਂ ਵੱਧ ਦੇਣ ਵਾਲੀ ਦੀ ਛਾਪੀ ਜਾਵੇਗੀ।
(2) ਨਗਦ ਅਤੇ ਡਰਾਫਟ ਦਫਤਰ 'ਚ 11 AM ਤੋਂ 8 PM ਤੱਕ ਦਿਉ।
(3) NEFT ਲਈ ਸਟੇਟ ਬੈਂਕ ਆਫ ਇੰਡੀਆ, ਤ੍ਰਿਪੜੀ ਪਟਿਆਲਾ, A/C No. 38112618259, IFSC Code : SBIN0011586.
(4) ਦਾਨੀ ਸੱਜਣ ਰਕਮ ਟ੍ਰਾਂਸਫਰ ਕਰਕੇ 98762-97268 ਜਾਂ 98557-32101 'ਤੇ ਵ੍ਹਟਸਐਪ ਕਰਨ ਅਤੇ ਆਪਣਾ ਆਧਾਰ ਨੰਬਰ ਜਾਂ ਪੈਨ ਨੰਬਰ ਨਾਲ ਜਰੂਰ ਭੇਜਣ।

ਸ਼ਹੀਦ ਪਰਿਵਾਰਾਂ ਦੇ ਫੰਡ ਲਈ ਸਹਾਇਤਾ ਇੱਥੇ ਭੇਜੋ:
SHRI HARKRISHAN CHARITABLE SOCIETY
SCO No. 976, Street No. 7, Opp. SBI Bank,
Tripuri, Patiala - 14701